Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 101 Chief Editor : Chowdhary Prabhjit Singh, Editor : Chhatarpal Singh 98146-32807, Sunday 4 October 2026 Price : 2 Rs. Page : 6

## ਏਸ਼ੀਅਨ ਗੇਮਜ਼-2026: ਭਾਰਤ ਨੇ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾਇਆ, ਟੀ-20 ਵਿੱਚ ਲਗਾਤਾਰ ਦੂਜਾ ਸੋਨ ਤਮਗਾ



**ਨਵੀਂ ਦਿੱਲੀ, 3 ਅਕਤੂਬਰ**
**-ਜਗਜੀਤ ਸਿੰਘ-**

ਏਸ਼ੀਅਨ ਗੇਮਜ਼-2026 ਦੇ ਪੁਰਸ਼ ਟੀ-20 ਕ੍ਰਿਕਟ ਮੁਕਾਬਲੇ ਵਿੱਚ ਭਾਰਤ ਨੇ ਪਾਕਿਸਤਾਨ ਨੂੰ 19 ਦੌੜਾਂ ਨਾਲ ਹਰਾ ਕੇ ਸੋਨ ਤਮਗਾ ਆਪਣੇ ਨਾਮ ਕਰ ਲਿਆ। ਇਸ ਜਿੱਤ ਦੇ ਨਾਲ ਭਾਰਤੀ ਟੀਮ ਨੇ ਏਸ਼ੀਅਨ ਗੇਮਜ਼ ਵਿੱਚ ਟੀ-20 ਕ੍ਰਿਕਟ ਦਾ ਖਿਤਾਬ ਲਗਾਤਾਰ ਦੂਜੀ ਵਾਰ ਜਿੱਤਿਆ ਹੈ। ਫਾਈਨਲ ਮੁਕਾਬਲੇ ਵਿੱਚ ਭਾਰਤ ਨੇ ਬੱਲੇਬਾਜ਼ੀ ਕਰਦਿਆਂ ਸ਼ੁਰੂ ਤੋਂ ਹੀ ਤੇਜ਼ ਰਫ਼ਤਾਰ ਬਣਾਈ ਰੱਖੀ। ਵੈਭਵ ਸੂਰਿਆਵੰਸ਼ੀ ਅਤੇ ਅਭਿਸ਼ੇਕ ਸ਼ਰਮਾ ਨੇ ਮਿਲ ਕੇ ਪਹਿਲੇ ਦੋ ਓਵਰਾਂ ਵਿੱਚ ਹੀ 28 ਦੌੜਾਂ ਜੋੜ ਕੇ ਟੀਮ ਨੂੰ ਚੰਗੀ ਸ਼ੁਰੂਆਤ ਦਿੱਤੀ। ਹਾਲਾਂਕਿ ਤੀਜੇ ਓਵਰ ਵਿੱਚ ਵੈਭਵ ਸੂਰਿਆਵੰਸ਼ੀ ਦੀ ਵਿਕਟ ਡਿੱਗ ਗਈ ਅਤੇ ਇਸ ਤੋਂ ਬਾਅਦ ਸੰਜੂ ਸੈਮਸਨ ਵੀ ਜ਼ਿਆਦਾ ਸਮਾਂ ਕ੍ਰੀਜ਼ 'ਤੇ ਨਹੀਂ ਟਿਕ ਸਕੇ। ਅਭਿਸ਼ੇਕ ਸ਼ਰਮਾ ਨੇ ਇਸ ਦੇ ਬਾਵਜੂਦ ਹਮਲਾਵਰ ਬੱਲੇਬਾਜ਼ੀ ਜਾਰੀ ਰੱਖੀ। ਉਨ੍ਹਾਂ ਨੇ ਸਿਰਫ਼ 20 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕੀਤਾ। ਅਭਿਸ਼ੇਕ ਨੇ 28 ਗੇਂਦਾਂ 'ਤੇ 61 ਦੌੜਾਂ ਦੀ ਤੇਜ਼ ਪਾਰੀ ਖੇਡ ਕੇ ਭਾਰਤੀ ਪਾਰੀ ਨੂੰ ਮਜ਼ਬੂਤੀ ਦਿੱਤੀ। ਭਾਰਤ ਵੱਲੋਂ ਦਿੱਤੇ ਟੀਚੇ ਦਾ ਪਿੱਛਾ ਕਰਦਿਆਂ ਪਾਕਿਸਤਾਨੀ ਟੀਮ ਨਿਰਧਾਰਤ ਟੀਚੇ ਤੱਕ ਨਹੀਂ ਪਹੁੰਚ ਸਕੀ। ਭਾਰਤੀ ਗੇਂਦਬਾਜ਼ਾਂ ਨੇ ਅਹਿਮ ਮੌਕਿਆਂ 'ਤੇ ਵਿਕਟਾਂ ਹਾਸਲ ਕਰਦਿਆਂ ਪਾਕਿਸਤਾਨ ਦੀ ਰਫ਼ਤਾਰ 'ਤੇ ਕਾਬੂ ਰੱਖਿਆ ਅਤੇ ਆਖ਼ਰਕਾਰ ਭਾਰਤ ਨੇ 19 ਦੌੜਾਂ ਨਾਲ ਜਿੱਤ ਦਰਜ ਕੀਤੀ। ਇਸ ਸੋਨ ਤਮਗੇ ਨਾਲ ਏਸ਼ੀਅਨ ਗੇਮਜ਼-2026 ਵਿੱਚ ਭਾਰਤ ਦੇ ਤਮਗਿਆਂ ਦੀ ਗਿਣਤੀ 19 ਸੋਨ, 26 ਚਾਂਦੀ ਅਤੇ 36 ਕਾਂਸੀ ਸਮੇਤ ਕੁੱਲ 81 ਹੋ ਗਈ ਹੈ। ਭਾਰਤ ਤਮਗਾ ਸੂਚੀ ਵਿੱਚ ਪੰਜਵੇਂ ਸਥਾਨ 'ਤੇ ਪਹੁੰਚ ਗਿਆ ਹੈ।

## ਪਰਗਟ ਸਿੰਘ ਅਕਾਲੀ ਦਲ ਵਿੱਚ ਹੁੰਦਿਆਂ ਨਸ਼ਿਆਂ ਅਤੇ 'ਬੇਅਦਬੀ' ਦੇ ਮੁੱਦੇ 'ਤੇ ਚੁੱਪ ਕਿਉਂ ਰਹੇ : ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 3 ਅਕਤੂਬਰ**
**-ਜੀ. ਐਸ. ਤੁੰਗ-**

ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸ਼ਨੀਵਾਰ ਨੂੰ ਨਵੇਂ ਬਣੇ ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਦੇ ਸਿਆਸੀ ਰਿਕਾਰਡ, ਖਾਸ ਕਰਕੇ ਅਕਾਲੀ ਦਲ (ਬਾਦਲ)-ਭਾਜਪਾ ਸਰਕਾਰ ਦੌਰਾਨ ਨਸ਼ਿਆਂ ਅਤੇ 'ਬੇਅਦਬੀ' 'ਤੇ ਉਨ੍ਹਾਂ ਦੀ ਚੁੱਪ ਅਤੇ ਪੰਜਾਬ ਦੇ ਸਿੱਖਿਆ ਅਤੇ ਖੇਡ ਮੰਤਰੀ ਵਜੋਂ ਉਨ੍ਹਾਂ ਦੇ ਕਾਰਜਕਾਲ 'ਤੇ ਸਵਾਲ ਚੁੱਕੇ ਹਨ।

ਪਰਗਟ ਸਿੰਘ ਦੀ ਪੰਜਾਬ ਕਾਂਗਰਸ ਪ੍ਰਧਾਨ ਵਜੋਂ ਨਿਯੁਕਤੀ 'ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਆਪ ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਉਨ੍ਹਾਂ ਨੂੰ ਇਹ ਸਪੱਸ਼ਟ ਕਰਨ ਲਈ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਣ ਦੌਰਾਨ



ਉਨ੍ਹਾਂ ਨੇ ਨਸ਼ਿਆਂ ਦੀ ਅਲਾਮਤ ਅਤੇ 'ਬੇਅਦਬੀ' ਦੀਆਂ ਘਟਨਾਵਾਂ ਵਿਰੁੱਧ ਆਵਾਜ਼ ਕਿਉਂ ਨਹੀਂ ਉਠਾਈ।

ਹਰਪਾਲ ਸਿੰਘ ਚੀਮਾ ਨੇ ਕਿਹਾ, ਅਕਾਲੀ ਦਲ (ਬਾਦਲ)-ਭਾਜਪਾ ਰਾਜ ਦੌਰਾਨ ਨਸ਼ੇ ਅਤੇ 'ਬੇਅਦਬੀ' ਪੰਜਾਬ ਦੇ ਸਭ ਤੋਂ ਵੱਡੇ ਸਿਆਸੀ ਮੁੱਦਿਆਂ ਵਿੱਚੋਂ ਸਨ, ਪਰ ਪਰਗਟ ਸਿੰਘ ਨੇ ਅਕਾਲੀ ਦਲ ਦਾ ਹਿੱਸਾ ਹੁੰਦਿਆਂ ਕਿਸੇ ਵੀ ਮੁੱਦੇ ਵਿਰੁੱਧ ਜਨਤਕ ਤੌਰ 'ਤੇ ਆਵਾਜ਼ ਨਹੀਂ ਉਠਾਈ। ਪੰਜਾਬ ਦੇ ਲੋਕ ਇਹ ਜਾਣਨ ਦੇ ਹੱਕਦਾਰ ਹਨ ਕਿ ਨਵੇਂ ਕਾਂਗਰਸ ਪ੍ਰਧਾਨ ਉਨ੍ਹਾਂ ਮੁੱਦਿਆਂ 'ਤੇ ਚੁੱਪ ਕਿਉਂ ਰਹੇ ਜੋ ਸੂਬੇ ਨੂੰ ਗੰਭੀਰਤਾ ਨਾਲ ਪ੍ਰਭਾਵਿਤ ਕਰਦੇ ਸਨ। ਸੀਨੀਅਰ ਆਪ ਆਗੂ ਨੇ ਅੱਗੇ ਕਿਹਾ, ਪਰਗਟ ਸਿੰਘ ਨੇ ਆਪ ਮੰਨਿਆ ਹੈ ਕਿ 'ਬੇਅਦਬੀ' ਦੇ ਮੁੱਦੇ 'ਤੇ ਕਾਂਗਰਸ ਦੇ ਅੰਦਰ ਦੋ ਧੜੇ ਸਨ: ਇੱਕ ਜੋ ਦੋਸ਼ੀਆਂ ਵਿਰੁੱਧ ਕਾਰਵਾਈ ਚਾਹੁੰਦਾ ਸੀ ਅਤੇ ਦੂਜਾ, ਉਨ੍ਹਾਂ ਦੇ ਅਨੁਸਾਰ, ਬਾਦਲਾਂ ਨੂੰ ਬਚਾ ਰਿਹਾ ਸੀ। ਅੱਜ ਕਾਂਗਰਸ ਪ੍ਰਧਾਨ ਵਜੋਂ ਪਰਗਟ ਸਿੰਘ ਨੂੰ ਪੰਜਾਬ ਨੂੰ ਦੱਸਣਾ ਚਾਹੀਦਾ ਹੈ ਕਿ ਉਹ ਕਿਸ ਧੜੇ ਦੀ ਅਗਵਾਈ ਕਰ ਰਹੇ ਹਨ; ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਚਾਹੁਣ ਵਾਲੇ ਦੀ ਜਾਂ ਬਾਦਲਾਂ ਨੂੰ ਬਚਾਉਣ ਵਾਲੇ ਦੀ।

ਸਿੱਖਿਆ ਮੰਤਰੀ ਵਜੋਂ ਪਰਗਟ ਸਿੰਘ ਦੇ ਕਾਰਜਕਾਲ 'ਤੇ ਬੋਲਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ, ਪਰਗਟ ਸਿੰਘ ਨੂੰ ਸਿੱਖਿਆ ਮੰਤਰੀ ਵਜੋਂ ਯੋਗ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕਰਨ ਅਤੇ ਪੀਪੀਐਸਸੀ ਰਾਹੀਂ 1,158 ਅਸਿਸਟੈਂਟ ਪ੍ਰੋਫੈਸਰਾਂ ਅਤੇ ਲਾਇਬ੍ਰੇਰੀਅਨਾਂ ਦੀ ਭਰਤੀ ਕਰਨ ਦੀ ਤਾਕੀਦ ਕੀਤੀ ਗਈ ਸੀ, ਪਰ ਇਤਰਾਜ਼ਾਂ ਦੇ ਬਾਵਜੂਦ ਇਹ ਪ੍ਰਕਿਰਿਆ ਅੱਗੇ ਵਧਾਈ ਗਈ।

## ਹੁਣ ਨਹੀਂ ਪਵੇਗੀ ਤਾਰੀਖ਼ 'ਤੇ ਤਾਰੀਖ਼ ਸਿਰਫ਼ 3 ਸਾਲਾਂ 'ਚ ਮਿਲੇਗਾ ਨਿਆਂ : ਅਮਿਤ ਸ਼ਾਹ

**ਭੋਪਾਲ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਸ਼ਨੀਵਾਰ ਨੂੰ ਕਿਹਾ ਕਿ ਭਾਰਤ ਦੀ ਨਿਆਂ ਵਿਵਸਥਾ ਕਦੇ 'ਤਾਰੀਖ਼ 'ਤੇ ਤਾਰੀਖ਼' ਲਈ ਜਾਣੀ ਜਾਂਦੀ ਸੀ ਪਰ ਨਵੇਂ ਅਪਰਾਧਕ ਕਾਨੂੰਨਾਂ ਦੇ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਬਾਅਦ ਐੱਫਆਈਆਰ ਦਰਜ ਹੋਣ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਤਿੰਨ ਸਾਲਾਂ 'ਚ ਨਿਆਂ ਦਿਵਾਉਣ ਦਾ ਪੂਰਾ ਕੰਮ ਹੋ ਜਾਵੇਗਾ। ਰਾਜ ਦੀ ਰਾਜਧਾਨੀ ਭੋਪਾਲ ਦੇ ਭੇਲ ਇਲਾਕੇ 'ਚ ਸਥਿਤ ਦੁਸਹਿਰਾ ਮੈਦਾਨ 'ਚ ਨਵੇਂ ਅਪਰਾਧਕ ਕਾਨੂੰਨਾਂ 'ਤੇ ਕੇਂਦਰਿਤ ਰਾਜ ਪੱਧਰੀ ਪ੍ਰਦਰਸ਼ਨੀ ਦਾ ਉਦਘਾਟਨ ਕਰਨ ਤੋਂ ਬਾਅਦ ਸ਼ਾਹ ਨੇ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਇਹ ਵੀ ਕਿਹਾ ਕਿ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ) ਦੇ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਬਾਅਦ ਦੇਸ਼ ਦੀ ਨਿਆਂ ਵਿਵਸਥਾ ਦੁਨੀਆ ਦੀਆਂ ਸਭ ਤੋਂ ਆਧੁਨਿਕ ਨਿਆਂ ਪ੍ਰਣਾਲੀਆਂ 'ਚ ਸ਼ਾਮਲ ਹੋਵੇਗੀ। ਸ਼ਾਹ ਨੇ ਦੇਸ਼ ਭਰ 'ਚ ਨਸ਼ੇ ਖ਼ਿਲਾਫ਼ ਜਾਰੀ ਮੁਹਿੰਮ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸਰਕਾਰ ਅਜਿਹੀ ਯੋਜਨਾ 'ਤੇ ਕੰਮ ਕਰ ਰਹੀ ਹੈ, ਜਿਸ ਨਾਲ 31 ਦਸੰਬਰ 2029 ਤੋਂ ਬਾਅਦ ਮੱਧ ਪ੍ਰਦੇਸ਼ 'ਚ ਨਸ਼ੇ ਲਈ ਕੋਈ ਜਗ੍ਹਾ ਨਹੀਂ ਬਚੇਗੀ।



ਉਨ੍ਹਾਂ ਕਿਹਾ,"ਭਾਰਤ ਦੀ ਨਿਆਂ ਵਿਵਸਥਾ ਕਦੇ 'ਤਾਰੀਖ਼ 'ਤੇ ਤਾਰੀਖ਼' ਦੇ ਤਾਅਨਿਆਂ ਲਈ ਜਾਣੀ ਜਾਂਦੀ ਸੀ ਪਰ ਹੁਣ ਨਵੇਂ ਅਪਰਾਧਕ ਕਾਨੂੰਨਾਂ ਦੇ ਪੂਰੀ ਤਰ੍ਹਾਂ ਲਾਗੂ ਹੋਣ ਤੋਂ ਬਾਅਦ ਐੱਫਆਈਆਰ ਦਰਜ ਹੋਣ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਤਿੰਨ ਸਾਲਾਂ 'ਚ ਨਿਆਂ ਦਿਵਾਉਣ ਦਾ ਕੰਮ ਹੋ ਜਾਵੇਗਾ।" ਕੇਂਦਰੀ ਮੰਤਰੀ ਨੇ ਕਿਹਾ ਕਿ ਤਿੰਨ ਨਵੇਂ ਕਾਨੂੰਨਾਂ 'ਚ ਵਿਗਿਆਨ, ਤਕਨਾਲੋਜੀ ਨੂੰ ਸ਼ਾਮਲ ਕਰਦੇ ਹੋਏ ਫੋਰੈਂਸਿਕ ਜਾਂਚ ਦੇ ਪ੍ਰਬੰਧਨ ਕੀਤੇ ਗਏ ਹਨ ਅਤੇ ਇਨ੍ਹਾਂ ਦੇ ਮਾਧਿਅਮ ਨਾਲ ਮਹਿਲਾ ਸੁਰੱਖਿਆ, 'ਮੌਬ ਲਿੰਚਿੰਗ' (ਭੀੜ ਹਿੰਸਾ), ਗੁੰਮਸ਼ੁਦਾ ਬੱਚਿਆਂ ਅਤੇ ਅੱਤਵਾਦ ਤੋਂ ਨਾਗਰਿਕਾਂ ਦੀ ਸੁਰੱਖਿਆ ਲਈ ਪ੍ਰਭਾਵੀ ਕਾਨੂੰਨੀ ਪ੍ਰਬੰਧ ਕੀਤੇ ਗਏ ਹਨ।

## ਪੰਜਾਬ ਕਾਂਗਰਸ ਪ੍ਰਧਾਨ ਬਣਨ ਮਗਰੋਂ ਸਚਿਨ ਪਾਇਲਟ ਨੂੰ ਮਿਲਣ ਪਹੁੰਚੇ ਪਰਗਟ ਸਿੰਘ

### ਪ੍ਰਧਾਨ ਬਣਨ ਮਗਰੋਂ ਪਰਗਟ ਸਿੰਘ ਨੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਟੇਕਿਆ ਮੱਥਾ





**ਚੰਡੀਗੜ੍ਹ 3 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੀ ਨਾਲ ਮੌਜੂਦ ਰਹੇ।

ਇਸ ਮੌਕੇ ਉਨ੍ਹਾਂ ਨੇ ਇਕ ਦੂਜੇ ਨੂੰ ਮਠਿਆਈ ਖੁਆ ਕੇ ਮੂੰਹ ਮਿੱਠਾ ਕਰਵਾਇਆ ਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਪਰਗਟ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਸਚਿਨ ਪਾਇਲਟ ਦੇ ਨਾਲ ਪੰਜਾਬ ਕਾਂਗਰਸ ਦੀ ਮਜ਼ਬੂਤੀ, ਸੰਗਠਨ ਅਤੇ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਹੈ।

ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਬਣਨ ਤੋਂ ਬਾਅਦ ਪਰਗਟ ਸਿੰਘ ਨੇ ਅੱਜ ਦਿੱਲੀ ਸਥਿਤ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।

ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਵਜੋਂ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਉਹ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਨਤਮਸਤਕ ਹੋਏ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਅੱਗੇ ਅਰਦਾਸ ਕੀਤੀ ਹੈ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਮਰਤਾ ਅਤੇ ਪੰਜਾਬ ਦੀ ਸੇਵਾ ਦੀ ਭਾਵਨਾ ਨਾਲ ਨਿਭਾ ਸਕਣ।

## ਪੈਟਰੋਲ 5 ਰੁਪਏ ਅਤੇ ਡੀਜ਼ਲ 3 ਰੁਪਏ ਪ੍ਰਤੀ ਲੀਟਰ ਹੋਇਆ ਮਹਿੰਗਾ

**ਨਵੀਂ ਦਿੱਲੀ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਦੀ ਸਭ ਤੋਂ ਵੱਡੀ ਨਿੱਜੀ ਬਾਲਣ ਪ੍ਰਚੂਨ ਵਿਕਰੇਤਾ ਨਾਇਰਾ ਐਨਰਜੀ ਨੇ ਪੈਟਰੋਲ ਦੀਆਂ ਕੀਮਤਾਂ ਵਿੱਚ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਵਿੱਚ ਤਿੰਨ ਰੁਪਏ ਪ੍ਰਤੀ ਲੀਟਰ ਦੀ ਤੁਰੰਤ ਪ੍ਰਭਾਵ ਨਾਲ ਵਾਧਾ ਕੀਤਾ ਹੈ। ਮਾਮਲੇ ਨਾਲ ਜੁੜੇ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ। ਬਾਲਣ ਪ੍ਰਚੂਨ ਵਿਕਰੇਤਾਵਾਂ 'ਤੇ ਉੱਚ ਗਲੋਬਲ(ਆਲਮੀ ਪੱਧਰ 'ਤੇ) ਊਰਜਾ ਕੀਮਤਾਂ ਕਾਰਨ ਬਣੇ ਨਵੇਂ ਦਬਾਅ ਦੇ ਵਿਚਕਾਰ ਇਹ ਤਾਜ਼ਾ ਵਾਧਾ ਕੀਤਾ ਗਿਆ ਹੈ।ਇਹ ਕਦਮ ਇਸ ਸਾਲ ਨਾਇਰਾ ਵੱਲੋਂ ਕੀਤੇ ਗਏ ਕੀਮਤਾਂ ਵਿੱਚ ਸੋਧ (ਮੁੱਲ ਸਮਾਯੋਜਨ) ਤੋਂ ਬਾਅਦ ਚੁੱਕਿਆ ਗਿਆ ਹੈ। ਸੂਤਰਾਂ ਨੇ ਦੱਸਿਆ ਕਿ ਦੇਸ਼ ਭਰ ਵਿੱਚ 7,108 ਪੈਟਰੋਲ ਪੰਪਾਂ ਦਾ ਸੰਚਾਲਨ ਕਰਨ ਵਾਲੀ ਨਾਇਰਾ ਨੇ ਸ਼ਨਿਚਰਵਾਰ ਦੇ ਸ਼ੁਰੂਆਤੀ ਘੰਟਿਆਂ ਤੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾ ਦਿੱਤੀਆਂ ਹਨ। ਇਸ ਸਾਲ ਦੀ ਸ਼ੁਰੂਆਤ ਵਿੱਚ ਜਦੋਂ ਇਰਾਨ ਸੰਘਰਸ਼ ਕਾਰਨ ਊਰਜਾ ਸਪਲਾਈ ਵਿੱਚ ਰੁਕਾਵਟ ਆਈ ਸੀ, ਤਾਂ ਅੰਤਰਰਾਸ਼ਟਰੀ ਤੇਲ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਦਾ ਬੋਝ ਖਪਤਕਾਰਾਂ 'ਤੇ ਪਾਉਣ ਵਾਲੀ ਨਾਇਰਾ ਪਹਿਲੀ ਬਾਲਣ ਪਰਚੂਨ ਵਿਕਰੇਤਾ ਸੀ। ਕੰਪਨੀ ਨੇ 26 ਮਾਰਚ ਨੂੰ ਪੈਟਰੋਲ ਦੀਆਂ ਕੀਮਤਾਂ ਵਿੱਚ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਤਿੰਨ ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਸੀ। ਇਸ ਤੋਂ ਬਾਅਦ ਜਨਤਕ ਖੇਤਰ ਦੀਆਂ ਬਾਲਣ ਪਰਚੂਨ ਕੰਪਨੀਆਂ ਨੇ ਮਈ ਵਿੱਚ ਪੰਪ ਕੀਮਤਾਂ ਵਿੱਚ ਵਾਧਾ ਕਰਨਾ ਸ਼ੁਰੂ ਕੀਤਾ ਸੀ। ਨਾਇਰਾ ਨੇ ਬਾਅਦ ਵਿੱਚ ਆਪਣੀ ਮਾਰਚ ਦੀ ਵਾਧੇ ਨੂੰ ਵਾਪਸ ਲੈ ਲਿਆ ਸੀ। ਪੱਛਮੀ ਏਸ਼ੀਆ ਵਿੱਚ ਤਣਾਅ ਘੱਟ ਹੋਣ ਤੋਂ ਬਾਅਦ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਨਰਮੀ ਆਉਣ 'ਤੇ ਕੰਪਨੀ ਨੇ 1 ਜੁਲਾਈ ਨੂੰ ਪੈਟਰੋਲ ਦੇ ਰੇਟ ਪੰਜ ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੇ ਰੇਟ ਤਿੰਨ ਰੁਪਏ ਪ੍ਰਤੀ ਲੀਟਰ ਘਟਾ ਦਿੱਤੇ ਸਨ।

## ਦਿਵਿਆਂਗ ਵਿਅਕਤੀਆਂ ਲਈ ਹੁਣ ਤੱਕ ਕਰੀਬ 255 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ:ਡਾ. ਬਲਜੀਤ ਕੌਰ

**ਚੰਡੀਗੜ੍ਹ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਦ੍ਰਿੜ੍ਹ ਵਚਨਬੱਧ ਹੈ। ਇਸੇ ਵਚਨਬੱਧਤਾ ਤਹਿਤ ਦਿਵਿਆਂਗ ਵਿਅਕਤੀਆਂ ਨੂੰ ਸਨਮਾਨ, ਸੁਰੱਖਿਆ ਅਤੇ ਆਤਮ-ਨਿਰਭਰ ਜੀਵਨ ਜਿਊਣ ਲਈ ਸਹਾਰਾ ਦੇਣ ਵਾਸਤੇ ਹੁਣ ਤੱਕ ਕਰੀਬ 255 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ। ਇਹ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੰਨਣਾ ਹੈ ਕਿ ਦਿਵਿਆਂਗਤਾ ਕਿਸੇ ਵੀ ਵਿਅਕਤੀ ਦੇ ਸੁਪਨਿਆਂ, ਸਨਮਾਨ ਅਤੇ ਤਰੱਕੀ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ।

## ਰਾਸ਼ਟਰਪਤੀ ਦਰੋਪਦੀ ਮੁਰਮੂ 6 ਅਕਤੂਬਰ ਨੂੰ ਪੰਜਾਬ ਦੌਰੇ 'ਤੇ ਆਉਣਗੇ, ਸ੍ਰੀ ਅਨੰਦਪੁਰ ਸਾਹਿਬ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ

**ਰੂਪਨਗਰ, 1 ਅਕਤੂਬਰ, (ਗੁਰਮੀਤ ਸਿੰਘ ਤੁੰਗ)** :ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦਰੋਪਦੀ ਮੁਰਮੂ 6 ਅਕਤੂਬਰ 2026 ਨੂੰ ਪੰਜਾਬ ਦੇ ਦੌਰੇ 'ਤੇ ਆਉਣਗੇ। ਇਸ ਦੌਰਾਨ ਉਹ ਸ੍ਰੀ ਅਨੰਦਪੁਰ ਸਾਹਿਬ ਸਥਿਤ ਦਸਮੇਸ਼ ਮਾਰਸ਼ਲ ਅਕੈਡਮੀ ਦਾ ਦੌਰਾ ਕਰਨਗੇ। ਇਸ ਤੋਂ ਬਾਅਦ ਰਾਸ਼ਟਰਪਤੀ ਵੱਲੋਂ ਹਿਮਾਚਲ ਪ੍ਰਦੇਸ਼ ਸਥਿਤ ਮਾਤਾ ਸ੍ਰੀ ਨੈਣਾ ਦੇਵੀ ਮੰਦਰ ਵਿਖੇ ਨਤਮਸਤਕ ਹੋਣ ਦਾ ਪ੍ਰੋਗਰਾਮ ਹੈ। ਰਾਸ਼ਟਰਪਤੀ ਦੇ ਦੌਰੇ ਨੂੰ ਧਿਆਨ ਵਿੱਚ ਰੱਖਦਿਆਂ ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਵਿਸ਼ੇਸ਼ ਸਾਵਧਾਨੀ ਵਰਤੀ ਜਾ ਰਹੀ ਹੈ। ਜ਼ਿਲ੍ਹਾ ਮੈਜਿਸਟਰੇਟ ਰੂਪਨਗਰ ਸ੍ਰੀ ਅਦਿੱਤਿਆ ਡੇਚਲਵਾਲ ਨੇ ਸ੍ਰੀ ਅਨੰਦਪੁਰ ਸਾਹਿਬ ਸਬ-ਡਵੀਜ਼ਨ ਦੇ ਖੇਤਰ ਵਿੱਚ 6 ਅਕਤੂਬਰ ਨੂੰ ਅਸਲਾ ਲੈ ਕੇ ਚੱਲਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਇਹ ਹੁਕਮ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਾਰੀ ਕੀਤੇ ਗਏ ਹਨ। ਹੁਕਮਾਂ ਅਨੁਸਾਰ 6 ਅਕਤੂਬਰ 2026 ਨੂੰ ਸ੍ਰੀ ਅਨੰਦਪੁਰ ਸਾਹਿਬ ਸਬ-ਡਵੀਜ਼ਨ ਦੀ ਹੱਦ ਵਿੱਚ ਕੋਈ ਵੀ ਵਿਅਕਤੀ ਅਸਲਾ ਲੈ ਕੇ ਨਹੀਂ ਚੱਲ ਸਕੇਗਾ।



ਉਨ੍ਹਾਂ ਸਪੱਸ਼ਟ ਕੀਤਾ ਕਿ ਰਾਸ਼ਟਰਪਤੀ ਦੇ ਦੌਰੇ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਇਹ ਪਾਬੰਦੀ ਲਗਾਈ ਗਈ ਹੈ। ਹਾਲਾਂਕਿ, ਸੁਰੱਖਿਆ ਪ੍ਰਬੰਧਾਂ ਦੀ ਡਿਊਟੀ 'ਤੇ ਤਾਇਨਾਤ ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਅਤੇ ਮਿਲਟਰੀ ਫੋਰਸ ਨੂੰ ਇਨ੍ਹਾਂ ਹੁਕਮਾਂ ਤੋਂ ਛੋਟ ਦਿੱਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਰਾਸ਼ਟਰਪਤੀ ਦੇ ਦੌਰੇ ਦੌਰਾਨ ਜਾਰੀ ਕੀਤੇ ਗਏ ਸੁਰੱਖਿਆ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਪ੍ਰਸ਼ਾਸਨ ਤੇ ਪੁਲਿਸ ਨੂੰ ਸਹਿਯੋਗ ਦੇਣ। ਅਧਿਕਾਰੀਆਂ ਵੱਲੋਂ ਦੌਰੇ ਨਾਲ ਸਬੰਧਤ ਸੁਰੱਖਿਆ ਪ੍ਰਬੰਧਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਇਹ ਹੁਕਮ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੇ ਅਤੇ 6 ਅਕਤੂਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਸਬ-ਡਵੀਜ਼ਨ ਵਿੱਚ ਲਾਗੂ ਰਹਿਣਗੇ।

## ਏਸ਼ੀਆਈ ਖੇਡਾਂ 'ਚ 17 ਸਾਲਾ ਕੁਮਕੁਮ ਮੋਹੋਦ ਦਾ ਕਮਾਲ, ਮਹਿਲਾ ਰਿਕਰਵ ਵਿਅਕਤੀਗਤ ਮੁਕਾਬਲੇ 'ਚ ਜਿੱਤਿਆ ਇਤਿਹਾਸਕ ਸੋਨ ਤਮਗਾ

**ਆਈਚੀ-ਨਾਗੋਯਾ [ਜਾਪਾਨ], 3 ਅਕਤੂਬਰ (ਹਰਸ਼ਪ੍ਰੀਤ ਕੌਰ)**: ਭਾਰਤ ਦੀ 17 ਸਾਲਾ ਤੀਰਅੰਦਾਜ਼ ਕੁਮਕੁਮ ਮੋਹੋਦ ਨੇ ਏਸ਼ੀਆਈ ਖੇਡਾਂ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਹਿਲਾ ਰਿਕਰਵ ਵਿਅਕਤੀਗਤ ਮੁਕਾਬਲੇ ਦਾ ਸੋਨ ਤਮਗਾ ਆਪਣੇ ਨਾਮ ਕਰ ਲਿਆ। ਇਸ ਜਿੱਤ ਨਾਲ ਉਹ ਏਸ਼ੀਆਈ ਖੇਡਾਂ ਦੇ ਇਤਿਹਾਸ ਵਿੱਚ ਮਹਿਲਾ ਵਿਅਕਤੀਗਤ ਰਿਕਰਵ ਮੁਕਾਬਲੇ ਵਿੱਚ ਤਮਗਾ ਜਿੱਤਣ ਵਾਲੀ ਪਹਿਲੀ ਭਾਰਤੀ ਬਣ ਗਈ ਹੈ। ਫਾਈਨਲ ਵਿੱਚ ਕੁਮਕੁਮ ਦਾ ਸਾਹਮਣਾ ਦੱਖਣੀ ਕੋਰੀਆ ਦੀ ਓ ਯੇਜਿਨ ਨਾਲ ਹੋਇਆ। ਪੰਜ ਸੈੱਟਾਂ ਤੋਂ ਬਾਅਦ ਦੋਵੇਂ ਤੀਰਅੰਦਾਜ਼ 5-5 ਦੀ ਬਰਾਬਰੀ 'ਤੇ ਰਹੀਆਂ, ਜਿਸ ਤੋਂ ਬਾਅਦ ਸੋਨ ਤਮਗੇ ਦਾ ਫੈਸਲਾ ਸ਼ੂਟ-ਆਫ ਰਾਹੀਂ ਹੋਇਆ। ਫੈਸਲਾਕੁੰਨ ਪਲ ਵਿੱਚ ਓ ਯੇਜਿਨ ਨੇ 8 ਅੰਕ ਹਾਸਲ ਕੀਤੇ, ਜਦਕਿ ਕੁਮਕੁਮ ਨੇ ਦਬਾਅ ਦੇ ਬਾਵਜੂਦ ਬਿਲਕੁਲ ਨਿਸ਼ਾਨੇ ਦੇ ਕੇਂਦਰ ਵਿੱਚ 10 ਅੰਕਾਂ ਦਾ ਤੀਰ ਮਾਰ ਕੇ ਸੋਨ ਤਮਗਾ ਪੱਕਾ ਕਰ ਦਿੱਤਾ।



ਮੁਕਾਬਲੇ ਦੀ ਸ਼ੁਰੂਆਤ ਵਿੱਚ ਓ ਯੇਜਿਨ ਨੇ ਪਹਿਲਾ ਸੈੱਟ 29-27 ਨਾਲ ਜਿੱਤ ਕੇ 2-0 ਦੀ ਬੜ੍ਹਤ ਬਣਾਈ। ਦੂਜਾ ਸੈੱਟ 29-29 ਨਾਲ ਬਰਾਬਰ ਰਿਹਾ, ਜਿਸ ਨਾਲ ਕੋਰੀਆਈ ਤੀਰਅੰਦਾਜ਼ ਦੀ ਬੜ੍ਹਤ 3-1 ਹੋ ਗਈ। ਇਸ ਤੋਂ ਬਾਅਦ ਕੁਮਕੁਮ ਨੇ ਜ਼ਬਰਦਸਤ ਵਾਪਸੀ ਕੀਤੀ। ਤੀਜੇ ਸੈੱਟ ਵਿੱਚ ਉਸ ਨੇ ਲਗਾਤਾਰ ਤਿੰਨ 10 ਦੇ ਨਿਸ਼ਾਨੇ ਲਗਾ ਕੇ 30 ਅੰਕ ਬਣਾਏ ਅਤੇ ਸੈੱਟ 30-29 ਨਾਲ ਜਿੱਤਦਿਆਂ ਸਕੋਰ 3-3 ਕਰ ਦਿੱਤਾ। ਚੌਥੇ ਸੈੱਟ ਵਿੱਚ ਓ ਯੇਜਿਨ ਨੇ 28-27 ਨਾਲ ਜਿੱਤ ਦਰਜ ਕਰਕੇ ਮੁੜ 5-3 ਦੀ ਬੜ੍ਹਤ ਹਾਸਲ ਕਰ ਲਈ। ਪੰਜਵੇਂ ਅਤੇ ਫੈਸਲਾਕੁੰਨ ਸੈੱਟ ਵਿੱਚ ਕੁਮਕੁਮ 'ਤੇ ਮੁਕਾਬਲਾ ਬਚਾਉਣ ਦਾ ਦਬਾਅ ਸੀ। ਪਰ ਉਸ ਨੇ ਤਿੰਨੋਂ ਤੀਰ 10 ਦੇ ਨਿਸ਼ਾਨੇ 'ਤੇ ਲਗਾ ਕੇ 30 ਅੰਕ ਹਾਸਲ ਕੀਤੇ, ਜਦਕਿ ਓ ਯੇਜਿਨ 28 ਅੰਕ ਹੀ ਬਣਾ ਸਕੀ। ਇਸ ਨਾਲ ਮੁਕਾਬਲਾ 5-5 ਦੀ ਬਰਾਬਰੀ 'ਤੇ ਪਹੁੰਚ ਗਿਆ ਅਤੇ ਫੈਸਲਾ ਸ਼ੂਟ-ਆਫ ਨਾਲ ਹੋਇਆ।

ਕੁਮਕੁਮ ਲਈ ਇਹ ਏਸ਼ੀਆਈ ਖੇਡਾਂ ਬੇਹੱਦ ਯਾਦਗਾਰ ਰਹੀਆਂ ਹਨ। ਇਸ ਤੋਂ ਪਹਿਲਾਂ ਉਹ ਮਹਿਲਾ ਰਿਕਰਵ ਟੀਮ ਮੁਕਾਬਲੇ ਵਿੱਚ ਅੰਕਿਤਾ ਭਕਤ ਅਤੇ ਕੀਰਤੀ ਸ਼ਰਮਾ ਨਾਲ ਮਿਲ ਕੇ ਸੋਨ ਤਮਗਾ ਜਿੱਤ ਚੁੱਕੀ ਹੈ। ਭਾਰਤੀ ਟੀਮ ਨੇ ਫਾਈਨਲ ਵਿੱਚ ਦੱਖਣੀ ਕੋਰੀਆ ਨੂੰ 5-3 ਨਾਲ ਹਰਾਇਆ ਸੀ। ਇਸ ਤੋਂ ਇਲਾਵਾ ਕੁਮਕੁਮ ਨੇ ਧੀਰਜ ਬੋਮਾਦੇਵਰਾ ਨਾਲ ਮਿਲ ਕੇ ਮਿਕਸਡ ਰਿਕਰਵ ਟੀਮ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਵੀ ਜਿੱਤਿਆ। ਵਿਅਕਤੀਗਤ ਮੁਕਾਬਲੇ ਵਿੱਚ ਵੀ ਕੁਮਕੁਮ ਦਾ ਸਫ਼ਰ ਸ਼ਾਨਦਾਰ ਰਿਹਾ। ਕੁਆਰਟਰ ਫਾਈਨਲ ਵਿੱਚ ਉਸ ਨੇ ਦੱਖਣੀ ਕੋਰੀਆ ਦੀ ਵਿਸ਼ਵ ਅਤੇ ਓਲੰਪਿਕ ਚੈਂਪੀਅਨ ਕਾਂਗ ਚਾਏਯੰਗ ਨੂੰ 6-4 ਨਾਲ ਹਰਾਇਆ। ਇਸ ਤੋਂ ਬਾਅਦ ਸੈਮੀਫਾਈਨਲ ਵਿੱਚ ਚੀਨ ਦੀ ਵਿਸ਼ਵ ਚੈਂਪੀਅਨਸ਼ਿਪ ਦੀ ਚਾਂਦੀ ਤਮਗਾ ਜੇਤੂ ਝੂ ਜਿੰਗਈ ਨੂੰ 6-2 ਨਾਲ ਮਾਤ ਦੇ ਕੇ ਫਾਈਨਲ ਵਿੱਚ ਜਗ੍ਹਾ ਬਣਾਈ।







ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com

SHAHEEDEAZAMNEWS.COM
PRINT & DIGITAL MEDIA

शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

## ਸੰਪਾਦਕੀ

### ਰੇਡੀਏਸ਼ਨ ਤੋਂ ਇਹਤਿਆਤ ਅਹਿਮ, ਬਾਖ਼ਬਰ ਰਹੇ ਦੂਰ ਰਹੇ ਵਹਿਮ।

ਅੱਜ ਦਾ ਮਨੁੱਖ ਰੇਡੀਏਸ਼ਨ ਨਾਲ ਘਿਰਿਆ ਹੋਇਆ ਹੈ, ਪਰ ਇਸ ਦਾ ਮਤਲਬ ਇਹ ਨਹੀਂ ਕਿ ਹਰ ਰੇਡੀਏਸ਼ਨ ਖ਼ਤਰਨਾਕ ਹੈ। ਮੋਬਾਈਲ ਫੋਨ, ਮੋਬਾਈਲ ਟਾਵਰ, ਵਾਈ-ਫਾਈ, ਬਿਜਲੀ ਦੇ ਉਪਕਰਨ, ਰੇਡੀਓ-ਟੈਲੀਵਿਜ਼ਨ ਸਿਗਨਲ ਅਤੇ ਹਸਪਤਾਲਾਂ ਦੇ ਐਕਸ-ਰੇ ਤੇ ਸੀਟੀ ਸਕੈਨ ਸਾਡੇ ਰੋਜ਼ਾਨਾ ਜੀਵਨ ਦਾ ਹਿੱਸਾ ਬਣ ਚੁੱਕੇ ਹਨ। ਅਸਲ ਮੁੱਦਾ ਹੈ ਕਿ ਕਿਸ ਕਿਸਮ ਦੀ ਰੇਡੀਏਸ਼ਨ, ਕਿੰਨੀ ਮਾਤਰਾ, ਕਿੰਨੇ ਸਮੇਂ ਅਤੇ ਕਿਸ ਤਰੀਕੇ ਨਾਲ ਸਰੀਰ ਤੱਕ ਪਹੁੰਚ ਰਹੀ ਹੈ। ਮੋਬਾਈਲ ਟਾਵਰ ਰੇਡੀਓਫ੍ਰੀਕਵੈਂਸੀ, ਭਾਵ ਗੈਰ-ਆਇਨੀਕਰਨ ਕਿਰਣਾਂ, ਵਰਤਦੇ ਹਨ। ਵਿਸ਼ਵ ਸਿਹਤ ਸੰਗਠਨ ਅਨੁਸਾਰ ਜਨਤਕ ਤੌਰ 'ਤੇ ਪਹੁੰਚਯੋਗ ਥਾਵਾਂ 'ਤੇ ਬੇਸ-ਸਟੇਸ਼ਨ ਤੋਂ ਰੇਡੀਓਫ੍ਰੀਕਵੈਂਸੀ ਦੀ ਮਾਤਰਾ ਆਮ ਤੌਰ 'ਤੇ ਨਿਰਧਾਰਤ ਸੁਰੱਖਿਆ ਹੱਦਾਂ ਤੋਂ ਕਾਫ਼ੀ ਹੇਠਾਂ ਹੁੰਦੀ ਹੈ। ਟਾਵਰ ਦੇ ਐਂਟੀਨਾ ਦੇ ਬਿਲਕੁਲ ਸਾਹਮਣੇ ਨਜ਼ਦੀਕੀ ਦੂਰੀ 'ਤੇ ਪਹੁੰਚ 'ਤੇ ਪਾਬੰਦੀਆਂ ਇਸੇ ਲਈ ਮਹੱਤਵਪੂਰਨ ਹਨ।

ਭਾਰਤ ਵਿੱਚ ਦੂਰਸੰਚਾਰ ਵਿਭਾਗ ਨੇ ਮੋਬਾਈਲ ਬੇਸ-ਸਟੇਸ਼ਨਾਂ ਲਈ ਈਐਮਐਫ ਐਕਸਪੋਜ਼ਰ ਸੀਮਾਵਾਂ ਨਿਰਧਾਰਤ ਕੀਤੀਆਂ ਹਨ ਅਤੇ ਵਿਭਾਗ ਦੇ ਦਸਤਾਵੇਜ਼ਾਂ ਮੁਤਾਬਕ ਇਹ ਸੀਮਾਵਾਂ ਆਈ ਸੀ ਐਨ ਆਰ ਪੀ ਦੀਆਂ ਅੰਤਰਰਾਸ਼ਟਰੀ ਹੱਦਾਂ ਦੇ ਇੱਕ-ਦਸਵੇਂ ਹਿੱਸੇ 'ਤੇ ਰੱਖੀਆਂ ਗਈਆਂ ਹਨ। ਇਸ ਲਈ ਹਰ ਟਾਵਰ ਨੂੰ ਕੈਂਸਰ ਜਾਂ ਹੋਰ ਬਿਮਾਰੀਆਂ ਦਾ ਸਿੱਧਾ ਕਾਰਨ ਦੱਸਣਾ ਵਿਗਿਆਨਕ ਤੌਰ 'ਤੇ ਠੀਕ ਨਹੀਂ। ਵਿਸ਼ਵ ਸਿਹਤ ਸੰਸਥਾ ਦੀ ਮੌਜੂਦਾ ਸਮੀਖਿਆ ਮੁਤਾਬਕ ਨਿਰਧਾਰਤ ਅੰਤਰਰਾਸ਼ਟਰੀ ਹੱਦਾਂ ਤੋਂ ਹੇਠਾਂ ਈਐਮਐਫ ਐਕਸਪੋਜ਼ਰ ਨਾਲ ਸਿਹਤ 'ਤੇ ਕੋਈ ਜਾਣਿਆ ਹੋਇਆ ਨੁਕਸਾਨ ਸਾਬਤ ਨਹੀਂ ਹੋਇਆ।

ਇੱਥੇ ਮੋਬਾਈਲ ਫੋਨ ਦੀ ਵਰਤੋਂ ਇਕ ਵੱਖਰਾ ਮਾਮਲਾ ਹੈ। ਟਾਵਰ ਨਾਲੋਂ ਮੋਬਾਈਲ ਫੋਨ ਸਰੀਰ ਦੇ ਬਹੁਤ ਨੇੜੇ ਹੁੰਦਾ ਹੈ। ਖ਼ਾਸ ਕਰਕੇ ਲੰਬੇ ਸਮੇਂ ਤੱਕ ਕੰਨ ਨਾਲ ਲਗਾ ਕੇ ਗੱਲ ਕਰਨ ਵੇਲੇ ਸਿਰ ਦੇ ਨੇੜੇ ਰੇਡੀਓਫ੍ਰੀਕਵੈਂਸੀ ਐਕਸਪੋਜ਼ਰ ਵੱਧ ਹੁੰਦਾ ਹੈ। ਵਿਸ਼ਵ ਸਿਹਤ ਸੰਸਥਾ ਮੁਤਾਬਕ ਹੁਣ ਤੱਕ ਉਪਲਬਧ ਸਮੁੱਚੇ ਸਬੂਤ ਮੋਬਾਈਲ ਫੋਨ ਦੀ ਵਰਤੋਂ ਨੂੰ ਮਨੁੱਖੀ ਸਿਹਤ ਲਈ ਸਪਸ਼ਟ ਤੌਰ 'ਤੇ ਹਾਨੀਕਾਰਕ ਸਾਬਤ ਨਹੀਂ ਕਰਦੇ। ਫਿਰ ਵੀ ਸਾਵਧਾਨੀ ਮੁਫ਼ਤ ਹੈ ਵਰਤ ਲੈਣੀ ਚਾਹੀਦੀ ਹੈ। ਲੰਬੀਆਂ ਕਾਲਾਂ ਲਈ ਸਪੀਕਰ ਜਾਂ ਹੈਂਡਸ-ਫ੍ਰੀ ਵਰਤਣਾ, ਫੋਨ ਨੂੰ ਸਰੀਰ ਨਾਲ ਲਗਾਤਾਰ ਨਾ ਰੱਖਣਾ ਅਤੇ ਕਮਜ਼ੋਰ ਸਿਗਨਲ ਵਿੱਚ ਬੇਲੋੜੀਆਂ ਲੰਬੀਆਂ ਕਾਲਾਂ ਤੋਂ ਬਚਣਾ ਸਮਝਦਾਰੀ ਹੈ।

ਐਕਸ-ਰੇ, ਸੀਟੀ ਅਤੇ ਫਲੋਰੋਸਕੋਪੀ ਆਇਨੀਕਰਨ ਕਿਰਣਾਂ ਵਰਤਦੇ ਹਨ। ਇਹ ਰੇਡੀਏਸ਼ਨ ਡੀਐਨਏ ਨੂੰ ਨੁਕਸਾਨ ਪਹੁੰਚਾਉਣ ਦੀ ਸਮਰੱਥਾ ਰੱਖਦੀ ਹੈ ਅਤੇ ਵਾਰ-ਵਾਰ ਜਾਂ ਵੱਧ ਡੋਜ਼ ਨਾਲ ਜ ਿਵਨਕਾਲ ਵਿੱਚ ਕੈਂਸਰ ਦੇ ਖ਼ਤਰੇ ਵਿੱਚ ਥੋੜ੍ਹਾ ਵਾਧਾ ਹੋ ਸਕਦਾ ਹੈ। ਸੀਟੀ ਦੀ ਡੋਜ਼ ਆਮ ਐਕਸ-ਰੇ ਨਾਲੋਂ ਵੱਧ ਹੁੰਦੀ ਹੈ। ਪਰ ਇਸ ਦਾ ਅਰਥ ਇਹ ਨਹੀਂ ਕਿ ਮਰੀਜ਼ ਲੋੜੀਂਦਾ ਸੀਟੀ ਜਾਂ ਐਕਸ -ਰੇ ਨਾ ਕਰਵਾਏ। ਜਦੋਂ ਮੈਡੀਕਲ ਤੌਰ 'ਤੇ ਜਾਂਚ ਜ਼ਰੂਰੀ ਹੋਵੇ ਤਾਂ ਇਸ ਦਾ ਲਾਭ ਆਮ ਤੌਰ 'ਤੇ ਜੋਖ਼ਮ ਨਾਲੋਂ ਕਾਫ਼ੀ ਵੱਧ ਹੁੰਦਾ ਹੈ। ਬੇਲੋੜੀਆਂ ਜਾਂਚਾਂ ਤੋਂ ਬਚਣਾ ਅਤੇ ਰੇਡੀਏਸ਼ਨ ਡੋਜ਼ ਨੂੰ ਵਾਜਬ ਤੌਰ 'ਤੇ ਜਿੰਨਾ ਘੱਟ ਰੱਖਿਆ ਜਾ ਸਕੇ, ਉੰਨਾ ਘੱਟ ਰੱਖਣਾ ਮੁੱਖ ਸਿਧਾਂਤ ਹੈ।

ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਆਮ ਲੋਕ ਆਇਨੀਕਰਨ ਕਿਰਣਾਂ / ਗੈਰ-ਆਇਨੀਕਾਰੀ ਕਿਰਣ ਵਿਚਲਾ ਫ਼ਰਕ ਨਹੀਂ ਜਾਣਦੇ। ਇੱਕ ਪਾਸੇ ਟਾਵਰ ਨੂੰ ਦੇਖ ਕੇ ਡਰ ਪੈਦਾ ਕੀਤਾ ਜਾਂਦਾ ਹੈ, ਦੂਜੇ ਪਾਸੇ ਲੋੜ ਤੋਂ ਬਿਨਾਂ ਮੋਬਾਈਲ ਦੀ ਵਰਤੋਂ ਅਤੇ ਬੇਲੋੜੀਆਂ ਮੈਡੀਕਲ ਜਾਂਚਾਂ ਨੂੰ ਹਲਕੇ ਵਿੱਚ ਲਿਆ ਜਾਂਦਾ ਹੈ। ਇਸ ਲਈ ਭਾਰਤ ਵਿੱਚ ਲੋੜ ਰੇਡੀਏਸ਼ਨ ਮੁਕਤ ਸਮਾਜ ਦੀ ਨਹੀਂ, ਸਗੋਂ ਰੇਡੀਏਸ਼ਨ ਜਾਗਰੂਕ ਸਮਾਜ ਦੀ ਹੈ। ਟਾਵਰਾਂ ਦੀ ਨਿਯਮਤ ਨਿਗਰਾਨੀ, ਹਸਪਤਾਲਾਂ ਵਿੱਚ ਰੇਡੀਏਸ਼ਨ ਸਾਵਧਾਨੀ ਦਾ ਪ੍ਰੋਟੋਕੋਲ, ਮਰੀਜ਼ਾਂ ਨੂੰ ਜਾਂਚ ਦੀ ਲੋੜ ਅਤੇ ਡੋਜ਼ ਬਾਰੇ ਜਾਣਕਾਰੀ ਅਤੇ ਲੋਕਾਂ ਵਿੱਚ ਵਿਗਿਆਨਕ ਜਾਗਰੂਕਤਾ। ਇਹੀ ਹੀ ਇਕਮਾਤਰ ਰਸਤਾ ਹੈ।

ਰੇਡੀਏਸ਼ਨ ਅਦਿੱਖ ਹੈ, ਪਰ ਇਸ ਨਾਲ ਜੁੜੇ ਫ਼ੈਸਲੇ ਅੰਧਵਿਸ਼ਵਾਸ ਜਾਂ ਡਰ ਨਾਲ ਨਹੀਂ ਮਾਪ, ਮਿਆਰ, ਵਿਗਿਆਨ ਅਤੇ ਸਾਵਧਾਨੀ ਨਾਲ ਹੋਣੇ ਚਾਹੀਦੇ ਹਨ।






Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸ਼ਹਾਦਤ ਦਾ ਸਤਿਕਾਰ, ਗੁਰਦੁਆਰਾ ਸੱਭਿਆਚਾਰ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਸਿੱਖ ਇਤਿਹਾਸ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ। ਗੁਰੂ ਅਰਜਨ ਦੇਵ ਜੀ ਮਹਾਰਾਜ ਤੋਂ ਲੈ ਕੇ ਗੁਰੂ ਤੇਗ਼ ਬਹਾਦਰ ਸਾਹਿਬ ਜੀ ਮਹਾਰਾਜ, ਛੋਟੇ ਸਾਹਿਬਜ਼ਾਦਿਆਂ, ਵੱਡੇ ਸਾਹਿਬਜ਼ਾਦਿਆਂ, ਚਮਕੌਰ ਦੇ ਸ਼ਹੀਦਾਂ, ਬਾਬਾ ਦੀਪ ਸਿੰਘ ਜੀ ਅਤੇ ਅਣਗਿਣਤ ਸਿੰਘ-ਸਿੰਘਣੀਆਂ ਤੱਕ, ਸਿੱਖ ਪਰੰਪਰਾ ਨੇ ਸੱਚ, ਧਰਮ, ਨਿਆਂ ਅਤੇ ਮਨੁੱਖੀ ਆਜ਼ਾਦੀ ਲਈ ਆਪਣਾ ਸਭ ਕੁਝ ਵਾਰਨ ਵਾਲਿਆਂ ਨੂੰ ਅਦੁੱਤੀ ਸਤਿਕਾਰ ਦਿੱਤਾ ਹੈ।

ਇਸ ਆਰਟੀਕਲ ਲਿਖਣ ਦੇ ਮੂਡ ਤਹਿਤ ਦਾਸ ਨੂੰ ਪੁੱਛੇ ਸਵਾਲਾਂ ਮੁਤਾਬਿਕ:-

ਕੀ ਸ਼ਹੀਦ ਦਾ ਸਤਿਕਾਰ ਕਰਨਾ ਅਤੇ ਸ਼ਹੀਦ ਦੀ ਉਸਤਤ ਕਰਨਾ ਇੱਕੋ ਗੱਲ ਹੈ?

ਕੀ ਕਿਸੇ ਸ਼ਹੀਦ ਦੀ ਯਾਦ ਵਿੱਚ ਗੁਰਦੁਆਰਾ ਬਣਾਉਣਾ ਉਸ ਦੀ ਧਾਰਮਿਕ ਉਪਾਸਨਾ ਹੈ?

ਕੀ ਕਿਸੇ ਸ਼ਹੀਦ ਨੂੰ ਪੂਜਣਾ ਗੁਰਮਤਿ ਦੀ ਭਾਸ਼ਾ ਹੈ?

ਅਤੇ ਖਾਸ ਬੁੱਧੀਜੀਵੀਆਂ ਵੱਲੋਂ ਸਭ ਤੋਂ ਵੱਡਾ ਪ੍ਰਸ਼ਨ: ਜੇਕਰ ਅਕਾਲ ਹੀ ਅਕਾਲ ਹੈ ਤਾਂ

ਕੀ ਸਿੱਖੀ ਵਿੱਚ ਸ਼ਹਾਦਤ ਦੀ ਮਹਾਨਤਾ ਇੰਨੀ ਹੈ ਕਿ ਸ਼ਹੀਦ ਆਪ ਧਾਰਮਿਕ ਉਪਾਸਨਾ ਦਾ ਕੇਂਦਰ ਬਣ ਜਾਵੇ, ਜਾਂ ਉਸ ਦੀ ਸ਼ਹਾਦਤ ਸਾਨੂੰ ਮੁੜ ਗੁਰੂ, ਗੁਰਬਾਣੀ ਅਤੇ ਅਕਾਲ ਪੁਰਖ ਵੱਲ ਲੈ ਜਾਣੀ ਹੈ?

ਇਨ੍ਹਾਂ ਸਵਾਲਾਂ ਦਾ ਉੱਤਰ ਭਾਵਨਾਵਾਂ ਨਾਲ ਨਹੀਂ, ਗੁਰਬਾਣੀ, ਗੁਰਮਤਿ ਅਤੇ ਪ੍ਰਮਾਣਿਕ ਪੰਥਕ ਪਰੰਪਰਾ ਦੀ ਕਸੌਟੀ ਨਾਲ ਦੇਣਾ ਇੱਥੇ ਅਤਿ ਜਰੂਰੀ ਹੈ।

ਸ਼ਹਾਦਤ ਦੀ ਪਹਿਲੀ ਪੌੜੀ — ਸਿਰ ਦੇਣਾ, ਸੱਚ ਨਾ ਛੱਡਣਾ ਹੈ।

ਗੁਰੂ ਨਾਨਕ ਸਾਹਿਬ ਦਾ ਅਮਰ ਬਚਨ ਹੈ:

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥
ਅੰਗ 1412

ਇੱਥੇ ਸਿਰ ਦੇਣਾ ਕੇਵਲ ਸਰੀਰਕ ਮੌਤ ਦਾ ਪ੍ਰਤੀਕ ਨਹੀਂ। ਇਹ ਉਸ ਅਡੋਲਤਾ ਦਾ ਸੰਕੇਤ ਹੈ ਜਿਸ ਵਿੱਚ ਮਨੁੱਖ ਸੱਚੇ ਮਾਰਗ 'ਤੇ ਚੱਲਣ ਲਈ ਆਪਣੀ ਹਉਮੈ, ਸੁਆਰਥ, ਡਰ ਅਤੇ ਨਿੱਜੀ ਲਾਭ ਤੱਕ ਵਾਰਨ ਲਈ ਤਿਆਰ ਹੁੰਦਾ ਹੈ। ਇਸੇ ਕਰਕੇ ਗੁਰਬਾਣੀ ਵਿੱਚ ਸ਼ਹਾਦਤ ਨੂੰ ਸਮਝਣ ਦੀ ਪਹਿਲੀ ਕੁੰਜੀ ਪ੍ਰੇਮ ਅਤੇ ਸਿੱਖੀ ਸਿਧਾਂਤ ਪ੍ਰਤੀ ਅਡੋਲਤਾ ਹੈ।

ਸ਼ਹੀਦ ਦਾ ਸਿਰ ਗਿਆ, ਪਰ ਜਿਸ ਸੱਚ ਲਈ ਸਿਰ ਗਿਆ, ਉਹ ਸੱਚ ਹੀ ਅਸਲ ਕੇਂਦਰ ਹੈ।

ਇੱਥੇ ਇਹੀ ਫ਼ਰਕ ਸਮਝਣਾ ਹੈ।

ਸ਼ਹੀਦ ਮਾਰਗ ਦੀ ਸ਼ਹਾਦਤ (ਗਵਾਹ) ਹੈ; ਮਾਰਗ ਦਾ ਮਾਲਕ ਨਹੀਂ।

ਸੱਚ ਤੋਂ ਵੀ ਉੱਚਾ ਸੱਚਾ ਆਚਰਨ ਦੇ ਸਿਧਾਂਤ ਤੇ:

ਗੁਰੂ ਨਾਨਕ ਸਾਹਿਬ ਫ਼ਰਮਾਉਂਦੇ ਹਨ:

ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ ॥
ਅੰਗ 62

ਗੁਰਬਾਣੀ ਦੀ ਇਹ ਪੰਕਤੀ ਸ਼ਹਾਦਤ ਦੇ ਫ਼ਲਸਫ਼ੇ ਨੂੰ ਬਹੁਤ ਡੂੰਘਾਈ ਦਿੰਦੀ ਹੈ। ਸੱਚ ਬੋਲਣਾ ਮਹੱਤਵਪੂਰਨ ਹੈ, ਪਰ ਉਸ ਸੱਚ ਨੂੰ ਸਿੱਖੀ ਸਿਧਾਂਤ ਤਹਿਤ ਆਚਰਨ ਵਿੱਚ ਉਤਾਰ ਲੈਣਾ ਉਸ ਤੋਂ ਵੀ ਉੱਚਾ ਹੈ।

ਇਸ ਲਈ ਸ਼ਹੀਦ ਦੀ ਅਸਲ ਯਾਦ ਉਸ ਦੀ ਤਸਵੀਰ ਲਗਾਉਣ ਜਾਂ ਉਸ ਦੇ ਨਾਮ ਦੀ ਇਮਾਰਤ ਬਣਾਉਣ ਨਾਲ ਪੂਰੀ ਨਹੀਂ ਹੁੰਦੀ।

ਉਸ ਸ਼ਹੀਦ ਨੇ ਸੱਚ ਲਈ ਸਿਰ ਦਿੱਤਾ ਸੀ ਉਸ ਦੀ ਯਾਦ ਦਾ ਸਭ ਤੋਂ ਵੱਡਾ ਸਤਿਕਾਰ ਉਸੇ ਹੀ ਸੱਚ ਨੂੰ ਆਪਣੇ ਜੀਵਨ ਵਿੱਚ ਲਿਆਉਣਾ ਹੈ

ਸ਼ਹੀਦ ਨੇ ਜਿਸ ਜ਼ੁਲਮ ਦੇ ਵਿਰੁੱਧ ਖੜ੍ਹ / ਲੜ ਕੇ ਸ਼ਹਾਦਤ ਦਿੱਤੀ ਹੈ ਉਸ ਦੀ ਯਾਦ ਦਾ ਅਰਥ ਅੱਜ ਦੇ ਜ਼ੁਲਮ ਦੇ ਸਾਹਮਣੇ ਵੀ ਸੱਚਾ ਆਚਰਨ ਕਾਇਮ ਰੱਖਣਾ ਹੈ

ਸਿੱਖ ਪੰਥ ਦਾ ਮੂਲ ਆਧਾਰ ਤਹਿਤ ਸ਼ਹੀਦ ਦੀ ਮਹਾਨਤਾ ਅਤੇ ਅਕਾਲ ਪੁਰਖ ਦੀ ਉਸਤਤ, ਇਹ ਦੋ ਵੱਖਰੇ ਪੱਧਰ ਹਨ।

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਇੱਥੇ ਉਸਤਤ ਦਾ ਮੂਲ ਕੇਂਦਰ ਇਕ, ਅਜੂਨੀ, ਅਕਾਲ ਅਤੇ ਸੈਭੰ' ਭਾਵ ਅਕਾਲ ਪੁਰਖ ਹੈ।

ਗੁਰਬਾਣੀ ਇਨਸਾਨ ਨੂੰ ਸੰਤਾਂ, ਭਗਤਾਂ ਅਤੇ ਗੁਰਮੁਖਾਂ ਦੀ ਸੰਗਤ ਅਤੇ ਉਨ੍ਹਾਂ ਦੇ ਜੀਵਨ ਤੋਂ ਸਿੱਖਣ ਲਈ ਪ੍ਰੇਰਿਤ ਕਰਦੀ ਹੈ। ਪਰ ਸਤਿਕਾਰ, ਸੰਗਤ, ਪ੍ਰੇਰਨਾ ਅਤੇ ਉਸਤਤ ਨੂੰ ਇੱਕੋ ਅਰਥ ਦੇਣਾ ਗੁਰਮਤਿ ਦੀ ਸ਼ਬਦਾਵਲੀ ਨੂੰ ਗੁੰਝਲਦਾਰ ਕਰ ਦਿੰਦਾ ਹੈ।

ਗੁਰਬਾਣੀ ਦਾ ਫ਼ਰਮਾਨ ਹੈ:

ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥
ਅੰਗ 597

ਭਾਵ- ਸੰਤ-ਜਨਾਂ ਦੀ ਸੰਗਤ ਗੁਰਮੁਖ ਲਈ ਤੀਰਥ-ਸਮਾਨ ਹੁੰਦੀ ਹੈ। ਇੱਥੇ ਕੇਂਦਰ ਸੰਗਤ ਅਤੇ ਉਸ ਰਾਹੀਂ ਆਤਮਿਕ ਬੁਲੰਦੀ ਹੈ।

ਇਸ ਲਈ ਕਿਸੇ ਮਹਾਨ ਮਨੁੱਖ ਦਾ ਜੀਵਨ ਸਾਡੇ ਲਈ ਤੀਰਥ-ਸਮਾਨ ਪ੍ਰੇਰਣਾ ਬਣ ਸਕਦਾ ਹੈ, ਪਰ ਇਸ ਤੋਂ ਇਹ ਨਤੀਜਾ ਆਪਣੇ ਆਪ ਨਹੀਂ ਨਿਕਲਦਾ ਕਿ ਉਸ ਮਨੁੱਖ ਨੂੰ ਅਕਾਲ ਪੁਰਖ ਦੇ ਸਥਾਨ 'ਤੇ ਉਸਤਤ ਦਾ ਕੇਂਦਰ ਬਣਾ ਦਿੱਤਾ ਜਾਵੇ।

ਗੁਰਬਾਣੀ ਦਾ ਇੱਕ ਹੋਰ ਮੂਲ ਸਿਧਾਂਤ ਹੈ:

ਏਕੁ ਪਿਤਾ ਏਕਸ ਕੇ ਹਮ ਬਾਰਿਕ॥
ਸੋਰਠਿ ਮਹਲਾ 5, ਅੰਗ 611

ਜਦੋਂ ਸਾਰੇ ਮਨੁੱਖ ਇੱਕ ਪਿਤਾ ਦੀ ਬਖ਼ਸ਼ ਹਨ ਤਾਂ ਸ਼ਹੀਦ ਦੀ ਮਹਾਨਤਾ ਉਸ ਨੂੰ ਮਨੁੱਖਤਾ ਤੋਂ ਉੱਪਰ ਕੋਈ ਵੱਖਰੀ ਦੈਵੀ ਜਾਤ ਬਣਾਉਣ ਵਿੱਚ ਨਹੀਂ, ਸਗੋਂ ਮਨੁੱਖ ਹੋ ਕੇ ਮਨੁੱਖਤਾ ਲਈ ਆਪਣਾ ਸਰਵਸਵ ਵਾਰ ਦੇਣ ਵਿੱਚ ਹੈ।

ਇਹੀ ਗੁਰਮਤਿ ਦਾ ਬੇਮਿਸਾਲ ਮਨੁੱਖਵਾਦ ਹੈ।

ਸ਼ਹੀਦ ਇਸ ਲਈ ਮਹਾਨ ਹੈ ਕਿ ਉਹ ਮਨੁੱਖ ਹੋ ਕੇ ਮਨੁੱਖਤਾ ਦੇ ਹੱਕ ਲਈ ਆਪਣੇ ਆਪ ਤੋਂ ਉੱਪਰ ਉੱਠ ਗਿਆ।

ਕਿਸੇ ਸ਼ਹੀਦ ਦੇ ਨਾਮ 'ਤੇ ਗੁਰਦੁਆਰਾ ਬਣਾਉਣ ਨੂੰ ਤਿੰਨ ਵੱਖਰੇ ਅਰਥਾਂ ਵਿੱਚ ਸਮਝਿਆ ਜਾ ਸਕਦਾ ਹੈ:

ਪਹਿਲਾ — ਯਾਦਗਾਰੀ

ਇਹ ਉਸ ਸ਼ਹੀਦ ਦੀ ਕੁਰਬਾਨੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸਾਧਨ ਹੈ।

ਦੂਜਾ — ਪ੍ਰੇਰਣਾ

ਉਸ ਸਥਾਨ 'ਤੇ ਗੁਰਬਾਣੀ, ਕੀਰਤਨ, ਕਥਾ, ਸੇਵਾ ਅਤੇ ਇਤਿਹਾਸ ਰਾਹੀਂ ਸੰਗਤ ਨੂੰ ਉਸ ਸ਼ਹੀਦ ਦੇ ਜੀਵਨ ਤੋਂ ਸਿੱਖਣ ਦਾ ਮੌਕਾ ਮਿਲਦਾ ਹੈ।

ਤੀਜਾ — ਉਸਤਤ

ਇਹ ਬਿਲਕੁਲ ਵੱਖਰਾ ਮਾਮਲਾ ਹੈ— ਜਦੋਂ ਕਿਸੇ ਮਨੁੱਖ ਨੂੰ ਦੈਵੀ ਸ਼ਕਤੀ ਮੰਨ ਕੇ ਉਸ ਤੋਂ ਵਰ ਮੰਗਣੇ, ਉਸ ਨੂੰ ਅਕਾਲ ਪੁਰਖ ਦੇ ਸਮਾਨ ਧਾਰਮਿਕ ਉਸਤਤ ਦਾ ਕੇਂਦਰ ਬਣਾਉਣਾ ਜਾਂ ਉਸ ਦੀ ਵਿਅਕਤੀਗਤ ਸ਼ਕਤੀ ਨੂੰ ਪੂਜਨੀਕ ਮੰਨਣਾ ਸ਼ੁਰੂ ਕਰ ਦਿੱਤਾ ਜਾਵੇ।

ਇਨ੍ਹਾਂ ਤਿੰਨਾਂ ਤੱਥਾਂ ਨੂੰ ਇੱਕੋ ਨਹੀਂ ਮੰਨਿਆ ਜਾ ਸਕਦਾ।

ਕਿਸੇ ਸ਼ਹੀਦ ਦੀ ਯਾਦ ਵਿੱਚ ਗੁਰਦੁਆਰਾ ਹੋਣਾ ਆਪਣੇ ਆਪ ਵਿੱਚ ਸ਼ਹੀਦ ਦੀ ਉਸਤਤ ਦਾ ਪ੍ਰਮਾਣ ਨਹੀਂ ਹੈ। ਅਸਲ ਸਵਾਲ ਇਹ ਹੈ ਕਿ ਉਸ ਸਥਾਨ ਵਿੱਚ ਧਾਰਮਿਕ ਕੇਂਦਰ ਕੌਣ ਹੈ?

ਜੇ ਕੇਂਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ, ਗੁਰਬਾਣੀ, ਕੀਰਤਨ, ਗੁਰਮਤਿ ਵਿਚਾਰ ਅਤੇ ਸੇਵਾ ਹੈ, ਤਾਂ ਨਾਮਕਰਨ ਅਤੇ ਉਸਤਤ ਨੂੰ ਵੱਖ-ਵੱਖ ਸਮਝਣਾ ਪਵੇਗਾ।

ਗੁਰਮਤਿ ਦੀ ਕਸੌਟੀ ਉੱਥੇ ਹੋਰ ਸਖ਼ਤ ਹੋ ਜਾਂਦੀ ਹੈ, ਜਿੱਥੇ ਸ਼ਹੀਦ ਦੀ ਸਮਾਧ ਹੀ ਉਸਤਤ ਦਾ ਕੇਂਦਰ ਬਣ ਜਾਵੇ?

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਰਜ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ 2013 ਦੇ ਆਦੇਸ਼ ਦੀ ਰੌਸ਼ਨੀ ਵਿੱਚ ਕਬਰਾਂ, ਸਮਾਧਾਂ ਅਤੇ ਜਠੇਰਿਆਂ ਆਦਿ ਦੀਆਂ ਥਾਵਾਂ 'ਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਮਨਾਹੀ ਦਾ ਹਵਾਲਾ ਦਿੱਤਾ ਗਿਆ ਹੈ।

ਇੱਥੇ ਇਹ ਗੱਲ ਇੱਕ ਬੁਨਿਆਦੀ ਫਰਕ ਦੱਸਦੀ ਹੈਕਿ ਇਤਿਹਾਸਕ ਸਥਾਨ ਦਾ ਸਤਿਕਾਰ ਕੀਤਾ ਜਾ ਸਕਦਾ ਹੈ, ਪਰ ਸਥਾਨ ਨੂੰ ਧਾਰਮਿਕ ਉਸਤਤ ਦਾ ਬਦਲ ਨਹੀਂ ਬਣਾਇਆ ਜਾ ਸਕਦਾ।

ਸ਼ਹੀਦ ਦੀ ਯਾਦ ਸਾਨੂੰ ਗੁਰੂ ਵੱਲ ਲੈ ਜਾਵੇ ਤਾਂ ਇਹ ਗੁਰਮਤਿ ਦੀ ਦਿਸ਼ਾ ਹੈ।

ਸ਼ਹੀਦ ਦੀ ਯਾਦ ਗੁਰੂ ਦੀ ਥਾਂ ਲੈ ਲਵੇ ਤਾਂ ਇਹ ਵੱਖਰਾ ਅਹਿਮ ਪ੍ਰਸ਼ਨ ਹੈ।

ਦਸਮ ਪਾਤਸ਼ਾਹ ਦੀਆਂ ਰਚਨਾਵਾਂ ਵਿੱਚ ਧਰਮ, ਨਿਆਂ, ਨਿਰਭਉਤਾ ਅਤੇ ਜ਼ੁਲਮ ਦੇ ਵਿਰੁੱਧ ਸੰਘਰਸ਼ ਦੀ ਬਹੁਤ ਪ੍ਰਭਾਵਸ਼ਾਲੀ ਚੇਤਨਾ ਮਿਲਦੀ ਹੈ।

ਪ੍ਰਸਿੱਧ ਪੰਕਤੀ ਹੈ:

ਦੇਹ ਸਿਵਾ ਬਰੁ ਮੋਹਿ ਇਹੈ
ਸੁਭ ਕਰਮਨ ਤੇ ਕਬਹੂੰ ਨ ਟਰੋਂ ॥

ਇਸ ਦਾ ਮੂਲ ਸੰਦੇਸ਼ ਹੈ- ਸ਼ੁਭ ਕਰਮਾਂ ਤੋਂ ਕਦੇ ਪਿੱਛੇ ਨਾ ਹਟਣਾ।

ਭਾਵ ਸੂਰਬੀਰਤਾ ਦਾ ਮੰਤਵ ਸਿਰਫ਼ ਜੰਗ ਕਰਨਾ ਨਹੀਂ ਸਗੋਂ ਸੂਰਬੀਰਤਾ ਦਾ ਮੰਤਵ ਧਾਰਮਿਕ ਅਤੇ ਨੈਤਿਕ ਕਰਤੱਵ ਤੋਂ ਪਿੱਛੇ ਨਾ ਹਟਣਾ ਹੈ।

ਇਸੇ ਵਿਆਪਕ ਧਾਰਾ ਵਿੱਚ ਦਸਮ ਪਾਤਸ਼ਾਹ ਦੀ ਰਚਨਾ ਵਿੱਚ ਇਨਸਾਨੀਅਤ ਦੀ ਸਮਾਨਤਾ ਦਾ ਉੱਚਾਰ ਵੀ ਮਿਲਦਾ ਹੈ:

ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ ॥

ਇਸ ਲਈ ਸਿੱਖ ਸ਼ਹਾਦਤ ਨੂੰ ਕੇਵਲ ਕਿਸੇ ਇੱਕ ਵਿਅਕਤੀ ਜਾਂ ਸਮੂਹ ਦੀ ਜਿੱਤ ਵਜੋਂ ਨਹੀਂ, ਬਲਕਿ ਧਰਮ, ਨਿਆਂ ਅਤੇ ਮਨੁੱਖੀ ਮਰਯਾਦਾ ਦੀ ਰੱਖਿਆ ਦੇ ਸਿਲਸਿਲੇ ਵਿੱਚ ਪੜ੍ਹਨਾ ਵਧੇਰੇ ਵਾਜਿਬ ਹੈ।

ਸਰਬਲੋਹ ਗ੍ਰੰਥ ਅਤੇ ਖ਼ਾਲਸਾ

ਸਰਬਲੋਹ ਗ੍ਰੰਥ ਨਾਲ ਸੰਬੰਧਿਤ ਪ੍ਰਚਲਿਤ ਪਾਠ ਵਿੱਚ ਆਉਂਦਾ ਹੈ:

ਖਾਲਸਾ ਮੇਰੋ ਰੂਪ ਹੈ ਖਾਸ ॥
ਖਾਲਸੇ ਮਹਿ ਹਉ ਕਰਉ ਨਿਵਾਸ ॥

ਇਸ ਰਚਨਾ ਵਿੱਚ ਖ਼ਾਲਸੇ ਨੂੰ ਗੁਰੂ ਦੇ ਵਿਸ਼ੇਸ਼ ਸਰੂਪ ਨਾਲ ਜੋੜਿਆ ਗਿਆ ਹੈ।

ਇੱਥੇ ਵਿਅਕਤੀਗਤ ਮਹਾਨਤਾ ਤੋਂ ਉੱਪਰ ਪੰਥਕ ਸਰੂਪ ਦਾ ਇੱਕ ਡੂੰਘਾ ਤੱਤ ਸਾਹਮਣੇ ਆਉਂਦਾ ਹੈ

ਸ਼ਹੀਦ ਸਿੰਘ ਦੀ ਮਹਾਨਤਾ ਉਸ ਦੀ ਆਪਣੀ ਨਿੱਜੀ ਸ਼ੋਭਾ ਵਿੱਚ ਨਹੀਂ, ਸਗੋਂ ਉਸ ਗੁਰੂ-ਮਾਰਗ ਅਤੇ ਪੰਥਕ ਜ਼ਿੰਮੇਵਾਰੀ ਵਿੱਚ ਹੈ ਜਿਸ ਲਈ ਉਸ ਨੇ ਆਪਣਾ ਜੀਵਨ ਭੇਂਟ ਕੀਤਾ।

ਅੱਜ ਦੇ ਵਿਸ਼ੇ ਦਾ ਸਭ ਤੋਂ ਮਹੱਤਵਪੂਰਨ ਤੱਥ ਸ਼ਹੀਦ ਨੂੰ ਪੂਜਣਾ ਜਾਂ ਸ਼ਹੀਦ ਵਰਗਾ ਬਣਨਾ ਹੈ

ਜੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੀ ਸ਼ਹਾਦਤ ਸਾਨੂੰ ਸਿਰਫ਼ ਇਹ ਹੀ ਦਰਸ਼ਾਏ ਕਿ:

ਬਾਬਾ ਜੀ ਮਹਾਨ ਸਨ
ਤਾਂ ਅਸੀਂ ਇਤਿਹਾਸ ਸੁਣਿਆ।
ਪਰ ਜੇ ਉਨ੍ਹਾਂ ਦੀ ਸ਼ਹਾਦਤ ਸਾਨੂੰ ਇਹ ਪੁੱਛਣ ਲਈ ਮਜਬੂਰ ਕਰੇ ਕਿ—
ਅੱਜ ਮੈਂ ਸੱਚ, ਨਿਆਂ ਅਤੇ ਮਨੁੱਖੀ ਮਰਯਾਦਾ ਲਈ ਕੀ ਕਰ ਰਿਹਾ ਹਾਂ?
ਤਾਂ ਹੀ ਅਸੀਂ ਸ਼ਹਾਦਤ ਨੂੰ ਸਮਝਿਆ।

ਸ਼ਹੀਦ ਦੀ ਸਭ ਤੋਂ ਵੱਡੀ ਯਾਦਗਾਰ ਪੱਥਰ ਦੀ ਇਮਾਰਤ ਨਹੀਂ ਸਗੋਂ ਸ਼ਹੀਦ ਦੀ ਸਭ ਤੋਂ ਵੱਡੀ ਯਾਦਗਾਰ ਉਹ ਮਨੁੱਖ ਹੈ ਜੋ ਉਸ ਦੇ ਸਿਧਾਂਤਾਂ 'ਤੇ ਜੀਉਂਦਾ ਹੈ।

ਗੁਰਮਤਿ ਵਿੱਚ ਸ਼ਹੀਦ-ਪੂਜਾ ਦੀ ਥਾਂ ਸ਼ਹੀਦ-ਪ੍ਰੇਰਨਾ ਸ਼ਬਦਾਂ ਦੀ ਚੋਣ ਅਤਿ ਮਹੱਤਵਪੂਰਨ ਹੈ।

ਗੁਰਬਾਣੀ ਵਾਰ-ਵਾਰ ਮਨੁੱਖ ਨੂੰ ਸ਼ਬਦ ਅਤੇ ਨਾਮ ਵੱਲ ਮੋੜਦੀ ਹੈ:

ਬਾਣੀ ਲਾਗੈ ਸੋ ਗਤਿ ਪਾਏ
ਸਬਦੇ ਸਚਿ ਸਮਾਈ ॥
ਅੰਗ 909

ਅਰਥ: ਬਾਣੀ ਨਾਲ ਜੁੜਨ ਅਤੇ ਸ਼ਬਦ ਰਾਹੀਂ ਸੱਚ ਵਿੱਚ ਸਮਾਉਣ ਨੂੰ ਆਤਮਿਕ ਮੁਕਤੀ ਦਾ ਮਾਰਗ ਦੱਸਿਆ ਗਿਆ ਹੈ।

ਇਸ ਲਈ ਸ਼ਹੀਦ ਦੀ ਯਾਦ ਦਾ ਅੰਤਿਮ ਮੰਤਵ ਵੀ ਸ਼ਬਦ ਨਾਲ ਜੋੜਨਾ ਹੀ ਹੈ।

ਗੁਰਦੁਆਰਾ ਸ਼ਹੀਦ ਦੀ ਮੂਰਤ ਨਹੀਂ ਸਗੋਂ ਗੁਰੂ ਦਾ ਦਰ ਹੈ, ਗੁਰੂ ਦਾ ਦੁਆਰ ਹੀ ਗੁਰੂ ਸ਼ਬਦ ਰਾਹੀਂ ਗੁਰਮਤਿ ਦੀ ਦਿਸ਼ਾ ਦਿੰਦਾ ਹੈ

ਇਸ ਲਈ ਕਿਸੇ ਸ਼ਹੀਦ ਦੇ ਨਾਮ ਨਾਲ ਜੁੜਿਆ ਅਸਥਾਨ ਵੀ ਆਤਮਿਕ ਪਛਾਣ ਵਿੱਚ ਗੁਰੂ ਵੱਲ ਖੁੱਲ੍ਹਦਾ ਦਰਵਾਜ਼ਾ ਹੀ ਹੋਣਾ ਚਾਹੀਦਾ ਹੈ।

ਉੱਥੇ ਸ਼ਹੀਦ ਦੀ ਤਸਵੀਰ ਮਨਮਤਿ ਅਨੁਸਾਰ ਹੋ ਸਕਦੀ ਹੈ ਪਰ, ਉਸਤਤ ਦਾ ਕੇਂਦਰ ਗੁਰੂ ਗ੍ਰੰਥ ਸਾਹਿਬ ਹੋਵੇ।

ਉੱਥੇ ਸ਼ਹੀਦ ਦੀ ਸ਼ਹਾਦਤ ਦਾ ਜ਼ਿਕਰ ਕੁਰਬਾਨੀ ਦੇ ਅਰਥ ਗੁਰਮਤਿ ਦੇ ਪ੍ਰਕਾਸ਼ ਵਿੱਚ ਸਮਝਾਇਆ ਜਾਵੇ।

ਇਹੀ ਅਜ਼ੀਮ ਸਤਿਕਾਰ ਨੂੰ ਉਸਤਤ ਵਿੱਚ ਬਦਲਣ ਤੋਂ ਬਚਾਉਂਦਾ ਹੈ।

ਸ਼ਹੀਦ ਦੀ ਯਾਦ ਦਾ ਅਰਥ ਹੈ ਧਰਮ ਦੀ ਆਜ਼ਾਦੀ ਦੀ ਰੱਖਿਆ, ਜਿਸ ਨੂੰ ਉਨ੍ਹਾਂ ਨੇ ਗੁਰਮਤਿ ਸਿਧਾਂਤਾਂ ਅਤੇ ਗੁਰੂ ਦੀ ਸਿੱਖਿਆ ਲੈਕੇ ਗਰੀਬ ਅਤੇ ਮਜ਼ਲੂਮਾਂ ਲਈ ਸ਼ਹਾਦਤ ਦਿੱਤਾ, ਇੱਥੇ ਸ਼ਹੀਦ ਦੀ ਸ਼ਹਾਦਤ ਦਾ ਅਰਥ ਹਰ ਮਜ਼ਲੂਮ ਤੇ ਹੋ ਰਹੇ ਜ਼ੁਲਮ ਦੀ ਪੰਥਕ ਪਛਾਣਨਾ ਅਤੇ ਹਰ ਮਜ਼ਲੂਮ ਦੇ ਹੱਕ ਵਿੱਚ ਖੜ੍ਹਨਾ ਹੈ।

ਜਿਸ ਸ਼ਹੀਦ ਨੇ ਗੁਰੂ ਦੇ ਹੁਕਮ ਲਈ ਆਪਣਾ ਜੀਵਨ ਵਾਰਿਆ, ਤਾਂ ਉਸ ਦੀ ਯਾਦ ਦਾ ਅਰਥ ਹੈ ਗੁਰੂ ਦੀ ਬਾਣੀ ਅਤੇ ਸਿਧਾਂਤ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨਾ।

ਇਸ ਲਈ—

ਸ਼ਹੀਦ ਦੀ ਅਸਲ ਪੂਜਾ ਉਸ ਨੂੰ ਉਸਤਤ ਨਹੀਂ, ਉਸ ਦੇ ਪਵਿੱਤਰ ਸੱਚ ਨੂੰ ਜੀਉਣਾ ਹੈ।

ਸਿੱਖੀ ਦਾ ਇਹ ਵਿਸ਼ਾ ਕਿਸੇ ਵਿਅਕਤੀ, ਕਿਸੇ ਸ਼ਹੀਦ, ਕਿਸੇ ਗੁਰਦੁਆਰੇ ਜਾਂ ਕਿਸੇ ਪਰੰਪਰਾ ਦੀ ਨਿੰਦਾ ਕਰਨ ਲਈ ਨਹੀਂ ਹੈ।

ਇਹ ਇੱਕ ਸਵਾਲ ਦੇ ਜਵਾਬ ਲਈ ਹੈ-

ਜਿਸ ਸਿੰਘ ਨੇ ਗੁਰੂ ਲਈ ਸਿਰ ਵਰਿਆ, ਕੀ ਅਸੀਂ ਉਸ ਦੇ ਸਿਰ ਦੀ ਸ਼ਹਾਦਤ ਨੂੰ ਅਕਲਪੁਰਖ ਤੋਂ ਵੀ ਵੱਡਾ ਬਣਾ ਦਿੱਤਾ?

ਜਿਸ ਨੇ ਅਕਾਲ ਪੁਰਖ ਦੇ ਹੁਕਮ ਵਿੱਚ ਜੀਵਨ ਵਾਰਿਆ, ਕੀ ਅਸੀਂ ਉਸ ਨੂੰ ਹੀ ਆਪਣੀ ਉਸਤਤ ਦਾ ਧੁਰਾ ਬਣਾ ਦਿੱਤਾ?

ਜਿਸ ਨੇ ਇਨਸਾਨੀਅਤ ਦੇ ਹੱਕ ਲਈ ਸ਼ਹਾਦਤ ਦਿੱਤੀ, ਕੀ ਅਸੀਂ ਉਸ ਦੀ ਯਾਦ ਨੂੰ ਸਿਰਫ਼ ਰਸਮ ਮਾਤਰ ਬਣਾ ਦਿੱਤਾ?

ਅਤੇ ਸਭ ਤੋਂ ਡੂੰਘਾ ਸਵਾਲ ਦੇ ਜਵਾਬ ਵਿੱਚ

ਅਸੀਂ ਸ਼ਹੀਦਾਂ ਦੀਆਂ ਯਾਦਗਾਰਾਂ ਤਾਂ ਬਣਾ ਰਹੇ ਹਾਂ, ਪਰ ਕੀ ਉਨ੍ਹਾਂ ਦੇ ਸਿਧਾਂਤਾਂ ਦੀ ਜਿਉਂਦੀ ਯਾਦਗਾਰ ਆਪਣੇ ਅੰਦਰ ਵੀ ਬਣਾ ਰਹੇ ਹਾਂ?

ਗੁਰਬਾਣੀ ਦੀ ਕਸੌਟੀ ਸਾਨੂੰ ਮੁੜ ਉੱਥੇ ਹੀ ਲੈ ਜਾਂਦੀ ਹੈ:

ਸਚਹੁ ਓਰੈ ਸਭੁ ਕੋ
ਉਪਰਿ ਸਚੁ ਆਚਾਰੁ ॥

ਸ਼ਹੀਦ ਨੇ ਸੱਚ ਲਈ ਸਿਰ ਦਿੱਤਾ।

ਸਾਡਾ ਫ਼ਰਜ਼ ਸ਼ਹੀਦਾਂ ਦੇ ਸ਼ਹਾਦਤ ਦੀ ਪੂਜਾ ਕਰਨਾ ਨਹੀਂ ਸਗੋਂ ਉਸ ਸੱਚ ਨੂੰ ਆਪਣੇ ਜੀਵਨ ਦਾ ਸੁਭਾਅ ਬਣਾਉਣਾ ਹੈ।

ਇਹੀ ਸ਼ਹਾਦਤ ਦੀ ਮਰਯਾਦਾ ਹੈ। ਇਹੀ ਸ਼ਹੀਦ ਦਾ ਸੱਚਾ ਸਤਿਕਾਰ ਹੈ। ਇਹੀ ਗੁਰਮਤਿ ਦੀ ਕਸੌਟੀ ਹੈ। ਅਤੇ ਇਹੀ ਉਹ ਦਾਰੋਮਦਾਰ ਹੈ ਜਿੱਥੇ ਸ਼ਹੀਦ ਦੀ ਯਾਦ ਗੁਰੂ ਦੀ ਥਾਂ ਨਹੀਂ ਲੈਂਦੀ, ਸਗੋਂ ਸਾਨੂੰ ਮੁੜ ਗੁਰੂ ਦੇ ਦਰ ਨਾਲ ਜੋੜਦੀ ਹੈ।

## ਅਨੁਸੂਚਿਤ ਜਾਤੀ ਨਾਲ ਸਬੰਧਤ ਕਿਸਾਨਾਂ ਲਈ ਖੇਤੀਬਾੜੀ ਮਸ਼ੀਨਰੀ ਸਬਸਿਡੀ ਤੇ ਲੈਣ ਲਈ ਆਨਲਾਈਨ ਪੋਰਟਲ ਦੁਬਾਰਾ ਖੁੱਲ੍ਹਿਆ : ਮੁੱਖ ਖੇਤੀਬਾੜੀ ਅਫਸਰ

ਫ਼ਤਹਿਗੜ੍ਹ ਸਾਹਿਬ, 3 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਮੁੱਖ ਖੇਤੀਬਾੜੀ ਅਫਸਰ ਜਗਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਦੀ ਸੰਭਾਲ ਕਰਨ ਵਿੱਚ ਸਹਾਈ ਖੇਤੀਬਾੜੀ ਮਸ਼ੀਨਰੀ ਉਤੇ ਸਬਸਿਡੀ ਮੁਹੱਈਆ ਕਰਵਾਈ ਗਈ ਹੈ। ਹੁਣ ਤੱਕ ਜ਼ਿਲ੍ਹੇ ਵਿੱਚ ਤਕਰੀਬਨ 400 ਮਸ਼ੀਨਾਂ ਦੀ ਖਰੀਦ ਕਿਸਾਨਾਂ ਵੱਲੋਂ ਕੀਤੀ ਜਾ ਚੁੱਕੀ ਹੈ। ਅਨੁਸੂਚਿਤ ਜਾਤੀ ਦੇ ਵਿਅਕਤੀਗਤ ਕਿਸਾਨਾਂ ਲਈ ਖੇਤੀਬਾੜੀ ਵਿਭਾਗ ਵੱਲੋਂ ਆਨਲਾਈਨ ਪੋਰਟਲ ਦੁਬਾਰਾ ਖੋਲਿਆ ਗਿਆ ਹੈ ਅਤੇ ਕਿਸਾਨ ਆਪਣੇ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਵਿਭਾਗ ਦੇ ਪੋਰਟਲ agrimachinerypb. com 'ਤੇ ਅਪਲਾਈ ਕਰ ਸਕਦੇ ਹਨ। ਓਹਨਾਂ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਅਨੁਸੂਚਿਤ ਜਾਤੀ ਨਾਲ ਸਬੰਧਤ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਸੁਚੱਜੀ ਸੰਭਾਲ ਲਈ ਬੇਲਰ, ਰੇਕ, ਹੈਪੀ ਸੀਡਰ, ਸਮਾਰਟ ਸੀਡਰ, ਸੁਪਰ ਸੀਡਰ, ਜ਼ੀਰੋ ਟਿੱਲ ਡਰਿੱਲ, ਉਲਟਾਵਾਂ ਹਲ, ਮਲਚਰ, ਕਰਾਪ ਰੀਪਰ, ਸ਼ਰੱਬ ਮਾਸਟਰ/ਰੋਟਰੀ ਸਲੈਸ਼ਰ ਅਤੇ ਕੰਬਾਈਨ ਤੇ ਲੱਗਣ ਵਾਲਾ ਸੁਪਰ ਐਸ.ਐਮ.ਐਸ. ਆਦਿ ਮਸ਼ੀਨਾਂ ਦੀ ਖਰੀਦ 'ਤੇ ਵੱਧ ਤੋਂ ਵੱਧ 50 ਫੀਸਦੀ ਸਬਸਿਡੀ ਪ੍ਰਾਪਤ ਕਰਨ ਲਈ ਆਨਲਾਈਨ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ। ਅਰਜ਼ੀ ਭਰਨ ਸਮੇਂ ਕਿਸਾਨ ਕੋਲ ਆਧਾਰ ਕਾਰਡ, ਪਾਸਪੋਰਟ ਸਾਈਜ਼ ਫੋਟੋ ਅਤੇ ਅਨੁਸੂਚਿਤ ਜਾਤੀ ਸਰਟੀਫਿਕੇਟ ਆਦਿ ਦੀਆਂ ਸਕੈਨਡ ਕਾਪੀਆਂ ਹੋਣੀਆਂ ਲਾਜ਼ਮੀ ਹਨ। ਹਰੇਕ ਕਿਸਾਨ ਦੀ ਸਬਸਿਡੀ ਕੇਵਲ ਆਧਾਰ ਲਿੰਕਡ ਬੈਂਕ ਖਾਤੇ ਵਿੱਚ ਹੀ ਪਾਈ ਜਾਵੇਗੀ। ਓਹਨਾ ਸਮੂਹ ਬਿਨੈਕਾਰਾਂ ਨੂੰ ਕਿਹਾ ਕਿ ਫਾਰਮ ਅਪਲਾਈ ਕਰਨ ਉਪਰੰਤ ਆਪਣੇ ਕਿਸੇ ਵੀ ਇੱਕ ਬੈਂਕ ਖਾਤੇ ਵਿੱਚ ਡੀ.ਬੀ.ਟੀ. ਸਬਸਿਡੀ ਲਈ ਆਧਾਰ ਸੀਡਿੰਗ ਜ਼ਰੂਰ ਕਰਵਾ ਲੈਣ। ਉਨ੍ਹਾਂ ਦੱਸਿਆ ਕਿ ਅਰਜ਼ੀਆਂ ਪ੍ਰਾਪਤ ਹੋਣ ਉਪਰੰਤ ÷ਪਹਿਲਾਂ ਆਓ ਪਹਿਲਾਂ ਪਾਓ÷ ਸਿਸਟਮ ਰਾਹੀਂ ਯੋਗ ਬਿਨੈਕਾਰਾਂ ਨੂੰ ਮੰਨਜ਼ੂਰੀ ਪੱਤਰ ਪੋਰਟਲ ਰਾਹੀਂ ਜਾਰੀ ਕੀਤੇ ਜਾਣਗੇ, ਜਿਸ ਉਪਰੰਤ ਕਿਸਾਨ ਮਿੱਥੇ ਸਮੇਂ ਦੇ ਅੰਦਰ-ਅੰਦਰ ਵਿਭਾਗ ਵੱਲੋਂ ਪ੍ਰਵਾਨਿਤ ਕਿਸੇ ਵੀ ਮਸ਼ੀਨਰੀ ਨਿਰਮਾਤਾ ਜਾਂ ਡੀਲਰ ਤੋਂ ਮਸ਼ੀਨ ਦੀ ਖਰੀਦ ਕਰ ਸਕਣਗੇ।

## ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਔਰਤਾਂ ਨੂੰ ਸਵੈ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ 6 ਦਿਨਾਂ ਸਿਖਲਾਈ ਕੋਰਸ ਕਰਵਾਇਆ



ਫ਼ਤਹਿਗੜ੍ਹ ਸਾਹਿਬ, 3 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੇਂਡੂ ਔਰਤਾਂ ਵਿੱਚ ਹੁਨਰ ਵਿਕਾਸ ਅਤੇ ਸਵੈ-ਰੋਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਉਦੇਸ਼ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਸਜਾਵਟੀ ਵਸਤੂਆਂ ਦੀ ਤਿਆਰੀ ਵਿਸ਼ੇ 'ਤੇ 06 ਦਿਨਾਂ ਕਿੱਤਾ-ਮੁਖੀ ਸਿਖਲਾਈ ਕੋਰਸ ਕਰਵਾਇਆ ਗਿਆ। ਡਿਪਟੀ ਡਾਇਰੈਕਟਰ ਡਾ. ਹਰਦੀਪ ਸਿੰਘ ਸਾਭੀਖੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਖਲਾਈ ਦੌਰਾਨ ਭਾਗੀਦਾਰਾਂ ਨੂੰ ਸਜਾਵਟੀ ਵਸਤੂਆਂ ਤਿਆਰ ਕਰਨ ਦੀਆਂ ਵੱਖ-ਵੱਖ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਮੋਮਬੱਤੀ ਬਣਾਉਣ, ਦੀਵਾ ਸਜਾਵਟ ਅਤੇ ਰੇਜ਼ਿਨ ਆਰਟ ਸਬੰਧੀ ਵਿਸ਼ੇਸ਼ ਪ੍ਰੈਕਟੀਕਲ ਡੈਮੋਨਸਟ੍ਰੇਸ਼ਨ ਕਰਵਾਏ ਗਏ।

ਭਾਗੀਦਾਰਾਂ ਨੂੰ ਕੱਚੇ ਮਾਲ ਦੀ ਚੋਣ, ਲੋੜੀਂਦੇ ਸਾਜ਼ੋ-ਸਾਮਾਨ ਦੀ ਵਰਤੋਂ, ਰੰਗਾਂ ਅਤੇ ਡਿਜ਼ਾਈਨਾਂ ਦੀ ਚੋਣ, ਉਤਪਾਦ ਦੀ ਫਿਨਿਸ਼ਿੰਗ ਅਤੇ ਤਿਆਰ ਵਸਤੂਆਂ ਦੀ ਆਕਰਸ਼ਕ ਪੈਕਿੰਗ ਅਤੇ ਪੇਸ਼ਕਾਰੀ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਮਨਿਸ਼ਾ ਭਾਟੀਆ,ਅਸਿਸਟੈਂਟ ਪ੍ਰੋਫੈਸਰ (ਹੋਮ ਸਾਇੰਸ) ਵੱਲੋਂ ਵੇਸਟ ਜਾਂ ਘੱਟ ਲਾਗਤ ਵਾਲੀ ਸਮੱਗਰੀ ਦੀ ਮੁੜ ਵਰਤੋਂ ਕਰਕੇ ਉਪਯੋਗੀ ਅਤੇ ਆਕਰਸ਼ਕ ਸਜਾਵਟੀ ਵਸਤੂਆਂ ਤਿਆਰ ਕਰਨ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਨਾਲ ਭਾਗੀਦਾਰਾਂ ਨੂੰ ਵਾਤਾਵਰਣ-ਪੱਖੀ ਤਰੀਕਿਆਂ ਨੂੰ ਅਪਣਾਉਣ ਦੇ ਨਾਲ-ਨਾਲ ਘਰੇਲੂ ਪੱਧਰ 'ਤੇ ਛੋਟਾ ਉਦਮ ਸ਼ੁਰੂ ਕਰਕੇ ਵਾਧੂ ਆਮਦਨ ਪੈਦਾ ਕਰਨ ਲਈ ਪ੍ਰੇਰਿਤ ਕੀਤਾ ਗਿਆ।

## ਪੰਜਾਬ ਦੇ ਮੁੱਖ ਮੰਤਰੀ ਨਾਲ ਮੁਲਾਕਾਤ ਨੂੰ ਬਾਬਾ ਲੱਖਾ ਸਿੰਘ ਨੇ ਭੁੱਲ ਮੰਨਿਆ

ਅੰਮ੍ਰਿਤਸਰ, 3 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਦੋਖੀ ਤੇ ਖ਼ਾਲਸਾ ਪੰਥ ਵਿਰੋਧੀ ਐਲਾਨੇ ਗਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਨਿੱਜੀ ਤੌਰ 'ਤੇ ਮਿਲਣ ਦੇ ਵਿਵਾਦ ਚੱਲ ਰਹੇ ਵਿਵਾਦ ਦੇ ਸਾਰੇ ਮਾਮਲੇ 'ਤੇ ਬਾਰੇ ਬਾਬਾ ਲੱਖਾ ਸਿੰਘ ਨੇ ਆਪਣਾ ਪੱਖ ਅਤੇ ਸਪੱਸ਼ਟੀਕਰਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸੌਂਪ ਦਿੱਤਾ ਹੈ।

ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਪਾਸ ਕੀਤੇ ਗਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਗਟਾਏ ਇਤਰਾਜ਼ਾਂ ਤੇ ਚੱਲ ਰਹੇ ਮਾਮਲੇ ਦੇ ਬਾਵਜੂਦ ਉਸ ਨੂੰ ਸਲਾਹੁਣ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਨਿੱਜੀ ਰੂਪ ਵਿੱਚ ਮਿਲਣ ਦੇ ਮਾਮਲੇ ਵਿੱਚ ਨਾਨਕਸਰ ਕਲੇਰਾਂ ਜਗਰਾਉਂ ਲੁਧਿਆਣਾ ਤੋਂ ਬਾਬਾ ਲੱਖਾ ਸਿੰਘ ਨੂੰ ਪੱਤਰ ਜਾਰੀ ਕੀਤਾ ਗਿਆ ਸੀ। ਬਾਬਾ ਲੱਖਾ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਬੇਅਦਬੀ ਸਬੰਧੀ ਕਾਨੂੰਨ ਦੀ ਉਨ੍ਹਾਂ ਸ਼ਲਾਘਾ ਨਹੀਂ ਕੀਤੀ ਸਗੋਂ ਸਰਕਾਰ ਨੇ ਆਪਣੇ ਪੱਧਰ ਉੱਤੇ ਉਨ੍ਹਾਂ ਦੇ ਹਵਾਲੇ ਨਾਲ ਬਿਆਨ ਜਾਰੀ ਕੀਤਾ।

ਦੱਸਣ ਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਦੇ ਸਕੱਤਰੇਤ ਵੱਲੋਂ ਇਸ ਸੰਬੰਧ ਵਿੱਚ ਬਾਬਾ ਲੱਖਾ ਸਿੰਘ ਅਤੇ ਸ਼੍ਰੋਮਣੀ ਕਮੇਟੀ ਨਾਲ ਸਬੰਧਿਤ ਦੋ ਮੈਂਬਰਾਂ ਮਿੱਠੂ ਸਿੰਘ ਕਹਨੇਕੇ ਅਤੇ ਜਸਵੰਤ ਸਿੰਘ ਪੁੜੈਨ ਨੂੰ ਪੱਤਰ ਜਾਰੀ ਕੀਤੇ ਗਏ ਸਨ ਅਤੇ ਮੁੱਖ ਮੰਤਰੀ ਨਾਲ ਮੁਲਾਕਾਤ ਮਾਮਲੇ ਵਿੱਚ 10 ਦਿਨਾਂ ਵਿੱਚ ਆਪਣਾ ਸਪਸ਼ਟੀਕਰਨ ਸੌਂਪਣ ਦੇ ਆਦੇਸ਼ ਦਿੱਤੇ ਸਨ।

ਇੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਅੱਜ ਸੌਂਪੇ ਆਪਣੇ ਸਪਸ਼ਟੀਕਰਨ ਵਿੱਚ ਬਾਬਾ ਲੱਖਾ ਸਿੰਘ ਨੇ ਮੰਨਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਆਦੇਸ਼ ਦੇ ਮੱਦੇਨਜ਼ਰ ਉਨ੍ਹਾਂ ਨੂੰ ਉਸ ਨਾਲ ਨਹੀਂ ਮਿਲਣਾ ਚਾਹੀਦਾ ਸੀ ਅਤੇ ਇਹ ਉਨ੍ਹਾਂ ਦੀ ਭੁੱਲ ਹੈ।






## ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਬਜ਼ੁਰਗ ਨਾਗਰਿਕਾਂ ਦੀ ਸਿਹਤ ਸੰਭਾਲ ਲਈ 7 ਅਕਤੂਬਰ ਤੋਂ 15 ਅਕਤੂਬਰ ਤੱਕ ਲਗਾਏ ਜਾਣਗੇ ਵਿਸ਼ੇਸ਼ ਸਿਹਤ ਕੈਂਪ: ਡੀ.ਸੀ.

ਫ਼ਤਹਿਗੜ੍ਹ ਸਾਹਿਬ, 3 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਸਰਕਾਰ ਵੱਲੋਂ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਚਲਾਈ ਜਾ ਰਹੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਬਜ਼ੁਰਗਾਂ ਦੀ ਸਿਹਤ ਸੰਭਾਲ ਲਈ ਵਿਸ਼ੇਸ਼ ਮੁਫ਼ਤ ਸਿਹਤ ਕੈਂਪ ਲਗਾਏ ਜਾ ਰਹੇ ਹਨ। ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਵਿਸ਼ੇਸ਼ ਸਿਹਤ ਕੈਂਪ 07 ਅਕਤੂਬਰ ਨੂੰ ਬੱਚਤ ਭਵਨ, ਫ਼ਤਹਿਗੜ੍ਹ ਸਾਹਿਬ (ਸਾਹਮਣੇ ਸਿਵਲ ਹਸਪਤਾਲ) ਵਿਖੇ ਲਗਾਇਆ ਜਾਵੇਗਾ। ਇਸ ਕੈਂਪ ਦੌਰਾਨ ਬਜ਼ੁਰਗ ਨਾਗਰਿਕਾਂ ਦੀਆਂ ਅੱਖਾਂ ਦਾ ਮੁਫ਼ਤ ਚੈੱਕਅੱਪ, ਜਨਰਲ ਸਿਹਤ ਜਾਂਚ, ਹੱਡੀਆਂ ਦਾ ਚੈੱਕਅੱਪ, ਕੰਨ, ਨੱਕ ਅਤੇ ਗਲੇ ਦੀ ਜਾਂਚ ਸਮੇਤ ਵੱਖ-ਵੱਖ ਮੈਡੀਕਲ ਸਹੂਲਤਾਂ ਮੌਕੇ 'ਤੇ ਹੀ ਮੁਹੱਈਆ ਕਰਵਾਈਆਂ ਜਾਣਗੀਆਂ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਇਸੇ ਲੜੀ ਤਹਿਤ ਹੋਰ ਵਿਸ਼ੇਸ਼ ਸਿਹਤ ਕੈਂਪ 09 ਅਕਤੂਬਰ ਨੂੰ ਸੀ.ਐੱਚ.ਸੀ. ਚਨਾਰਥਲ ਕਲਾਂ, 12 ਅਕਤੂਬਰ ਨੂੰ ਸੀ.ਐੱਚ.ਸੀ. ਅਮਲੋਹ ਅਤੇ 15 ਅਕਤੂਬਰ ਨੂੰ ਐੱਸ.ਡੀ.ਐੱਚ. ਮੰਡੀ ਗੋਬਿੰਦਗੜ੍ਹ ਵਿਖੇ ਸਵੇਰੇ 9:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਵਿੱਚ ਬਜ਼ੁਰਗ ਨਾਗਰਿਕਾਂ ਨੂੰ ਵੱਖ-ਵੱਖ ਮੁਫ਼ਤ ਮੈਡੀਕਲ ਸਹੂਲਤਾਂ ਮੌਕੇ 'ਤੇ ਹੀ ਪ੍ਰਦਾਨ ਕੀਤੀਆਂ ਜਾਣਗੀਆਂ। ਡਾ. ਸੋਨਾ ਥਿੰਦ ਨੇ ਜ਼ਿਲ੍ਹੇ ਦੇ ਬਜ਼ੁਰਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਉਨ੍ਹਾਂ ਦੀ ਸਿਹਤ ਅਤੇ ਭਲਾਈ ਨੂੰ ਧਿਆਨ ਵਿੱਚ ਰੱਖਦਿਆਂ ਲਗਾਏ ਜਾ ਰਹੇ ਇਨ੍ਹਾਂ ਵਿਸ਼ੇਸ਼ ਮੁਫ਼ਤ ਸਿਹਤ ਕੈਂਪਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਅਤੇ ਉਪਲਬਧ ਸਿਹਤ ਸਹੂਲਤਾਂ ਦਾ ਲਾਭ ਉਠਾਉਣ।

# ਫੈਕਟਰੀ ਵਲੋਂ ਸੁੱਟੀ ਜਾ ਰਹੀ ਰਾਖ ਕਾਰਨ ਲੋਕ ਡਾਹਢੇ ਪ੍ਰੇਸ਼ਾਨ; ਸੈਂਟਰਲ ਵਾਲਮੀਕਿ ਸਭਾ ਵਲੋਂ ਪ੍ਰਦੂਸ਼ਨਕ ਕੰਟਰਲ ਬੋਰਡ ਨੂੰ ਕੀਤੀ ਸ਼ਿਕਾਇਤ




**ਪਟਿਆਲਾ, 3 ਅਕਤੂਬਰ**
**-ਜੀ. ਐਸ. ਤੁੰਗ-**

ਨਾਭਾ ਰੋਡ 'ਤੇ ਸਥਿਤ ਛੋਟੀ ਰੌਣੀ ਵਿਚ ਇਕ ਫੈਕਟਰੀ ਵਲੋਂ ਰਾਖ ਨੂੰ ਖੁੱਲ੍ਹੇ ਵਿਚ ਅਤੇ ਜੰਗਲਾਤ ਵਿਭਾਗ ਦੀ ਸਰਕਾਰੀ ਜ਼ਮੀਨ ਵਿਚ ਖੁੱਲ੍ਹੇ ਵਿਚ ਹੀ ਸੁੱਟਿਆ ਜਾ ਰਿਹਾ ਹੈ। ਇਸ ਸਬੰਧੀ ਵਿਚ ਸੈਂਟਰਲ ਵਾਲਮੀਕਿ ਸਭਾ ਇੰਡੀਆ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਆਸੇਮਾਜਰਾ ਨੇ ਪ੍ਰਦੂਸ਼ਨ ਕੰਟਰੋਲ ਬੋਰਡ ਕੋਲ ਲਿਖਤੀ ਸ਼ਿਕਾਇਤ ਦਰਜ ਕਰਵਾਈ ਹੈ ਕਿ ਰੌਣੀ ਵਿਚ ਸਥਿਤ ਇਕ ਬੀਅਰ ਦੀ ਫੈਕਟਰੀ ਵਲੋਂ ਬੁਆਇਲਰ ਵਿਚੋਂ ਨਿਕਲਦੀ ਜ਼ਹੀਰਿਲੀ ਰਾਖ ਨੂੰ ਰਿਹਾਇਸ਼ੀ ਏਰੀਏ ਵਿਚ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਲੋਕਾਂ ਵਿਚ ਅੱਖਾਂ ਸਮੇਤ ਕਈ ਤਰ੍ਹਾਂ ਦੀਆਂ ਬਿਮਾਰੀਆਂ ਲੱਗ ਸਕਦੀਆਂ ਹਨ। ਉਨ੍ਹਾਂ ਵਲੋਂ ਇਸ ਸਬੰਧੀ ਜ਼ਿਲ੍ਹਾ ਪ੍ਰਦੂਸ਼ਨ ਕੰਟਰੋਲ ਬੋਰਡ ਕੋਲ ਲਿਖਤੀ ਬੇਨਤੀ ਕੀਤੀ ਹੈ ਕਿ ਫੈਕਟਰੀ ਨੂੰ ਇਸ ਰਾਖ ਨੂੰ ਜੰਗਲਾਤ ਵਿਭਾਗ ਦੀ ਜ਼ਮੀਨ ਵਿਚ ਅਤੇ ਖੁੱਲ੍ਹੇ ਵਿਚ ਸੁੱਟਣ ਤੋਂ ਸਖਤੀ ਨਾਲ ਰੋਕਿਆ ਜਾਵੇ ਅਤੇ ਜਾਂਚ-ਪੜਤਾਲ ਕਰਨ ਉਪਰੰਤ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ।

ਸੰਦੀਪ ਸਿੰਘ ਆਸੇਮਾਜਰਾ ਨੇ ਕਿਹਾ ਕਿ ਜੇਕਰ ਪ੍ਰਦੂਸ਼ਨ ਕੰਟਰੋਲ ਬੋਰਡ ਵਲੋਂ ਇਸ 'ਤੇ ਕੋਈ ਕਾਰਵਾਈ ਨਾ ਕੀਤੀ ਗਈ ਤਾਂ ਸੈਂਟਰਲ ਵਾਲਮੀਕਿ ਸਭਾ ਇੰਡੀਆ ਵਲੋਂ ਸੜਕਾਂ 'ਤੇ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਸੂਬਾ ਪ੍ਰਧਾਨ ਅਮਰਜੀਤ ਸਿੰਘ ਉਕਸੀ ਆਦਿ ਹਾਜ਼ਰ ਸਨ।

**ਜ਼ਹਿਰੀਲੀ ਰਾਖ ਨਾਲ ਫੈਲ ਸਕਦੀਆਂ ਕਈ ਬਿਮਾਰੀਆਂ**

ਪਟਿਆਲਾ : ਸੰਦੀਪ ਸਿੰਘ ਆਸੇਮਾਜਰਾ ਨੇ ਕਿਹਾ ਕਿ ਕੈਮੀਕਲਜ਼ ਦੀ ਇਹ ਜ਼ਹਿਰੀਲੀ ਰਾਖ ਮਨੁੱਖੀ ਸਿਹਤ ਤੇ ਜੀਵ ਜੰਤੂਆਂ ਲਈ ਬਹੁਤ ਖਤਰਨਾਕ ਹੈ। ਜਦੋਂ ਹਵਾ ਚਲਦੀ ਹੈ ਤਾਂ ਇਹ ਉਡ ਕੇ ਲੋਕਾਂ ਦੀਆਂ ਅੱਖਾਂ ਵਿਚ ਪੈਂਦੀ ਹੈ, ਜਿਸ ਨਾਲ ਬੱਚਿਆਂ ਅਤੇ ਬਜ਼ੁਰਗਾਂ ਦੀਆਂ ਅੱਖਾਂ ਖਰਾਬ ਹੋਣ ਦਾ ਡਰ ਹੈ। ਇਸ ਨਾਲ ਸਾਹ ਦੀਆਂ ਬਿਮਾਰੀਆਂ ਵੀ ਹੋ ਸਕਦੀਆਂ ਹਨ। ਇਸ ਰਾਖ ਨਾਲ ਛੋਟੇ ਬੱਚਿਆਂ ਨੂੰ ਚਮੜੀ ਅਤੇ ਸਾਹ ਦੀਆਂ ਬਿਮਾਰੀਆਂ ਲੱਖ ਰਹੀਆਂ ਹਨ।

# ਗਾਂਧੀ ਜਯੰਤੀ ਮੌਕੇ ਡਕਾਲਾ ਪਿੰਡ ਵਿੱਚ 'ਰਿਫਾਰਮ ਉਤਸਵ - ਗ੍ਰਾਮ ਸਭਾਵਾਂ' ਤਹਿਤ ਜਾਗਰੂਕਤਾ ਪ੍ਰੋਗਰਾਮ



**ਪਟਿਆਲਾ, 3 ਅਕਤੂਬਰ**
**-ਬਲਜੀਤ ਸਰਨਾ-**

ਮੇਰਾ ਯੁਵਾ ਭਾਰਤ, ਪਟਿਆਲਾ, ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਵੱਲੋਂ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ 'ਰਿਫਾਰਮ ਉਤਸਵ - ਗ੍ਰਾਮ ਸਭਾਵਾਂ' ਤਹਿਤ ਪਿੰਡ ਡਕਾਲਾ ਵਿਖੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਪਿੰਡ ਦੇ ਲਗਭਗ 60 ਤੋਂ 70 ਪਿੰਡ ਵਾਸੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਮੇਰਾ ਯੁਵਾ ਭਾਰਤ ਪਟਿਆਲਾ ਦੀਆਂ ਵਲੰਟੀਅਰ ਰਜਨੀ ਸ਼ਰਮਾ ਅਤੇ ਸਿਮਰਨ ਕੌਰ ਵੱਲੋਂ ਪਿੰਡ ਵਾਸੀਆਂ ਨੂੰ ਵੱਖ-ਵੱਖ ਸਮਾਜਿਕ ਅਤੇ ਰੋਜ਼ਾਨਾ ਜੀਵਨ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀਆਂ ਦਿੱਤੀਆਂ ਗਈਆਂ। ਪ੍ਰੋਗਰਾਮ ਦਾ ਮੁੱਖ ਉਦੇਸ਼ ਖਾਸ ਤੌਰ 'ਤੇ ਬਜ਼ੁਰਗਾਂ ਨੂੰ ਬੈਂਕ ਨਾਲ ਸਬੰਧਤ ਜਾਣਕਾਰੀ ਅਤੇ ਬੈਂਕ ਫਾਰਮ ਵਿੱਚ ਲੋੜੀਂਦੀ ਮੁੱਢਲੀ ਜਾਣਕਾਰੀ ਸਹੀ ਢੰਗ ਨਾਲ ਭਰਨ ਬਾਰੇ ਜਾਗਰੂਕ ਕਰਨਾ ਸੀ।

ਵਲੰਟੀਅਰਾਂ ਵੱਲੋਂ ਬਜ਼ੁਰਗਾਂ ਨੂੰ ਬੈਂਕਿੰਗ ਸੇਵਾਵਾਂ ਦੀ ਵਰਤੋਂ ਕਰਦੇ ਸਮੇਂ ਲੋੜੀਂਦੀ ਮੁੱਢਲੀ ਜਾਣਕਾਰੀ ਬਾਰੇ ਸਮਝਾਇਆ ਗਿਆ ਅਤੇ ਉਨ੍ਹਾਂ ਨੂੰ ਆਪਣੀ ਜ਼ਰੂਰੀ ਜਾਣਕਾਰੀ ਸਹੀ ਢੰਗ ਨਾਲ ਭਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਉਪਰਾਲੇ ਦਾ ਮਕਸਦ ਬਜ਼ੁਰਗਾਂ ਵਿੱਚ ਆਤਮ-ਨਿਰਭਰਤਾ ਅਤੇ ਜਾਗਰੂਕਤਾ ਵਧਾਉਣਾ ਸੀ।

ਇਸ ਤੋਂ ਇਲਾਵਾ ਪ੍ਰੋਗਰਾਮ ਦੌਰਾਨ ਸਵੱਛਤਾ ਅਭਿਆਨ ਸਬੰਧੀ ਵੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਪਿੰਡ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ, ਸਾਫ਼-ਸੁਥਰਾ ਵਾਤਾਵਰਣ ਬਣਾਉਣ ਅਤੇ ਸਵੱਛਤਾ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਨਸ਼ਾ ਮੁਕਤ ਭਾਰਤ ਸਬੰਧੀ ਵਿਸ਼ੇਸ਼ ਜਾਗਰੂਕਤਾ ਭਾਸ਼ਣ ਵੀ ਦਿੱਤਾ ਗਿਆ। ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਵਿੱਚ ਨਸ਼ਾ ਮੁਕਤੀ ਦਾ ਸੰਦੇਸ਼ ਫੈਲਾਉਣ ਲਈ ਪ੍ਰੇਰਿਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਨ੍ਹਾਂ ਵੱਲੋਂ ਮੇਰਾ ਯੁਵਾ ਭਾਰਤ ਪਟਿਆਲਾ ਦੇ ਵਲੰਟੀਅਰਾਂ ਵੱਲੋਂ ਕੀਤੇ ਜਾ ਰਹੇ ਜਾਗਰੂਕਤਾ ਉਪਰਾਲੇ ਵਿੱਚ ਸਹਿਯੋਗ ਦਿੱਤਾ ਗਿਆ।

ਗਾਂਧੀ ਜਯੰਤੀ ਦੇ ਮੌਕੇ ਕਰਵਾਇਆ ਗਿਆ ਇਹ ਪ੍ਰੋਗਰਾਮ ਸਵੱਛਤਾ, ਨਸ਼ਾ ਮੁਕਤੀ, ਬਜ਼ੁਰਗਾਂ ਨੂੰ ਬੈਂਕਿੰਗ ਸਬੰਧੀ ਮੁੱਢਲੀ ਜਾਣਕਾਰੀ ਦੇਣ ਅਤੇ ਸਮਾਜਿਕ ਜਾਗਰੂਕਤਾ ਵਧਾਉਣ ਵੱਲ ਇੱਕ ਸਾਰਥਕ ਉਪਰਾਲਾ ਰਿਹਾ। ਮੇਰਾ ਯੁਵਾ ਭਾਰਤ ਪਟਿਆਲਾ ਵੱਲੋਂ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਰਾਹੀਂ ਲੋਕਾਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਨ ਦਾ ਸੰਦੇਸ਼ ਦਿੱਤਾ ਗਿਆ।

# ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ 'ਚ ਵੱਖ-ਵੱਖ ਵਰਗਾਂ ਦੇ ਖਿਡਾਰੀਆਂ ਨੇ ਦਿਖਾਏ ਜੌਹਰ



**ਪਟਿਆਲਾ, 3 ਅਕਤੂਬਰ**
**-ਜੀ. ਐਸ. ਤੁੰਗ-**

ਖੇਡ ਵਿਭਾਗ ਪਟਿਆਲਾ ਨੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਕਰਵਾਈਆਂ। ਇਸ ਦੌਰਾਨ ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ ਸਮੈਸ਼ਿੰਗ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਨਸਿੰਗ ਵਿੱਚ ਵੱਖ-ਵੱਖ ਉਮਰ ਵਰਗ ਦੇ ਖਿਡਾਰੀਆਂ ਨੇ ਵੱਖ-ਵੱਖ ਸਥਾਨਾਂ 'ਤੇ ਆਪਣੇ ਜੌਹਰ ਦਿਖਾਏ। ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਗੁਰਮੁਖ ਸਿੰਘ ਪਹਿਲਵਾਨ (ਮਹਾਰਾਜਾ ਰਣਜੀਤ ਸਿੰਘ ਐਵਾਰਡੀ, ਏਸ਼ੀਅਨ ਗੇਮਜ ਮੈਡਲਿਸਟ), ਕੁਲਵਿੰਦਰ ਕੌਰ ਸੀਨੀਅਰ ਚੀਫ ਕੋਚ ਜੂਡੋ ਐਨ.ਐਸ.ਐਨ.ਆਈ.ਐਸ. ਪਟਿਆਲਾ, ਰਣਧੀਰ ਸਿੰਘ ਇੰਟਰਨੈਸ਼ਨਲ ਪਹਿਲਵਾਨ, ਮਹਿੰਦਰ ਸਿੰਘ ਸੈਕਟਰੀ ਰੈਸਲਿੰਗ ਫੈਡਰੈਸ਼ਨ ਆਫ ਪਟਿਆਲਾ, ਚਰਨਜੀਤ ਸਿੰਘ ਭੁੱਲਰ ਜੂਡੋ ਸਟੇਟ ਐਸੋਸੀਏਸ਼ਨ ਵਾਈਸ ਪ੍ਰੈਜ਼ੀਡੈਂਟ ਅਤੇ ਲੈਕਚਰਾਰ ਐਜੂਕੇਸ਼ਨ ਵਿਭਾਗ, ਸ਼ਾਮ ਭੁੜਕੀ ਚੀਫ ਕੋਚ ਰੈਸਲਿੰਗ ਐਨ.ਐਸ.ਐਨ.ਆਈ.ਐਸ ਪਟਿਆਲਾ ਨੇ ਵੀ ਸ਼ਿਰਕਤ ਕੀਤੀ।

ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕੀਆਂ ਵਿੱਚ ਨਾਭਾ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਅਰਬਨ ਏ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਰੂਰਲ ਦੀ ਟੀਮ ਨੇ ਤੀਸਰਾ ਸਥਾਨ ਅਤੇ ਪਾਤੜਾਂ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਲੜਕੀਆਂ ਵਿੱਚ ਪਟਿਆਲ਼ਾ ਅਰਬਨ ਏ ਦੀ ਟੀਮ ਨੇ ਪਹਿਲਾ ਸਥਾਨ, ਨਾਭਾ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਅਰਬਨ ਬੀ ਦੀ ਟੀਮ ਨੇ ਤੀਸਰਾ ਸਥਾਨ ਅਤੇ ਪਟਿਆਲਾ ਰੂਰਲ ਦੀ ਟੀਮ ਨੇ ਚੌਥਾ ਸਥਾਨ ਪ੍ਰਾਪਤ ਕੀਤਾ।

ਬਾਸਕਟਬਾਲ ਲੜਕੀਆਂ ਅੰਡਰ-21 ਐਸ.ਟੀ. ਮੈਰੀ ਸਕੂਲ ਨੇ ਗੁਰੂਕੁਲ ਸਕੂਲ ਨੂੰ ਹਰਾਇਆ। ਪੰਜਾਬੀ ਯੂਨੀਵਰਸਿਟੀ ਦੀ ਟੀਮ ਨੂੰ ਪੋਲੋ ਗਰਾਊਂਡ ਦੀ ਟੀਮ ਨੇ 37-18 ਦੇ ਫਰਕ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਅੰਡਰ-14 ਲੜਕੀਆਂ ਵਿੱਚ ਪੋਲੋ ਏ ਦੀ ਟੀਮ ਨੇ ਪੋਲੋ ਬੀ ਦੀ ਟੀਮ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ। ਅੰਡਰ-14 ਲੜਕਿਆਂ ਵਿੱਚ ਪੋਲੋ ਏ ਦੀ ਟੀਮ ਆਰ.ਆਰ. ਕੋਚਿੰਗ ਸੈਂਟਰ ਮਲਟੀ ਏ ਦੀ ਟੀਮ ਨੂੰ 37-21 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਅੰਡਰ-17 ਲੜਕੀਆਂ ਵਿੱਚ ਪੋਲੋ ਬੀ ਦੀ ਟੀਮ ਨੂੰ ਪੋਲੋ ਏ ਦੀ ਟੀਮ ਨੇ 16-26 ਦੇ ਫਰਕ ਨਾਲ ਹਰਾਇਆ। ਫੁੱਟਬਾਲ ਅੰਡਰ-17 ਲੜਕਿਆਂ ਵਿੱਚ ਆਰਮੀ ਫੁੱਟਬਾਲ ਕਲੱਬ ਦੀ ਟੀਮ ਨੇ ਤਲਵੰਡੀ ਮਲਿਕ ਦੀ ਟੀਮ ਨੂੰ 4-0 ਨਾਲ ਹਰਾਇਆ। ਪੋਲੋ ਬੀ ਦੀ ਟੀਮ ਨੇ ਮਾਈ ਭਾਗੋ ਬਣਵਾਲਾ ਦੀ ਟੀਮ ਨੂੰ 3-1 ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ। ਨਾਭਾ ਦੀ ਟੀਮ ਨੇ ਸੈਫਦੀਪੁਰ ਦੀ ਟੀਮ ਨੂੰ ਹਰਾਇਆ। ਹਰੀ ਕ੍ਰਿਸ਼ਨ ਪਬਲਿਕ ਸਕੂਲ ਦੀ ਟੀਮ ਨੇ ਅਕਾਲ ਅਕੈਡਮੀ ਸਕੂਲ ਸਿਉਨਾ ਦੀ ਟੀਮ ਨੂੰ ਹਰਾਇਆ। ਫੁੱਟਬਾਲ ਅੰਡਰ-14 ਲੜਕੀਆਂ ਵਿੱਚ ਐਫ.ਸੀ. ਬਹਾਦਰਗੜ੍ਹ ਸੈਂਟਰ ਦੀ ਟੀਮ ਨੇ ਨਾਨਕਸਰ ਅਕੈਡਮੀ ਪਾਤੜਾਂ ਨੂੰ 4-0 ਨਾਲ ਹਰਾਇਆ।

ਅੰਡਰ -17 ਲੜਕੀਆਂ ਵਿੱਚ ਐਵਰੈਸਟ ਸਕੂਲ ਦੀ ਟੀਮ ਨੇ ਮਾਈ ਭਾਗੋ ਅਕੈਡਮੀ ਬਣਵਾਲਾ ਦੀ ਟੀਮ ਨੂੰ 1-0 ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।

ਕਬੱਡੀ ਨੈਸ਼ਨਲ ਸਟਾਇਲ ਅੰਡਰ-17 ਲੜਕੀਆਂ ਵਿੱਚ ਪਟਿਆਲਾ ਦਿਹਾਤੀ ਦੀ ਟੀਮ ਨੇ ਪਹਿਲਾ ਸਥਾਨ, ਘਨੌਰ ਦੀ ਟੀਮ ਨੇ ਦੂਜਾ ਸਥਾਨ ਅਤੇ ਨਾਭਾ ਏ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 ਲੜਕੀਆਂ ਵਿੱਚ ਪਟਿਆਲਾ ਦਿਹਾਤੀ ਦੀ ਟੀਮ ਨੇ ਪਹਿਲਾ ਸਥਾਨ, ਸ਼ੰਭੂ ਦੀ ਟੀਮ ਨੇ ਦੂਸਰਾ ਸਥਾਨ ਅਤੇ ਰਾਜਪੁਰਾ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਲੜਕੀਆਂ ਵਿੱਚ ਸ਼ੰਭੂ ਦੀ ਟੀਮ ਨੇ ਪਹਿਲਾ ਸਥਾਨ, ਘਨੌਰ ਦੀ ਟੀਮ ਨੇ ਦੂਸਰਾ ਸਥਾਨ ਅਤੇ ਪਟਿਆਲਾ ਦਿਹਾਤੀ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਖੋ-ਖੋ ਅੰਡਰ-17 ਲੜਕਿਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਸਰਾ ਸਥਾਨ, ਘਨੌਰ ਅਤੇ ਸਨੌਰ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਜੂਡੋ ਅੰਡਰ-21 ਲੜਕਿਆਂ ਵਿੱਚ ਵੇਟ ਕੈਟਾਗਿਰੀ -51 ਕਿ.ਗ. ਵਿੱਚ ਹਿਮਾਂਸ਼ੂ ਨੇ ਪਹਿਲਾ ਸਥਾਨ, ਸਾਹਿਲ ਨੇ ਦੂਸਰਾ ਸਥਾਨ, ਹਰਮਨਜੋਤ ਸਿੰਘ ਅਤੇ ਜੋਬਨ ਨੇ ਤੀਸਰਾ ਸਥਾਨ ਹਾਸਲ ਕੀਤਾ। -60 ਕਿ.ਗ. ਵਿੱਚ ਸਾਹਿਲ ਨੇ ਪਹਿਲਾ ਸਥਾਨ, ਅਮਨਦੀਪ ਨੇ ਦੂਸਰਾ ਸਥਾਨ ਅਤੇ ਗੁਰਮੁੱਖ ਨੇ ਤੀਸਰਾ ਸਥਾਨ ਹਾਸਲ ਕੀਤਾ। -66 ਕਿ.ਗ ਵਿੱਚ ਅਸ਼ੀਸ਼ ਕੁਮਾਰ ਨੇ ਪਹਿਲਾ ਸਥਾਨ, ਕ੍ਰਿਸ਼ਨਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

ਅੰਡਰ-21 ਲੜਕੀਆਂ ਵਿੱਚ ਵੇਟ ਕੈਟਾਗਿਰੀ -48 ਵਿੱਚ ਮੁਸਕਾਨ ਬਾਂਸਲ ਨੇ ਪਹਿਲਾ ਸਥਾਨ ਅਤੇ ਵਰਸ਼ਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। -63 ਕਿ.ਗ. ਵਿੱਚ ਜੋਸ਼ਨਾ ਅਹੂਜਾ ਨੇ ਪਹਿਲਾ ਸਥਾਨ, ਰਮਨੀਤ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅੰਡਰ21-30 ਲੜਕਿਆਂ ਵਿੱਚ -66 ਕਿ.ਗ ਵਿੱਚ ਅਨੂਜ ਕੁਮਾਰ ਨੇ ਪਹਿਲਾ ਸਥਾਨ, ਦੀਪਕ ਗੋਸਾਈ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। -81 ਕਿ.ਗ. ਵਿੱਚ ਮਦਨ ਲਾਲ ਨੇ ਪਹਿਲਾ ਸਥਾਨ, ਸ਼ੁਭਮ ਕੁਮਾਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

# ਮਾਛੀਵਾੜਾ ਇਲਾਕੇ ਦੇ ਫਰੂਟ ਖਾਣ ਦੇ ਸ਼ਕੀਨਾਂ ਨੂੰ ਖਿਲਾਏ ਜਾਂਦੇ ਨੇ ਗਲੇ ਸੜੇ ਫਲ, ਤਰਕਸਾਰ ਮੰਡੀ ਵਿੱਚ ਪੁੱਜਦਾ ਖਰਾਬ ਫ਼ਲ

**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜੋ ਫਲ ਅਸੀਂ ਬਾਜ਼ਾਰਾਂ ਵਿੱਚ ਖਰੀਦ ਕੇ ਖਾਦੇ ਹਾਂ ,ਉਸ ਵਿੱਚ ਵੀ ਵੱਡੀ ਮਿਲਾਵਟ ਆਉਣ ਲੱਗ ਗਈ ਹੈ। ਦੇਖਣ ਵਿੱਚ ਆ ਰਿਹਾ ਹੈ ਕਿ ਬਾਹਰੋਂ ਸਾਫ ਸੁਥਰੇ ਦਿਖਣ ਵਾਲੇ ਸੇਬ ਅੰਦਰੋਂ ਕਾਲੇ ਅਤੇ ਗਲੇ ਸਾੜੇ ਨਿਕਲਦੇ ਹਨ॥ ਮਾਛੀਵਾੜਾ ਸਬਜ਼ੀ ਮੰਡੀ ਜਿੱਥੋਂ ਕਿ ਸਾਰੇ ਸ਼ਹਿਰ ਤੇ ਪਿੰਡਾਂ ਨੂੰ ਫਰੂਟ ਤੇ ਸਬਜ਼ੀਆਂ ਦੀ ਸਪਲਾਈ ਹੁੰਦੀ ਹੈ ਉੱਥੇ ਅੱਜ ਗਲੇ-ਸੜੇ ਫਰੂਟ ਦੀ ਵਿਕਰੀ ਬਹੁਤ ਹੀ ਘੱਟ ਭਾਅ 'ਤੇ ਵੇਖਣ ਨੂੰ ਮਿਲੀ ਜੋ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੈ ਉੱਥੇ ਸਿਹਤ ਵਿਭਾਗ ਵੀ ਇਸ ਪ੍ਰਤੀ ਬੇਖ਼ਬਰ ਹੈ। ਅੱਜ 'ਜੱਗ ਬਾਣੀ' ਟੀਮ ਵਲੋਂ ਜਦੋਂ ਮਾਛੀਵਾੜਾ ਸਬਜ਼ੀ ਮੰਡੀ ਵਿਚ ਦੇਖਿਆ ਗਿਆ ਤਾਂ ਹਿਮਾਚਲ ਪ੍ਰਦੇਸ਼ ਤੋਂ ਕੁਝ ਸੇਬ ਤੇ ਅਨਾਰ ਦੀਆਂ ਪੇਟੀਆਂ ਵਿਕਣ ਲਈ ਆਈਆਂ ਹੋਈਆਂ ਸਨ। ਹੈਰਾਨੀ ਤਾਂ ਉਸ ਸਮੇਂ ਹੋਈ ਜਦੋਂ ਆੜ੍ਹਤੀਆਂ ਵਲੋਂ ਇਹ ਸੇਬ ਅਵਾਜ਼ ਲਗਾ ਕੇ 20 ਰੁਪਏ ਕਿਲੋ ਅਤੇ ਅਨਾਰ 25 ਰੁਪਏ ਕਿਲੋ ਵੇਚਿਆ ਜਾ ਰਿਹਾ ਸੀ। ਜਦੋਂ ਪੇਟੀਆਂ ਵਿਚ ਪਿਆ ਸੇਬ ਦੇਖਿਆ ਤਾਂ ਉਸ 'ਚੋਂ ਕਾਫ਼ੀ ਸੇਬ ਗਲੇ ਹੋਏ ਸਨ ਅਤੇ ਅਨਾਰ ਦੇ ਹਾਲਾਤ ਇਹ ਸਨ ਕਿ ਉਸਦਾ ਰੰਗ ਹੀ ਬਦਲਿਆ ਹੋਇਆ ਸੀ। ਉੱਥੇ ਮੌਜੂਦ ਆੜ੍ਹਤੀਆਂ ਨੇ ਦੱਸਿਆ ਕਿ ਹਿਮਾਚਲ ਪ੍ਰਦੇਸ਼ ਤੋਂ ਸੇਬ ਦੀ ਕਾਸ਼ਤ ਕਰਨ ਵਾਲਾ ਕਿਸਾਨ ਹੈ ਉਹ ਵਧੀਆ ਸੇਬ ਦੀ ਛਾਂਟੀ ਕਰਕੇ ਉਸ ਨੂੰ ਅਲੱਗ ਪੇਟੀ ਵਿਚ ਕਰ ਦਿੰਦਾ ਹੈ ਅਤੇ ਜੋ ਬਾਕੀ ਖ਼ਰਾਬ ਤੇ ਦਾਗੀ ਸੇਬ ਹੁੰਦਾ ਹੈ ਉਸਨੂੰ ਅਲੱਗ ਪੇਟੀ ਵਿਚ ਭਰ ਕੇ ਸਸਤੇ ਭਾਅ ਵੇਚਣ ਲਈ ਮੰਡੀ ਵਿਚ ਲਿਆਉਂਦਾ ਹੈ।

**ਜੂਸ ਦੀਆਂ ਰੇਹੜੀਆਂ ਅਤੇ ਗਰੀਬ ਲੋਕ ਖਰੀਦਦੇ ਨੇ ਇਹ ਘੱਟ ਭਾਅ ਵਾਲਾ ਫਰੂਟ**

ਸਬਜ਼ੀ ਮੰਡੀ ਵਿਚ ਆੜ੍ਹਤੀਆਂ ਨੇ ਦੱਸਿਆ ਕਿ ਘੱਟ ਭਾਅ ਵਾਲਾ ਫਰੂਟ ਪਿੰਡਾਂ ਵਿਚ ਫੇਰੀਆਂ ਲਗਾਉਣ ਵਾਲੇ ਖਰੀਦ ਕੇ ਲੈ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਗਰੀਬ ਲੋਕ ਘੱਟ ਭਾਅ 'ਤੇ ਫਰੂਟ ਖਰੀਦ ਕੇ ਆਪਣਾ ਸ਼ੌਂਕ ਪੂਰਾ ਕਰਦੇ ਹਨ ਅਤੇ ਜੋ ਗਲਿਆ ਸੇਬ ਹੈ ਉਸ ਨੂੰ ਸੁੱਟ ਦਿੰਦੇ ਹਨ ਜਾਂ ਉਸ 'ਚੋਂ ਵੀ ਕੱਟ ਕੇ ਜੋ ਠੀਕ ਹੈ ਉਹ ਖਾ ਲੈਂਦੇ ਹਨ। ਇਸ ਤੋਂ ਇਲਾਵਾ ਇਹ ਗਲਿਆ ਸੜਿਆ ਅਨਾਰ ਹੈ ਉਸ ਨੂੰ ਜੂਸ ਦੀਆਂ ਰੇਹੜੀਆਂ ਵਾਲੇ ਖਰੀਦ ਕੇ ਲੈ ਜਾਂਦੇ ਹਨ ਜਿਸ ਨੂੰ ਲੋਕ ਬੜੇ ਸ਼ੌਂਕ ਨਾਲ ਬਾਕੀ ਫਰੂਟਾਂ ਵਿਚ ਮਿਕਸ ਕਰਕੇ ਪੀ ਜਾਂਦੇ ਹਨ।

ਜ਼ਰੂਰਤ ਹੈ ਕਿ ਸਿਹਤ ਵਿਭਾਗ ਨੂੰ ਇਨ੍ਹਾਂ ਫਰੂਟਾਂ ਦੀ ਜਾਂਚ ਕਰਨ ਦੀ ਕਿ ਇਹ ਸਿਹਤ ਲਈ ਕਿੰਨੇ ਕੁ ਘਾਤਕ ਹਨ ਅਤੇ ਅਜਿਹੇ ਗਲੇ ਸੜੇ ਫਰੂਟਾਂ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ।

ਜਦੋਂ ਸਿਹਤ ਵਿਭਾਗ ਦੇ ਐਸ.ਐਮ.ਓ. ਡਾ. ਲਖਵਿੰਦਰ ਸਿੰਘ ਨੂੰ ਗਲੇ ਸੜੇ ਫਰੂਟ ਦੀਆਂ ਤਸਵੀਰਾਂ ਦਿਖਾਈਆਂ ਗਈਆਂ ਤਾਂ ਉਨ੍ਹਾਂ ਕਿਹਾ ਕਿ ਸਾਡੀ ਸਿਹਤ ਵਿਭਾਗ ਦੀ ਟੀਮ ਸਬਜ਼ੀ ਮੰਡੀ ਵਿਚ ਜਾ ਕੇ ਜੋ ਸਮਾਨ ਵਿਕ ਰਿਹਾ ਹੈ ਉਸਦੀ ਜਾਂਚ ਕਰੇਗੀ ਅਤੇ ਜੇਕਰ ਕੋਈ ਕੁਤਾਹੀ ਪਾਈ ਗਈ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

# 'ਬੰਦੀ ਸਿੰਘ ਰਿਹਾਈ ਮਾਰਚ' ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਲਈ ਹੋਇਆ ਰਵਾਨਾ

**ਫ਼ਤਹਿਗੜ੍ਹ ਸਾਹਿਬ, 3 ਅਕਤੂਬਰ**
**-ਜੀ. ਐਸ. ਤੁੰਗ-**



ਕੌਮੀ ਇਨਸਾਫ਼ ਮੋਰਚੇ ਵਲੋਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਪੰਜ ਪਿਆਰਿਆਂ ਅਤੇ ਨਸਾਨਚੀ ਸਿੰਘਾਂ ਦੀ ਅਗਵਾਈ ਹੇਠ ਬੰਦੀ ਸਿੰਘ ਰਿਹਾਈ ਮਾਰਚ ਤਖ਼ਤ ਸ੍ਰੀ ਦਮਦਮਾ ਸਾਹਿਬ ਲਈ ਸੰਗਤੀ ਰੂਪ ਵਿਚ ਅਰਦਾਸ ਕਰਨ ਤੋਂ ਬਾਅਦ ਰਵਾਨਾ ਹੋਇਆ। ਇਸ ਬੰਦੀ ਸਿੰਘ ਰਿਹਾਈ ਮਾਰਚ ਵਿਚ ਖਾਸ ਗੱਲ ਇਹ ਰਹੀ ਕਿ ਸ਼੍ਰੋਮਣੀ ਅਕਾਲੀ ਦਲ (ਬ), ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਅਕਾਲੀ ਦਲ ਵਾਰਿਸ ਪੰਜਾਬ ਦੇ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਮੁੱਖ ਆਗੂ ਸਿਆਸੀ ਮੱਤਭੇਦਾਂ ਤੋਂ ਉੱਪਰ ਉੱਠ ਕੇ ਇਸ ਵਿਚ ਸ਼ਾਮਿਲ ਸਨ। ਇਸ ਤੋਂ ਇਲਾਵਾ ਵੱਖ -ਵੱਖ ਕਿਸਾਨ ਜਥੇਬੰਦੀਆਂ ਅਤੇ ਪੰਥਕ ਜਥੇਬੰਦੀਆਂ ਦੇ ਮੁਖੀਆਂ ਸਮੇਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਕੌਮੀ ਇਨਸਾਫ਼ ਮੋਰਚਾ ਦੇ ਆਗੂ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਮਾਰਚ ਪਹਿਲੇ ਪੜਾਅ ਵਿਚ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਵੱਖ ਵੱਖ ਨਗਰਾਂ ਸ਼ਹਿਰਾਂ ਚੋਂ ਹੁੰਦਾ ਹੋਇਆ ਰਾਤ ਵਿਸ਼ਰਾਮ ਗੁਰਦੁਆਰਾ ਸ੍ਰੀ ਨਾਨਕੇਆਣਾ ਸਾਹਿਬ ਸੰਗਰੂਰ ਵਿਖੇ ਹੋਵੇਗਾ। ਜਥੇਦਾਰ ਪੰਜੋਲੀ ਨੇ ਦੱਸਿਆ ਕਿ ਅਗਲੇ ਪੜਾਅ ਵਿਚ ਸ਼੍ਰੋਮਣੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 'ਬੰਦੀ ਸਿੰਘ ਰਿਹਾਈ ਮਾਰਚ' ਦੀ ਸਮਾਪਤੀ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਿਲ ਹੋਵੇਗੀ।

# ਭਾਸ਼ਾ ਵਿਭਾਗ ਪੰਜਾਬ ਵੱਲੋਂ 'ਭਾਈ ਵੀਰ ਸਿੰਘ' ਨੂੰ ਸਮਰਪਿਤ ਸਾਹਿਤਕ ਗੋਸ਼ਟੀ; 'ਪੰਜਾਬੋਂ ਬਾਹਰ ਸਮਾਗਮਾਂ' ਦੀ ਲੜੀ ਤਹਿਤ ਦੇਹਰਾਦੂਨ ਵਿਖੇ ਸਮਾਗਮ

**ਪਟਿਆਲਾ, 3 ਅਕਤੂਬਰ**
**-ਜੀ. ਐਸ. ਤੁੰਗ-**



ਭਾਸ਼ਾ ਵਿਭਾਗ ਪੰਜਾਬ ਵੱਲੋਂ ਆਧੁਨਿਕ ਕਾਲ ਦੇ ਮੋਢੀ ਪੰਜਾਬੀ ਕਵੀ ਅਤੇ ਪੰਜਾਬੀ ਦੇ ਪਹਿਲੇ ਨਾਵਲਕਾਰ ਭਾਈ ਵੀਰ ਸਿੰਘ ਨੂੰ ਸਮਰਪਿਤ ਡਾ. ਬਲਵੀਰ ਸਿੰਘ ਸਾਹਿਤ ਸਦਨ (ਪੰਜਾਬੀ ਯੂਨੀਵਰਸਿਟੀ ਕੈਂਪਸ) ਦੇਹਰਾਦੂਨ ਵਿਖੇ ਸਾਹਿਤਕ ਗੋਸਟੀ ਕਰਵਾਈ ਗਈ। ਜਿਸ ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਉਪਕੁਲਪਤੀ ਡਾ. ਜਗਦੀਪ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸ੍ਰੀ ਹੇਮਕੁੰਡ ਸਾਹਿਬ ਟਰੱਸਟ ਦੇ ਚੇਅਰਮੈਨ ਨਰਿੰਦਰਜੀਤ ਸਿੰਘ ਬਿੰਦਰਾ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਡਾ. ਅਮਰਜੀਤ ਸਿੰਘ ਮੁਖੀ ਪੰਜਾਬੀ ਵਿਭਾਗ, ਜਗਤ ਗੁਰੂ ਨਾਨਕ ਯੂਨੀਵਰਸਿਟੀ ਪਟਿਆਲਾ ਤੇ ਪ੍ਰੋ. ਕਮਲਵੀਰ ਸਿੰਘ ਨੇ ਭਾਈ ਵੀਰ ਸਿੰਘ ਦੀ ਸ਼ਖ਼ਸੀਅਤ ਅਤੇ ਰਚਨਾ ਦੇ ਵੱਖ-ਵੱਖ ਪਹਿਲੂਆਂ ਬਾਰੇ ਵਿਚਾਰ ਪ੍ਰਗਟ ਕੀਤੇ। ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਰੀਦਕੋਟ ਮਨਜੀਤ ਪੁਰੀ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਿਭਾਗ ਦੀਆਂ ਗਤੀਵਿਧੀਆਂ ਅਤੇ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਨੌਜਵਾਨ ਚਿੰਤਕ ਪ੍ਰੋ. ਕਮਲਵੀਰ ਸਿੰਘ ਨੇ 'ਬਸਤੀਵਾਦੀ ਦੌਰ 'ਚ ਭਾਈ ਵੀਰ ਸਿੰਘ ਦੀਆਂ ਲਿਖਤਾਂ' ਵਿਸ਼ੇ ਵਿਚਾਰ ਪੇਸ਼ ਕਰਕੇ ਕੀਤੀ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਆਧੁਨਿਕ ਪੰਜਾਬੀ ਸਾਹਿਤ ਦੇ ਨਿਰਮਾਣ ਕਰਤਾਵਾਂ 'ਚੋਂ ਇੱਕ ਸਨ। ਉਨ੍ਹਾਂ ਨੇ ਅੰਗਰੇਜ਼ ਸਾਮਰਾਜ ਦੀਆਂ ਬਸਤੀਵਾਦੀਆਂ ਨੀਤੀਆਂ ਦੇ ਨਕਾਰਾਤਮਕ ਪੱਖਾਂ ਨੂੰ ਆਪਣੀਆਂ ਲਿਖਤਾਂ ਰਾਹੀਂ ਉਭਾਰਿਆ। ਉਨ੍ਹਾਂ ਦਾ ਦਰਸ਼ਨ ਸ਼ਾਸਤਰ ਉਸ ਸਮੇਂ ਦੇ ਅਵਾਮ ਦੀ ਮਾਨਸਿਕ ਖੜੋਤ ਤੋੜਨ ਵਾਲਾ ਅਤੇ ਨਵੇਂ ਨਾਇਕ ਸਿਰਜਣ ਵਾਲਾ ਸੀ। ਇਸ ਦੇ ਸਮਾਂਤਰ ਉਨ੍ਹਾਂ ਨੇ ਸਿੱਖ ਧਰਮ ਦੇ ਵੱਖ-ਵੱਖ ਪਹਿਲੂਆਂ ਬਾਰੇ ਵੀ ਉੱਚ ਪਾਏ ਦੇ ਸਾਹਿਤ ਦੀ ਸਿਰਜਣਾ ਕੀਤੀ। ਦੂਸਰੇ ਵਕਤਾ ਡਾ. ਅਮਰਜੀਤ ਸਿੰਘ ਨੇ ਕਿਹਾ ਕਿ ਭਾਈ ਵੀਰ ਸਿੰਘ ਦੇ ਸਾਹਿਤ ਦੀਆਂ ਸਾਰੀਆਂ ਪਰਤਾਂ ਨੂੰ ਇੱਕੋ ਚੌਖਟੇ 'ਚ ਲਿਆ ਕੇ ਸਮਝਣ ਦੀ ਲੋੜ ਹੈ। ਸਾਡੇ ਵਿਦਵਾਨ ਉਨ੍ਹਾਂ ਦੀਆਂ ਲਿਖਤਾਂ ਦੇ ਵੱਖ-ਵੱਖ ਵਿਸ਼ਿਆਂ ਦੀ ਪੜਚੋਲ ਕਰਦੇ ਆ ਰਹੇ ਹਨ ਜਿਸ ਕਰਕੇ ਉਨ੍ਹਾਂ ਦੀ ਸਮੁੱਚੀ ਸ਼ਖ਼ਸੀਅਤ ਨੂੰ ਸਮਝਣ ਦੀ ਬਜਾਏ ਉਨ੍ਹਾਂ ਨੂੰ ਕੁਝ ਵਿਦਵਾਨ ਅਕਾਦਮਿਕ ਪੱਧਰ 'ਤੇ ਮੂਲਵਾਦੀ ਸਾਬਤ ਕਰਨ ਦੀ ਕੋਸ਼ਿਸ਼ ਕਰਦੇ ਹਨ। ਭਾਈ ਸਾਹਿਬ ਨੇ ਪ੍ਰੰਪਰਿਕ ਨਾਇਕਾਂ ਦੀ ਥਾਂ ਨਵੇਂ ਨਾਇਕਾਂ ਦੀ ਸਿਰਜਣਾ ਕੀਤੀ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਭਾਈ ਸਾਹਿਬ ਦੀ ਜੀਵਨੀ ਵੀ ਟੋਟਿਆਂ 'ਚ ਲਿਖੀ ਤੇ ਸਮਝੀ ਗਈ ਜਦੋਂ ਕਿ ਇਸ ਨੂੰ ਇਸ ਨੂੰ ਸਮੁੱਚੇ ਰੂਪ 'ਚ ਸਮਝਿਆ ਤੇ ਲਿਖਿਆ ਜਾਣਾ ਚਾਹੀਦਾ ਹੈ। ਸੰਵਾਦ ਨੂੰ ਅੱਗੇ ਤੋਰਦਿਆਂ ਪ੍ਰੋ. ਸੁਦਰਸ਼ਨ ਗਾਸੋ ਨੇ ਕਿਹਾ ਕਿ ਕਿਸੇ ਵੀ ਸਾਹਿਤ ਨੂੰ ਜੇਕਰ ਅਸੀਂ ਸੂਤਰਾਂ 'ਚ ਬੰਨ ਕੇ ਦੇਖਦੇ ਹਾਂ ਤਾਂ ਇਸ ਨਾਲ ਨਿਆ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਸਮੁੱਚਾ ਪੰਜਾਬੀ ਸਾਹਿਤ ਗੁਰਬਾਣੀ ਦੁਆਲੇ ਪਰਿਕਰਮਾ ਕਰਦਾ ਹੈ ਭਾਵ ਇਸ ਤੋਂ ਪ੍ਰਭਾਵਿਤ ਹੈ।

ਸ. ਨਰਿੰਦਰਜੀਤ ਸਿੰਘ ਬਿੰਦਰਾ ਨੇ ਕਿਹਾ ਭਾਈ ਵੀਰ ਸਿੰਘ ਦਾ ਸ੍ਰੀ ਹੇਮਕੁੰਡ ਸਾਹਿਬ ਨਾਲ ਡੂੰਘਾ ਰਿਸ਼ਤਾ ਰਿਹਾ ਹੈ। ਇਸੇ ਕਰਕੇ ਇਸ ਖਿੱਤੇ ਦੇ ਲੋਕ ਉਨ੍ਹਾਂ ਨੂੰ ਧਾਰਮਿਕ ਸ਼ਖ਼ਸੀਅਤ ਵਜੋਂ ਸਤਿਕਾਰ ਦਿੰਦੇ ਹਨ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਨਾਲ ਸਬੰਧਤ ਕਿਸੇ ਵੀ ਪ੍ਰੋਜੈਕਟ ਲਈ ਉਨ੍ਹਾਂ ਦੀ ਸੰਸਥਾ ਹਰ ਪ੍ਰਕਾਰ ਦੀ ਮੱਦਦ ਦੇਣ ਲਈ ਤਿਆਰ ਹੈ। ਮੁੱਖ ਮਹਿਮਾਨ ਡਾ. ਜਗਦੀਪ ਸਿੰਘ ਨੇ ਕਿਹਾ ਕਿ ਭਾਈ ਵੀਰ ਸਿੰਘ ਨੂੰ ਜਿੱਥੇ ਆਧੁਨਿਕ ਪੰਜਾਬੀ ਸਾਹਿਤ ਦਾ ਨਿਰਮਾਤਾ ਕਿਹਾ ਜਾਂਦਾ ਹੈ ਉੱਥੇ ਉਨ੍ਹਾਂ ਨੂੰ ਅਧਿਆਤਮਕ ਸ਼ਖ਼ਸੀਅਤ ਵਜੋਂ ਵੀ ਜਾਣਿਆ ਜਾਂਦਾ ਹੈ। ਉਨ੍ਹਾਂ ਦਾ ਸਭ ਧਰਮਾਂ ਨਾਲ ਰਿਸ਼ਤਾ ਸੀ। ਉਨ੍ਹਾਂ ਆਪਣੀ ਕਲਮ ਨਾਲ ਲੋਕਾਂ ਨੂੰ ਬਸਤੀਵਾਦੀ ਰੁਚੀਆਂ ਅਤੇ ਸਮਾਰਾਜ ਖ਼ਿਲਾਫ਼ ਜਾਗਰੂਕ ਕਰਕੇ ਆਪਣਾ ਦਾਰਸ਼ਨਿਕ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਇੱਥੇ ਭਾਈ ਵੀਰ ਸਿੰਘ ਬਾਰੇ ਅਜਾਇਬ ਘਰ ਬਣਾਉਣ ਲਈ ਯਤਨਸ਼ੀਲ ਹੈ ਜਿਸ ਤਹਿਤ ਉਨ੍ਹਾਂ ਦੀ ਵਿਰਾਸਤ ਸੰਭਾਲੀ ਜਾ ਸਕੇ। ਭਾਸ਼ਾ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਧੰਨਵਾਦੀ ਭਾਸ਼ਣ 'ਚ ਕਿਹਾ ਕਿ ਭਾਸ਼ਾ ਵਿਭਾਗ ਨੇ ਭਾਈ ਵੀਰ ਸਿੰਘ ਵਰਗੀ ਮਹਾਨ ਸ਼ਖ਼ਸੀਅਤ ਬਾਰੇ ਜੁੜ ਬੈਠ ਕੇ ਵਿਚਾਰਾਂ ਕਰਨ ਦੀ ਕੋਸ਼ਿਸ਼ ਕੀਤੀ ਹੈ। ਜਿਸ ਨੇ ਪਹਿਲੀ ਵਾਰ ਪੰਜਾਬੀ 'ਚ ਮਹਾਂਕਾਵਿ ਦੀ ਸਿਰਜਣਾ ਕੀਤੀ ਅਤੇ ਕੁਦਰਤ ਪ੍ਰਤੀ ਬਲਿਹਾਰਤਾ ਨੂੰ ਕਲਮਬੱਧ ਕੀਤਾ। ਇਹ ਸਥਾਨ ਪੰਜਾਬੀਆਂ ਦੇ ਜੁੜਨ ਦਾ ਸਥਾਨ ਬਣ ਚੁੱਕਿਆ ਹੈ, ਭਾਸ਼ਾ ਵਿਭਾਗ ਇੱਥੋਂ ਦੀਆਂ ਸਰਗਰਮੀਆਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦਾ ਰਹੇਗਾ। ਪੰਜਾਬੀ ਯੂਨੀਵਰਸਿਟੀ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਵਿੱਚ ਬਹੁਤ ਸਾਰੀਆਂ ਸਥਾਨਕ ਸ਼ਖ਼ਸੀਅਤਾਂ ਹਾਜ਼ਰ ਸਨ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਅਖ਼ੀਰ ਵਿੱਚ ਮਹਿਮਾਨਾਂ, ਬੁਲਾਰਿਆਂ ਤੇ ਡਾ. ਬਲਵੀਰ ਸਿੰਘ ਸਾਹਿਤ ਕੇਂਦਰ ਦੇ ਇੰਚਾਰਜ ਡਾ. ਕੁਲਵਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

# 'ਮਾਨ ਦੇ ਮੁਨਾਫ਼ੇ' ਮੁਹਿੰਮ: ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਵਾਰਡ ਨੰਬਰ 52 ਵਿਖੇ ਕੀਤੀ ਡੋਰ-ਟੂ-ਡੋਰ ਮੁਲਾਕਾਤ



**ਪਟਿਆਲਾ, 3 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ਇਤਿਹਾਸਕ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਅੱਜ ਵਾਰਡ ਨੰਬਰ 52 ਵਿਖੇ ਪਟਿਆਲਾ ਸ਼ਹਿਰੀ ਤੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਜ਼ੋਰਦਾਰ ਡੋਰ-ਟੂ-ਡੋਰ ਰਾਬਤਾ ਮੁਹਿੰਮ ਚਲਾਈ ਗਈ। ਓਹਨਾ ਨੇ ਖੁਦ ਸ਼ਹਿਰ ਦੀਆਂ ਗਲੀਆਂ ਅਤੇ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਮੁਲਾਕਾਤ ਦੌਰਾਨ ਕੋਹਲੀ ਨੇ ਸ਼ਹਿਰ ਵਾਸੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਦਵਾਈਆਂ ਤੇ ਟੈਸਟ, ਸਰਕਾਰੀ ਸਕੂਲਾਂ 'ਚ ਮੁਫ਼ਤ ਪੜ੍ਹਾਈ ਅਤੇ ਮੁਫ਼ਤ ਤੀਰਥ ਯਾਤਰਾ ਵਰਗੀਆਂ ਗਰੰਟੀਆਂ ਨਾਲ ਹਰ ਪਰਿਵਾਰ ਨੂੰ ਮੁਨਾਫ਼ਾ ਮਿਲ ਰਿਹਾ ਹੈ। ਇਸ ਤੋਂ ਇਲਾਵਾ ਖੇਤਾਂ ਦੀਆਂ ਮੋਟਰਾਂ ਲਈ ਮੁਫ਼ਤ ਬਿਜਲੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ ?10 ਲੱਖ ਤੱਕ ਦਾ ਸਿਹਤ ਬੀਮਾ ਆਮ ਲੋਕਾਂ ਲਈ ਵੱਡੀ ਢਾਲ ਸਾਬਤ ਹੋ ਰਿਹਾ ਹੈ।

ਇਸ ਮੌਕੇ ਵਾਰਡ ਨੰਬਰ 52 ਦੇ ਵਸਨੀਕਾਂ ਨੇ ਵੀ ਮਾਨ ਸਰਕਾਰ ਦੇ ਲੋਕ-ਹਿਤੈਸ਼ੀ ਕੰਮਾਂ 'ਤੇ ਪੂਰਨ ਤਸੱਲੀ ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ ਜਿਸਨੇ ਆਮ ਲੋਕਾਂ ਦੀ ਜੇਬ ਦਾ ਖ਼ਰਚਾ ਘਟਾ ਕੇ ਬੱਚਤ ਕੀਤੀ ਹੈ।

ਇਲਾਕਾ ਵਾਸੀਆਂ ਨੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੂੰ ਭਰੋਸਾ ਦਿਵਾਇਆ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣਗੇ ਅਤੇ ਹਲਕੇ ਤੋਂ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸਰਕਾਰ ਬਣਾਉਣਗੇ।

ਕੋਹਲੀ ਨੇ ਇਲਾਕਾ ਵਾਸੀਆਂ ਵੱਲੋਂ ਮਿਲੇ ਸਮਰਥਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਪਟਿਆਲਾ ਸ਼ਹਿਰੀ ਦੇ ਹਰੇਕ ਨਾਗਰਿਕ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਅਤੇ ਇਲਾਕੇ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਹੀ ਉਨ੍ਹਾਂ ਦਾ ਮੁੱਖ ਟੀਚਾ ਹੈ।

ਇਸ ਮੌਕੇ ਐਮ ਸੀ ਸਾਗਰ ਧਾਲੀਵਾਲ, ਜਸਵਿੰਦਰ ਸਿੰਘ ਸ਼ਬਲੂ ਪ੍ਰਧਾਨ ਧੀਰੂ ਨਗਰ, ਭੁਪਿੰਦਰ ਮੰਚਲ, ਜਸਬੀਰ ਜੱਸੀ ਧੀਰੂ ਨਗਰ, ਦੇਵਿੰਦਰ ਮੱਟੂ, ਪੰਕਜ ਕੁਮਾਰ, ਅਰੁਣ ਕੁਮਾਰ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

# ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਵਾਰ ਮੈਮੋਰੀਅਲ ਤੋਂ ਵਿੱਢੀ ਗਈ ਸਵੱਛਤਾ ਮੁਹਿੰਮ

**ਅੰਮ੍ਰਿਤਸਰ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨ ਵੱਲੋਂ ਐਨ.ਸੀ.ਸੀ. ਦੀ ਫਰਸਟ ਪੰਜਾਬ ਬਟਾਲੀਅਨ ਦੇ ਸਹਿਯੋਗ ਨਾਲ ਵਾਰ ਮੈਮੋਰੀਅਲ ਵਿੱਚ ਸਵੱਛ ਭਾਰਤ ਮੁਹਿੰਮ ਦਾ ਸੁਨੇਹਾ ਦਿੰਦਿਆਂ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਮਗਰੋਂ ਸ਼ਹਿਰ ਵਿੱਚ ਵੱਡੇ ਪੱਧਰ 'ਤੇ ਸ਼੍ਰਮਦਾਨ ਮੁਹਿੰਮ ਵਿੱਢੀ ਗਈ। ਇਸ ਮੌਕੇ ਵੱਡੀ ਗਿਣਤੀ ਵਿਚ ਪੁੱਜੇ ਨੌਜਵਾਨਾਂ ਨੇ ਸ਼੍ਰਮਦਾਨ ਤੋਂ ਪਹਿਲਾਂ ਅਪਣਾ ਆਲਾ ਦੁਆਲਾ ਸਾਫ ਰੱਖਣ ਸਬੰਧੀ ਸਹੁੰ ਚੁੱਕੀ।

ਇਸ ਮੌਕੇ ਸੰਬੋਧਨ ਕਰਦਿਆਂ ਚੀਫ ਸੈਨੇਟਰੀ ਇੰਸਪੈਕਟਰ ਅਨਿਲ ਡੋਗਰਾ ਨੇ ਕਿਹਾ ਕਿ ਧਰਮ ਗ੍ਰੰਥਾਂ 'ਚ ਪਵਨ, ਪਾਣੀ ਅਤੇ ਧਰਤੀ ਦੀ ਮਹੱਤਤਾ ਦਾ ਜ਼ਿਕਰ ਕੀਤਾ ਗਿਆ ਹੈ, ਇਸ ਲਈ ਸਾਨੂੰ ਇੱਕ ਚੰਗੇ ਨਾਗਰਿਕ ਹੋਣ ਦਾ ਸਬੂਤ ਦਿੰਦਿਆਂ ਸਵੱਛਤਾ ਬਾਰੇ ਪਹਿਲ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪੋਲੀਥੀਨ ਦੀ ਵਰਤੋਂ ਨੂੰ ਬੰਦ ਕਰਦਿਆਂ ਕਪੜੇ ਦੇ ਥੈਲੇ ਇਸਤੇਮਾਲ ਕਰਨੇ ਚਾਹੀਦੇ ਹਨ।

ਇਸ ਮੌਕੇ ਐਨ.ਸੀ.ਸੀ. ਅਫ਼ਸਰ ਸੁਖਪਾਲ ਸਿੰਘ ਸੰਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਰਾਸ਼ਟਰਪਿਤਾ ਮਹਾਤਮਾ ਗਾਂਧੀ ਤੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਦੇ ਜਨਮ ਦਿਹਾੜੇ 'ਤੇ ਸਵੱਛਤਾ ਅਭਿਆਨ ਦਾ ਆਗਾਜ਼ ਕੀਤਾ ਗਿਆ ਸੀ। ਪਿਛਲੇ 12 ਵਰ੍ਹਿਆਂ ਵਿੱਚ ਸਵੱਛ ਭਾਰਤ ਇੱਕ ਵੱਡਾ ਅਭਿਆਨ ਬਣਿਆ ਹੈ। ਇਸ ਦੌਰਾਨ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀ ਅਧਿਕਾਰੀ ਨਿਸ਼ਾ ਨੇ ਦੱਸਿਆ ਕਿ ਵਿਕਸਿਤ ਮੁਲਕਾਂ ਵੱਲੋਂ ਸਾਫ ਸਫਾਈ ਵੱਲ ਵਧੇਰੇ ਧਿਆਨ ਦਿੱਤਾ ਜਾਂਦਾ ਹੈ ਅਤੇ ਸਾਡੇ ਮੁਲਕ ਵਿਚ ਵੀ ਅਜਿਹੀ ਪਹਿਲ ਸਰਕਾਰ ਦੇ ਨਾਲ-ਨਾਲ ਲੋਕਾਂ ਨੂੰ ਕਰਨੀ ਹੋਵੇਗੀ।

ਇਸ ਮੌਕੇ ਮਿਉਂਸਪਲ ਕਾਰਪੋਰੇਸ਼ਨ ਦੀ ਸਵੱਛਤਾ ਕੁਆਰਡੀਨੇਟਰ ਮਨਦੀਪ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਚਾਰ ਚੁਫੇਰੇ ਨੂੰ ਸਾਫ ਰੱਖਣ ਲਈ ਹਰ ਦੇਸ਼ਵਾਸੀ ਨੂੰ ਅੱਗੇ ਆਉਣਾ ਪਵੇਗਾ। ਉਨ੍ਹਾਂ ਕਿਹਾ ਕਿ ਪਲਾਸਟਿਕ ਨੂੰ ਸੜਕਾਂ ਉੱਤੇ ਸੁੱਟਣ ਦੇ ਬਜਾਏ ਕੂੜੇਦਾਨ ਵਿੱਚ ਸੁੱਟਿਆ ਜਾਣਾ ਚਾਹੀਦਾ ਹੈ। ਇਸ ਮੌਕੇ ਸੈਨੇਟਰੀ ਇੰਸਪੈਕਟਰ ਦਵਿੰਦਰ ਕੁਮਾਰ, ਨਾਇਬ ਸੂਬੇਦਾਰ ਰਾਜੀਵ ਕੁਮਾਰ, ਹਵਲਦਾਰ ਕੁਲਵਿੰਦਰ ਸਿੰਘ ਅਤੇ ਹਵਲਦਾਰ ਕੁਲਦੀਪ ਸਿੰਘ ਉਚੇਚੇ ਤੌਰ 'ਤੇ ਮੌਜੂਦ ਰਹੇ।

ਇਸ ਪ੍ਰੋਗਰਾਮ ਤਹਿਤ ਵਾਰ ਮੈਮੋਰੀਅਲ ਤੋਂ ਇੰਡੀਆ ਗੇਟ ਤੱਕ ਸਵੱਛਤਾ ਦਾ ਸੁਨੇਹਾ ਦਿੰਦਿਆਂ ਇੱਕ ਰੈਲੀ ਵੀ ਕੱਢੀ ਗਈ। ਇਸਦੇ ਨਾਲ ਹੀ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਅਤੇ ਵਿਦਿਆਰਥੀਆਂ ਨੇ ਸ਼੍ਰਮਦਾਨ ਕੀਤਾ ਅਤੇ ਆਪਣੇ ਆਲੇ ਦੁਆਲੇ ਨੂੰ ਸਾਫ ਰੱਖਣ ਦਾ ਸੁਨੇਹਾ ਦਿੱਤਾ। ਇਸ ਦੌਰਾਨ ਸ਼੍ਰਮਦਾਨ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਪਲਾਸਟਿਕ ਵੇਸਟ ਮੈਨੇਜਮੈਂਟ ਅਤੇ ਪਲਾਸਟਿਕ ਨੂੰ ਰੀਸਾਈਕਲ ਕਰਨ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰੋਗਰਾਮ ਦੌਰਾਨ ਪੇਸ਼ ਕੀਤੇ ਗਏ ਨੁੱਕੜ ਨਾਟਕ ਨੇ ਸਮਾਂ ਬੰਨ੍ਹ ਕੇ ਰੱਖ ਦਿੱਤਾ ਅਤੇ ਸਵੱਛਤਾ ਨੂੰ ਜੀਵਨ ਦਾ ਹਿੱਸਾ ਬਣਾਉਣ ਬਾਰੇ ਰੋਮਾਂਚਕ ਢੰਗ ਨਾਲ ਸਮਝਾਇਆ ਗਿਆ। ਬਹਿਰਹਾਲ ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਆਯੋਜਿਤ ਕੀਤਾ ਗਿਆ ਇਹ ਪ੍ਰੋਗਰਾਮ ਸਫਲ ਹੋ ਨਿੱਬੜਿਆ ਅਤੇ ਇਲਾਕਾ ਵਾਸੀਆਂ ਵਿੱਚ ਸਵੱਛਤਾ ਦੀ ਮਹੱਤਤਾ ਦੇ ਨਾਲ ਨਾਲ ਵਾਤਾਵਰਣ ਦੀ ਸਾਂਭ ਸੰਭਾਲ ਦਾ ਸੁਨੇਹਾ ਦਿੰਦਿਆਂ ਇੱਕ ਨਵੀਂ ਊਰਜਾ ਦਾ ਸੰਚਾਰ ਕਰ ਗਿਆ।

# ਏਸ਼ੀਅਨ ਗੇਮਜ਼ 'ਚ ਲਗਾਤਾਰ ਤੀਜਾ ਤ.ਗਮਾ ਜਿੱਤ ਕੇ ਪਟਿਆਲਾ ਪਰਤੇ ਉਲੰਪੀਅਨ ਤੇਜਿੰਦਰਪਾਲ ਸਿੰਘ ਤੂਰ ਦਾ ਭਰਵਾਂ ਸਵਾਗਤ

**ਪਟਿਆਲਾ, 3 ਅਕਤੂਬਰ**
**-ਛਤਰਪਾਲ ਸਿੰਘ-**



ਏਸ਼ੀਅਨ ਗੇਮਜ਼ ਵਿੱਚ ਅਥਲੈਟਿਕਸ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਲਗਾਤਾਰ ਤੀਜਾ ਤ.ਗਮਾ ਜਿੱਤ ਕੇ ਪਟਿਆਲਾ ਪਰਤੇ ਪੰਜਾਬ ਪੁਲਿਸ ਦੇ ਡੀਐਸਪੀ ਅਤੇ ਉਲੰਪੀਅਨ ਤੇਜਿੰਦਰਪਾਲ ਸਿੰਘ ਤੂਰ ਦਾ ਪੰਜਾਬੀ ਯੂਨੀਵਰਸਿਟੀ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਪ੍ਰੇਮੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਵਿਧਾਇਕ ਗੁਰਲਾਲ ਘਨੌਰ ਦੀ ਅਗਵਾਈ ਹੇਠ ਕਰਵਾਏ ਸਵਾਗਤੀ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਨੌਜਵਾਨਾਂ, ਖਿਡਾਰੀਆਂ ਅਤੇ ਪਟਿਆਲਾ ਵਾਸੀਆਂ ਨੇ ਸ਼ਮੂਲੀਅਤ ਕੀਤੀ ਅਤੇ ਕੌਮਾਂਤਰੀ ਪੱਧਰ 'ਤੇ ਪਟਿਆਲਾ, ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੇ ਉਲੰਪੀਅਨ ਤੂਰ ਨੂੰ ਫੁੱਲਾਂ ਨਾਲ ਲੱਦ ਕੇ ਸਨਮਾਨਿਤ ਕੀਤਾ।

ਇਸ ਮੌਕੇ ਲਗਾਤਾਰ ਦੋ ਏਸ਼ੀਅਨ ਗੇਮਜ਼ ਵਿੱਚ ਸ਼ਾਟਪੁੱਟ ਦਾ ਸੋਨ ਤ.ਗਮਾ ਜਿੱਤਣ ਅਤੇ ਇਸ ਵਾਰ ਚਾਂਦੀ ਦਾ ਤ.ਗਮਾ ਹਾਸਲ ਕਰਨ ਵਾਲੇ ਉਲੰਪੀਅਨ ਤੇਜਿੰਦਰਪਾਲ ਸਿੰਘ ਤੂਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਖਿਡਾਰੀਆਂ ਦੀ ਬਾਂਹ ਫੜੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਅੱਗੇ ਵਧਣ ਲਈ ਲੋੜੀਂਦਾ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸੱਟਾਂ ਕਾਰਨ ਇਸ ਵਾਰ ਉਹ ਸੋਨ ਤ.ਗਮਾ ਹਾਸਲ ਕਰਨ ਤੋਂ ਰਹਿ ਗਏ, ਪਰ ਪਰਿਵਾਰ, ਵਿਭਾਗ ਅਤੇ ਸਰਕਾਰ ਵੱਲੋਂ ਮਿਲ ਰਹੇ ਸਹਿਯੋਗ ਨਾਲ ਉਹ ਆਉਣ ਵਾਲੇ ਕੌਮਾਂਤਰੀ ਮੁਕਾਬਲਿਆਂ ਵਿੱਚ ਸੋਨ ਤ.ਗਮਾ ਜਿੱਤਣ ਲਈ ਪੂਰੀ ਮਿਹਨਤ ਕਰਨਗੇ।

ਉਲੰਪੀਅਨ ਤੂਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਕੈਂਪਾਂ ਤੋਂ ਲੈ ਕੇ ਕੌਮਾਂਤਰੀ ਮੁਕਾਬਲਿਆਂ ਵਿੱਚ ਭਾਗ ਲੈਣ ਤੱਕ ਖਿਡਾਰੀਆਂ ਨੂੰ ਵਿਸ਼ੇਸ਼ ਸਹਾਇਤਾ ਦਿੱਤੀ ਜਾ ਰਹੀ ਹੈ, ਜਿਸ ਨਾਲ ਖਿਡਾਰੀਆਂ ਦਾ ਮਨੋਬਲ ਵਧਿਆ ਹੈ।

ਉਲੰਪੀਅਨ ਤੇਜਿੰਦਰਪਾਲ ਸਿੰਘ ਤੂਰ ਦਾ ਨਿੱਘਾ ਸਵਾਗਤ ਕਰਦਿਆਂ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਤੂਰ ਦੀ ਸ਼ਾਨਦਾਰ ਪ੍ਰਾਪਤੀ ਨੌਜਵਾਨ ਖਿਡਾਰੀਆਂ ਲਈ ਵੱਡੀ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਤੇਜਿੰਦਰਪਾਲ ਸਿੰਘ ਤੂਰ, ਦਲਜੀਤ ਸਿੰਘ ਰਾਣਾ ਅਤੇ ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਵਰਗੀਆਂ ਸ਼ਖ਼ਸੀਅਤਾਂ ਦੀ ਪ੍ਰੇਰਣਾ ਸਦਕਾ ਪਟਿਆਲਾ ਦੇ ਨਵੇਂ ਖਿਡਾਰੀ ਵੀ ਅਥਲੈਟਿਕਸ, ਸ਼ਾਟਪੁੱਟ, ਡਿਸਕਸ ਥਰੋਅ ਸਮੇਤ ਵੱਖ-ਵੱਖ ਖੇਡਾਂ ਵਿੱਚ ਅੱਗੇ ਵੱਧ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਾਟਪੁੱਟ ਅਤੇ ਡਿਸਕਸ ਥਰੋਅ ਵਰਗੀਆਂ ਖੇਡਾਂ ਵਿੱਚ ਕੌਮਾਂਤਰੀ ਪੱਧਰ 'ਤੇ ਤ.ਗਮਾ ਜਿੱਤਣਾ ਕੋਈ ਆਸਾਨ ਪ੍ਰਾਪਤੀ ਨਹੀਂ ਹੈ। ਤੂਰ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਆਪਣੇ ਮਾਪਿਆਂ, ਪਟਿਆਲਾ, ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡ-ਪਿੰਡ ਖੇਡ ਮੈਦਾਨ ਵਿਕਸਤ ਕਰਨ ਅਤੇ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਨਾਲ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਦੇ ਵਧੇਰੇ ਮੌਕੇ ਮਿਲ ਰਹੇ ਹਨ।

ਵਿਧਾਇਕ ਗੁਰਲਾਲ ਘਨੌਰ ਨੇ ਉਮੀਦ ਪ੍ਰਗਟਾਈ ਕਿ ਉਲੰਪੀਅਨ ਤੇਜਿੰਦਰਪਾਲ ਸਿੰਘ ਤੂਰ ਆਉਣ ਵਾਲੇ ਕੌਮਾਂਤਰੀ ਮੁਕਾਬਲਿਆਂ ਵਿੱਚ ਹੋਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੇਸ਼ ਲਈ ਹੋਰ ਤ.ਗਮੇ ਜਿੱਤਣਗੇ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਸਡੀਐਮ ਗੁਰਦੇਵ ਸਿੰਘ, ਦਲਜੀਤ ਸਿੰਘ ਰਾਣਾ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ, ਕੌਮਾਂਤਰੀ ਰੈਸਲਰ ਅਤੇ ਰੈਸਲਿੰਗ ਐਸੋਸੀਏਸ਼ਨ ਪਟਿਆਲਾ ਦੇ ਪ੍ਰਧਾਨ ਰਣਧੀਰ ਸਿੰਘ, ਅਥਲੈਟਿਕਸ ਐਸੋਸੀਏਸ਼ਨ ਦੇ ਪ੍ਰਧਾਨ ਹਰਭਜਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਟਿਆਲਾ ਵਾਸੀ, ਖੇਡ ਪ੍ਰੇਮੀ ਅਤੇ ਪਰਿਵਾਰਕ ਮੈਂਬਰ ਮੌਜੂਦ ਸਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਹੱਦੀ ਜ਼ਿਲ੍ਹਿਆਂ 'ਚ ਨਸ਼ਾ-ਮੁਕਤੀ ਬਾਰੇ ਆਤਮਿਕ ਸੁਧਾਰ ਪ੍ਰੋਗਰਾਮ ਨੂੰ ਪ੍ਰਵਾਨਗੀ

**ਚੰਡੀਗੜ੍ਹ 3 ਅਕਤੂਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨ ਤਾਰਨ ਅਤੇ ਫ਼ਾਜ਼ਿਲਕਾ ਸਮੇਤ ਗੁਰਦਾਸਪੁਰ ਅਤੇ ਕਪੂਰਥਲਾ ਦੀਆਂ ਜੇਲ੍ਹਾਂ ਅਤੇ ਓਟ (ਓ.ਓ.ਏ.ਟੀ.) ਕਲੀਨਿਕਾਂ ਵਿੱਚ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਮਰੀਜ਼ਾਂ ਦੇ ਚੱਲ ਰਹੇ ਡਾਕਟਰੀ ਇਲਾਜ ਦੇ ਨਾਲ-ਨਾਲ ਉਨ੍ਹਾਂ ਦੀ ਮਨੋ-ਸਮਾਜਿਕ ਦੇਖਭਾਲ ਨੂੰ ਹੋਰ ਮਜ਼ਬੂਤ ਕਰਨ ਲਈ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਨੂੰ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ।

ਇਹ ਫ਼ੈਸਲਾ ਅੱਜ ਇੱਥੇ ਮੁੱਖ ਮੰਤਰੀ ਅਤੇ 'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਦੇ ਵਫ਼ਦ ਵਿਚਾਲੇ ਹੋਈ ਮੀਟਿੰਗ ਦੌਰਾਨ ਲਿਆ ਗਿਆ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪਹਿਲਕਦਮੀ ਤਹਿਤ 'ਆਰਟ ਆਫ਼ ਲਿਵਿੰਗ' 'ਤੇ ਆਧਾਰਤ ਆਤਮਿਕ ਸੁਧਾਰ ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਦਵਾਈਆਂ ਦੇ ਇਲਾਜ ਅਤੇ ਲੰਬੇ ਸਮੇਂ ਦੇ ਮਨੋ-ਸਮਾਜਿਕ ਪੁਨਰਵਾਸ ਵਿਚਕਾਰਲੇ ਪਾੜੇ ਨੂੰ ਪੂਰਨਾ ਹੈ। ਉਨ੍ਹਾਂ ਕਿਹਾ ਕਿ ਹਾਲਾਂਕਿ, ਪੰਜਾਬ ਨੇ ਨਸ਼ਿਆਂ ਤੋਂ ਪੀੜਤ ਲੋਕਾਂ ਲਈ ਦਵਾਈਆਂ ਦੀ ਪਹੁੰਚ ਨੂੰ ਵੱਡੇ ਪੱਧਰ 'ਤੇ ਵਧਾਇਆ ਹੈ, ਪਰ ਇਲਾਜ ਦੇ ਸ਼ੁਰੂਆਤੀ ਮਹੀਨਿਆਂ ਦੌਰਾਨ ਮਰੀਜ਼ਾਂ ਨੂੰ ਇਸ ਨਾਲ ਜੋੜੀ ਰੱਖਣਾ ਅਜੇ ਵੀ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ।

ਮੁੱਖ ਮੰਤਰੀ ਨੇ ਕਿਹਾ, ਦਵਾਈਆਂ ਦੇ ਨਾਲ-ਨਾਲ ਨਸ਼ਾ ਛੱਡ ਰਹੇ ਵਿਅਕਤੀ ਦੀ ਮਾਨਸਿਕ ਅਵਸਥਾ ਨੂੰ ਮਜ਼ਬੂਤ ਕਰਨਾ ਵੀ ਓਨਾ ਹੀ ਅਹਿਮ ਹੈ। ਨਸ਼ਾ-ਮੁਕਤੀ ਸਿਰਫ਼ ਡਾਕਟਰੀ ਇਲਾਜ ਤੱਕ ਸੀਮਤ ਨਹੀਂ ਹੈ, ਸਗੋਂ ਇਹ ਜਜ਼ਬਾਤਾਂ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਦੀ



ਵੀ ਲੜਾਈ ਹੈ। ਸੂਬਾ ਸਰਕਾਰ ਨਸ਼ਿਆਂ ਨਾਲ ਲੜ ਰਹੇ ਹਰੇਕ ਵਿਅਕਤੀ ਨੂੰ ਸਨਮਾਨਜਨਕ ਤੇ ਉਸਾਰੂ ਜ਼ਿੰਦਗੀ ਵੱਲ ਲਿਜਾਣ ਅਤੇ ਉਨ੍ਹਾਂ ਦੇ ਮੁਕੰਮਲ ਪੁਨਰਵਾਸ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ, ਇਹ ਪਾਇਲਟ ਵੈੱਲਨੈੱਸ ਪ੍ਰੋਗਰਾਮ ਮੌਜੂਦਾ ਡਾਕਟਰੀ ਇਲਾਜ ਦਾ ਪੂਰਕ ਬਣੇਗਾ ਅਤੇ ਮੈਡੀਕਲ ਸਟਾਫ਼ ਦੇ ਸਹਿਯੋਗ ਨਾਲ ਨਾਲੋ-ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦੀ ਰੂਪ-ਰੇਖਾ ਇਸ ਢੰਗ ਨਾਲ ਤਿਆਰ ਕੀਤੀ ਗਈ ਹੈ ਕਿ ਸਿਖਲਾਈ ਪ੍ਰਾਪਤ ਸਥਾਨਕ ਅਮਲਾ ਹੌਲੀ-ਹੌਲੀ ਇਸ ਦੀ ਵਾਗਡੋਰ ਸੰਭਾਲ ਲਵੇਗਾ, ਜਿਸ ਨਾਲ ਬਾਹਰੀ ਸਹਾਇਤਾ 'ਤੇ ਨਿਰਭਰ ਰਹੇ ਬਿਨਾਂ ਇਸ ਦਾ ਨਿਰੰਤਰ ਸੰਚਾਲਨ ਯਕੀਨੀ ਹੋ ਸਕੇਗਾ।

ਉਨ੍ਹਾਂ ਅੱਗੇ ਕਿਹਾ, ਇਹ ਪਹਿਲਕਦਮੀ ਨਸ਼ਿਆਂ ਖ਼ਿਲਾਫ਼ ਮਹਿਜ਼ ਕਾਨੂੰਨੀ ਕਾਰਵਾਈ ਤੋਂ ਅੱਗੇ ਵਧ ਕੇ ਪੁਨਰਵਾਸ, ਦੁਬਾਰਾ ਨਸ਼ੇ ਦੀ ਲਤ ਲੱਗਣ ਤੋਂ ਰੋਕਣ, ਭਾਈਚਾਰਕ ਸਾਂਝ ਅਤੇ ਲੰਮੇ ਸਮੇਂ ਦੇ ਸੁਧਾਰ 'ਤੇ ਵਧੇਰੇ ਜ਼ੋਰ ਦਿੰਦਿਆਂ ਯੁੱਧ ਨਸ਼ਿਆਂ ਵਿਰੁੱਧ ਨੂੰ ਹੋਰ ਮਜ਼ਬੂਤੀ ਦੇਵੇਗੀ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਪੰਜਾਬ ਨਸ਼ਿਆਂ ਵਿਰੁੱਧ ਆਪਣੀ ਲੜਾਈ ਹਰ ਸੰਭਵ ਸਾਧਨ ਜਿਵੇਂ ਕਿ ਡਾਕਟਰੀ ਇਲਾਜ, ਕਾਊਂਸਲਿੰਗ, ਪੁਨਰਵਾਸ, ਸਮਾਜਿਕ ਸਹਿਯੋਗ ਅਤੇ ਸਖ਼ਤ ਕਾਨੂੰਨੀ ਕਾਰਵਾਈ ਰਾਹੀਂ ਜਾਰੀ ਰੱਖੇਗਾ। ਸਾਡਾ ਮੰਤਵ ਬਿਲਕੁਲ ਸਪੱਸ਼ਟ ਹੈ: ਲੋਕਾਂ ਨੂੰ ਇਲਾਜ ਤੱਕ ਸਿਰਫ਼ ਲਿਆਉਣਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਇਲਾਜ ਨਾਲ ਜੋੜੀ ਰੱਖਣਾ ਅਤੇ ਸਵੈ-ਮਾਣ ਤੇ ਇੱਜ਼ਤ ਭਰੀ ਤੰਦਰੁਸਤ ਜ਼ਿੰਦਗੀ ਵੱਲ ਵਾਪਸ ਮੋੜਨਾ ਹੈ। ਉਨ੍ਹਾਂ ਕਿਹਾ, ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਚੇਨ ਤੋੜ ਕੇ ਅਤੇ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜ ਕੇ ਪਹਿਲਾਂ ਹੀ ਨਸ਼ਾ ਤਸਕਰੀ ਨੈੱਟਵਰਕ ਦਾ ਲੱਕ ਤੋੜ ਦਿੱਤਾ ਹੈ। ਹੁਣ ਅਗਲਾ ਅਹਿਮ ਕਦਮ ਨਸ਼ੇ ਤੋਂ ਪ੍ਰਭਾਵਿਤ ਲੋਕਾਂ ਦਾ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਪੁਨਰਵਾਸ ਯਕੀਨੀ ਬਣਾਉਣਾ ਹੈ ਤਾਂ ਜੋ ਉਹ ਆਪਣਾ ਜੀਵਨ ਸਵੈ-ਮਾਣ ਨਾਲ ਜਿਉਂ ਸਕਣ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਨੂੰ ਮਾਨਸਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਧਰਤੀ ਹੇਠਲੇ ਪਾਣੀ ਦੇ ਰੀਚਾਰਜ ਅਤੇ ਸੰਭਾਲ ਲਈ ਵਿਆਪਕ ਰਣਨੀਤੀਆਂ ਉਲੀਕਣ ਹਿੱਤ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ, ਇਹ ਪਹਿਲਕਦਮੀ ਪਹਿਲਾਂ ਮਾਨਸਾ ਅਤੇ ਸੰਗਰੂਰ ਵਿੱਚ ਲਾਗੂ ਕੀਤੀ ਜਾਵੇਗੀ ਅਤੇ ਬਾਅਦ ਵਿੱਚ ਇਸ ਦਾ ਵਿਸਥਾਰ ਪੂਰੇ ਸੂਬੇ ਵਿੱਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਇੱਕ-ਇੱਕ ਬੂੰਦ ਬਚਾਉਣੀ ਜ਼ਰੂਰੀ ਹੈ ਤਾਂ ਜੋ ਕੁਦਰਤ ਦੇ ਇਸ ਅਣਮੁੱਲੇ ਤੋਹਫ਼ੇ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਿਆ ਜਾ ਸਕੇ।

# ਝਾੜ ਸਾਹਿਬ ਕਾਲਜ ਵਿਖੇ ਲਗਾਇਆ ਗਿਆ ਖ਼ੂਨਦਾਨ ਕੈਂਪ




**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ (ਲਧਿਆਣਾ) ਵਿਖੇ ਮਨੁੱਖਤਾ ਦੀ ਸੇਵਾ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਰੈੱਡ ਰਿਬਨ ਕਲੱਬ ਅਤੇ ਰੈੱਡ ਕਰਾਸ ਕਲੱਬ ਵੱਲੋਂ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ(ਐਨ.ਜੀ.ਓ) ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥਣਾਂ ਅਤੇ ਸਮਾਜ ਵਿਚ ਖੂਨਦਾਨ ਦੀ ਮਹੱਤਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਵਿਚ ਯੋਗਦਾਨ ਪਾਉਣਾ ਸੀ।ਇਹ ਕੈਂਪ ਪ੍ਰਿੰਸੀਪਲਡਾ.ਰਜਿੰਦਰ ਕੌਰ ਦੀ ਰਹਿਨੁਮਾਈ ਅਤੇ ਕਨਵੀਨਰ ਹਰਪ੍ਰੀਤ ਕੌਰ, ਕੋ-ਕਨਵੀਨਰ ਮਿਸ ਅਮਨਦੀਪ ਕੌਰ ਅਤੇ ਮਿਸ ਆਰਤੀ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ, ਜਿੰਨ੍ਹਾਂ ਦੁਆਰਾ ਕੈਂਪ ਦੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਸੰਭਾਲਿਆ ਗਿਆ।ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸਿਵਲੀ ਨੇ ਵੀ ਕੈਂਪ ਨੂੰ ਸਫ਼ਲ ਬਣਾਉਣ ਲਈ ਆਪਣਾ ਮਹੱਤਵਪੂਰਨ ਸਹਿਯੋਗ ਦਿੱਤਾ।ਖੂਨ ਇਕੱਤਰ ਕਰਨ ਅਤੇ ਖੂਨਦਾਨੀਆਂ ਦੀ ਸਿਹਤ ਜਾਂਚ ਲਈ ਕਰਨ ਬਲੱਡ ਬੈਂਕ, ਸਮਰਾਲਾ ਦੀ ਵਿਸ਼ੇਸ਼ ਡਾਕਟਰੀ ਟੀਮ ਕਾਲਜ ਵਿਖੇ ਪਹੁੰਚੀ। ਡਾਕਟਰੀ ਟੀਮ ਵਿਚ .ਨਰਿੰਦਰ ਸਿੰਘ ਅਤੇ ਮਿਸ ਪ੍ਰਭਜੋਤ ਕੌਰ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਡਾਕਟਰੀ ਟੀਮ ਵੱਲੋਂ ਖ਼ੂਨਦਾਨ ਕਰਨ ਵਾਲਿਆਂ ਦੀ ਲੋੜੀਂਦੀ ਸਿਹਤ ਜਾਂਚ ਕੀਤੀ ਗਈ ਅਤੇ ਖੂਨਦਾਨ ਦੀ ਪ੍ਰਕਿਰਿਆ ਨੂੰ ਸੁਚੱਜੇ ਅਤੇ ਸੁਰੱਖਿਅਤ ਢੰਗ ਨਾਲ ਪੂਰਾ ਕੀਤਾ ਗਿਆ।ਕਾਲਜ ਦੀਆਂ ਵਿਦਿਆਰਥਣਾਂ ਅਤੇ ਸਟਾਫ਼ ਮੈਂਬਰਾਂ ਨੇ ਖੂਨਦਾਨ ਕੈਂਪ ਵਿਚ ਉਤਸਾਹ ਨਾਲ ਹਿੱਸਾ ਲਿਆ ਅਤੇ ਮਨੁੱਖਤਾ ਦੀ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।ਰੈੱਡ ਰਿਬਨ ਕਲੱਬ ਦੇ ਇੰਚਾਰਜ ਹਰਪ੍ਰੀਤ ਕੌਰ ਨੇ ਖੂਨਦਾਨੀਆਂ ਨੂੰ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸੇ ਲੋੜਵੰਦ ਵਿਅਕਤੀ ਨੂੰ ਸਮੇਂ ਸਿਰ ਮਿਲਿਆ ਖੂਨ ਉਸ ਦੀ ਜ਼ਿੰਦਗੀ ਬਚਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਸ ਮੌਕੇ ਵਿਦਿਆਰਥਣਾਂ ਨੂੰ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰਦਿਆਂ ਭਵਿੱਖ ਵਿਚ ਵੀ ਅਜਿਹੀਆਂ ਸਮਾਜ ਸੇਵੀ ਗਤੀਵਿਧੀਆਂ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਕੈਂਪ ਦੀ ਸਫ਼ਲਤਾ ਵਿਚ ਵਲੰਟੀਅਰਾਂ ਨੇ ਵੀ ਅਹਿਮ ਭੂਮਿਕਾ ਨਿਭਾਈ।

ਕੈਂਪ ਦੌਰਾਨ ਆਪਣੀਆਂ ਸੇਵਾਵਾਂ ਦੇਣ ਵਾਲੇ ਵਲੰਟੀਅਰਾਂ ਨੂੰ ਉਨ੍ਹਾਂ ਦੀ ਮਿਹਨਤ, ਸਮਰਪਣ ਅਤੇ ਸਹਿਯੋਗ ਲਈ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੇ ਭਵਿੱਖ ਵਿਚ ਵੀ ਸਮਾਜ ਸੇਵਾ ਦੇ ਕਾਰਜਾਂ ਵਿਚ ਸਰਗਰਮ ਭੂਮਿਕਾ ਨਿਭਾਉਣ ਦਾ ਸੰਕਲਪ ਲਿਆ। ਅੰਤ ਵਿਚ ਪ੍ਰਿੰਸੀਪਲਡਾ.ਰਜਿੰਦਰ ਕੌਰ ਨੇ ਕਿਹਾ ਕਿ ਖੂਨਦਾਨ ਇੱਕ ਮਹਾਨ ਸਮਾਜ ਸੇਵਾ ਹੈ ਅਤੇ ਹਰ ਤੰਦਰੁਸਤ ਵਿਅਕਤੀ ਨੂੰ ਆਪਣੀ ਸਮਰੱਥਾ ਅਨੁਸਾਰ ਇਸ ਨੇਕ ਕਾਰਜ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਨੇ ਰੈੱਡ ਰਿਬਨ ਕਲੱਬ ਅਤੇ ਰੈੱਡ ਕਰਾਸ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਨਰਿੰਦਰਪਾਲ ਸਿੰਘ, ਡਾ.ਰਣਜੀਤਕੌਰ, ਬਲਜਿੰਦਰ ਕੌਰ,ਮੈਡਮ ਨੀਸ਼ੂ ਅਤੇ ਸੁਖਵੀਰ ਸਿੰਘ ਵੀ ਮੌਜੂਦ ਸਨ।

# ਪ੍ਰਸ਼ਾਸਕ ਨੇ ਨਿਯਮਿਤ ਸਵੈ-ਇੱਛਤ ਖ਼ੂਨਦਾਨ ਨੂੰ 'ਜਨ-ਅੰਦੋਲਨ' ਬਣਾਉਣ ਦਾ ਸੱਦਾ ਦਿੱਤਾ

**ਚੰਡੀਗੜ੍ਹ, 3 ਅਕਤੂਬਰ**
**-ਹਰਮਨਪ੍ਰੀਤ ਕੌਰ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਾਗਰਿਕਾਂ ਨੂੰ ਨਿਯਮਿਤ ਤੌਰ 'ਤੇ ਸਵੈ-ਇੱਛਤ ਖ਼ੂਨਦਾਨ ਕਰਨ ਅਤੇ ਇਸ ਨੂੰ ਇੱਕ ਨਿਰੰਤਰ ਸਮਾਜਿਕ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਇਹ ਸਮਾਗਮ 'ਰਾਸ਼ਟਰੀ ਸਵੈ-ਇੱਛਤ ਖ਼ੂਨਦਾਨ ਦਿਵਸ' ਅਵਸਰ 'ਤੇ ਜੀਐੱਮਸੀਐੱਚ- 32 ਵੱਲੋਂ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ 'ਟ੍ਰਾਂਸਫਿਊਜ਼ਨ ਮੈਡੀਸਿਨ' ਵਿਭਾਗ ਨੇ ਲੋੜਵੰਦ ਮਰੀਜ਼ਾਂ ਨੂੰ ਸਮੇਂ 'ਤੇ ਸੁਰੱਖਿਅਤ ਖ਼ੂਨ ਉਪਲਬਧ ਕਰਵਾਉਣ ਵਿੱਚ ਸਵੈ-ਇੱਛਤ ਖ਼ੂਨਦਾਨ ਦੇ ਮਹੱਤਵ ਬਾਰੇ ਦੱਸਿਆ।

ਪ੍ਰਸ਼ਾਸਕ ਨੇ ਸਮਾਗਮ ਵਿੱਚ ਮੌਜੂਦ ਨੌਜਵਾਨਾਂ, ਗ਼ੈਰ- ਸਰਕਾਰੀ ਸੰਗਠਨਾਂ ਦੇ ਪ੍ਰਤੀਨਿਧੀਆਂ ਅਤੇ ਹੋਰ ਪ੍ਰਤੀਭਾਗੀਆਂ ਦੇ ਨਾਲ ਸਵੈ-ਇੱਛਤ ਖ਼ੂਨਦਾਨ ਕਰਨ ਦੀ ਸਹੁੰ ਵੀ ਚੁਕਾਈ।




ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਦੇ ਵਿਭਿੰਨ ਗ਼ੈਰ-ਸਰਕਾਰੀ ਸੰਗਠਨਾਂ ਦੇ ਨਾਲ-ਨਾਲ ਥੈਲੇਸੀਮੀਆ ਤੋਂ ਪੀੜਿਤ ਬੱਚਿਆਂ ਲਈ ਨਿਯਮਿਤ ਖ਼ੂਨਦਾਨ ਕਰਨ ਵਾਲੇ ਖ਼ੂਨਦਾਨੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਜਿਨ੍ਹਾਂ ਪਰਿਵਾਰਾਂ ਨੇ ਮੈਡੀਕਲ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਟ੍ਰੇਨਿੰਗ ਲਈ ਆਪਣੇ ਸਵਰਗਵਾਸੀ ਰਿਸ਼ਤੇਦਾਰਾਂ ਦੀਆਂ ਮ੍ਰਿਤਕ ਦੇਹਾਂ ਜੀਐੱਮਸੀਐੱਚ, ਚੰਡੀਗੜ੍ਹ ਨੂੰ ਦਾਨ ਕੀਤੀਆਂ, ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਪ੍ਰਸ਼ਾਸਕ ਨੇ ਦੱਸਿਆ ਕਿ ਚੰਡੀਗੜ੍ਹ ਨੇ 2025-26 ਦੌਰਾਨ 1,028 ਸਵੈ-ਇੱਛਤ ਖ਼ੂਨਦਾਨ ਕੈਂਪ ਲਗਾਏ ਅਤੇ 1,06,064 ਯੂਨਿਟ ਖ਼ੂਨ ਇਕੱਠਾ ਕੀਤਾ, ਜਿਸ ਨਾਲ ਇਹ ਲਗਾਤਾਰ ਚੌਥੇ ਸਾਲ ਸਵੈ-ਇੱਛਤ ਖ਼ੂਨਦਾਨ ਵਿੱਚ ਬਿਹਤਰੀਨ ਕੇਂਦਰ ਸ਼ਾਸਿਤ ਪ੍ਰਦੇਸ਼ ਹੋਣ ਦਾ ਪੁਰਸਕਾਰ ਬਰਕਰਾਰ ਰੱਖਣ ਵਿੱਚ ਕਾਮਯਾਬ ਰਿਹਾ।

ਨੌਜਵਾਨਾਂ ਦੀ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ, ਸ਼੍ਰੀ ਕਟਾਰੀਆ ਨੇ ਨਾਗਰਿਕਾਂ, ਵਿੱਦਿਅਕ ਸੰਸਥਾਵਾਂ, ਉਦਯੋਗਾਂ, ਸਮਾਜਿਕ ਅਤੇ ਧਾਰਮਿਕ ਸੰਗਠਨਾਂ ਅਤੇ ਗ਼ੈਰ-ਸਰਕਾਰੀ ਸੰਗਠਨਾਂ ਨੂੰ ਨਿਯਮਿਤ ਸਵੈ-ਇੱਛਤ ਖ਼ੂਨਦਾਨ ਨੂੰ ਹੁਲਾਰਾ ਦੇਣ ਅਤੇ ਇਸ ਨਾਲ ਜੁੜੀਆਂ ਗਲਤ ਧਾਰਨਾਵਾਂ ਨੂੰ ਦੂਰ ਕਰਨ ਦੀ ਤਾਕੀਦ ਕੀਤੀ। ਉਨ੍ਹਾਂ ਨੇ ਕਿਹਾ ਕਿ ਖ਼ੂਨ ਦਾ ਨਿਰਮਾਣ ਨਹੀਂ ਕੀਤਾ ਜਾ ਸਕਦਾ ਅਤੇ ਸਵੈ-ਇੱਛਤ ਖ਼ੂਨਦਾਨੀ ਹੀ ਇਸ ਦਾ ਇੱਕੋ-ਇੱਕ ਮਾਨਵੀ ਸਰੋਤ ਹਨ। ਉਨ੍ਹਾਂ ਨੇ ਸਾਰਿਆਂ ਨੂੰ ਇਹ ਸੁਨਿਸ਼ਚਿਤ ਕਰਨ ਦਾ ਸੱਦਾ ਦਿੱਤਾ ਕਿ ਖ਼ੂਨ ਦੀ ਉਪਲਬਧਤਾ ਨਾ ਹੋਣ ਕਾਰਨ ਕਿਸੇ ਵੀ ਮਰੀਜ਼ ਦਾ ਇਲਾਜ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਨੇ ਕਿਹਾ ਕਿ ਚੰਡੀਗੜ੍ਹ ਦੀ ਪਹਿਚਾਣ ਕੇਵਲ ਇੱਕ ਆਧੁਨਿਕ, ਸਵੱਛ ਅਤੇ ਸੁੰਦਰ ਸ਼ਹਿਰ ਦੇ ਰੂਪ ਵਿੱਚ ਹੀ ਨਹੀਂ, ਬਲਕਿ ਸਵੈ-ਇੱਛਤ ਖ਼ੂਨਦਾਨ, ਨਿਰਸੁਆਰਥ ਸੇਵਾ ਅਤੇ ਮਾਨਵੀ ਜ਼ਿੰਮੇਦਾਰੀ ਦੇ ਮਜ਼ਬੂਤ ਸੱਭਿਆਚਾਰ ਵਾਲੇ ਸ਼ਹਿਰ ਦੇ ਰੂਪ ਵਿੱਚ ਵੀ ਹੋਣੀ ਚਾਹੀਦੀ ਹੈ।

ਸਵੈ-ਇੱਛਤ ਖ਼ੂਨਦਾਨ ਲੋੜਵੰਦ ਮਰੀਜ਼ਾਂ ਲਈ ਉਚਿਤ ਮਾਤਰਾ ਵਿੱਚ ਸੁਰੱਖਿਅਤ ਖ਼ੂਨ ਦੀ ਉਪਲਬਧਤਾ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਰਜਰੀ ਅਤੇ ਮੈਡੀਕਲ ਐਮਰਜੈਂਸੀ ਦੇ ਇਲਾਵਾ ਜਣੇਪੇ ਦੇ ਦੌਰਾਨ ਕਠਿਨਾਈਆਂ ਦੇ ਕਾਰਨ ਅਧਿਕ ਖ਼ੂਨ ਦੀ ਜ਼ਰੂਰਤ ਵਾਲੀਆਂ ਮਹਿਲਾਵਾਂ, ਗੰਭੀਰ ਅਨੀਮੀਆ ਤੋਂ ਪੀੜਿਤ ਬੱਚਿਆਂ ਅਤੇ ਥੈਲੇਸੀਮੀਆ, ਹੀਮੋਫੀਲੀਆ ਅਤੇ ਹੋਰ ਖ਼ੂਨ ਸਬੰਧੀ ਬਿਮਾਰੀਆਂ ਤੋਂ ਪੀੜਿਤ ਮਰੀਜ਼ਾਂ ਦੇ ਇਲਾਜ ਵਿੱਚ ਵੀ ਖ਼ੂਨ ਦੀ ਨਿਯਮਿਤ ਜ਼ਰੂਰਤ ਹੁੰਦੀ ਹੈ।

ਇਸ ਅਵਸਰ 'ਤੇ ਸਿਹਤ ਸਕੱਤਰ ਸ਼੍ਰੀ ਮਨਦੀਪ ਸਿੰਘ ਬਰਾੜ; ਡਾਇਰੈਕਟਰ ਪ੍ਰਿੰਸੀਪਲ ਪ੍ਰੋਫੈਸਰ ਰਵਨੀਤ ਕੌਰ; ਜੁਆਇੰਟ ਡਾਇਰੈਕਟਰ ਡਾ. ਅਤੁਲ ਧਕਨੇ; ਅਤੇ ਮੈਡੀਕਲ ਸੁਪਰਡੈਂਟ ਪ੍ਰੋਫੈਸਰ ਵਿਸ਼ਾਲ ਗੁਗਲਾਨੀ ਵੀ ਉਪਸਥਿਤ ਸਨ।

ਪ੍ਰਸ਼ਾਸਕ ਨੇ ਸਵੈ-ਇੱਛਤ ਖ਼ੂਨਦਾਨੀਆਂ, ਜੀਐੱਮਸੀਐੱਚ- 32 ਦੇ ਟਰਾਂਸਫਿਊਜ਼ਨ ਮੈਡੀਸਿਨ ਵਿਭਾਗ ਦੇ ਡਾਕਟਰਾਂ, ਤਕਨੀਕੀ ਅਤੇ ਨਰਸਿੰਗ ਸਟਾਫ਼, ਅਤੇ ਪੂਰੇ ਵਰ੍ਹੇ ਖ਼ੂਨਦਾਨ ਕੈਂਪ ਆਯੋਜਿਤ ਕਰਨ ਵਾਲੇ ਸੰਗਠਨਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

# ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਜਿੰਪਾ ਤੇ ਡਿਪਟੀ ਕਮਿਸ਼ਨਰ ਨੇ ਹੁਸ਼ਿਆਰਪੁਰ ਦਾਣਾ ਮੰਡੀ 'ਚ ਕਰਵਾਈ ਝੋਨੇ ਦੀ ਖਰੀਦ ਦੀ ਸ਼ੁਰੂਆਤ

**ਹੁਸ਼ਿਆਰਪੁਰ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬ੍ਰਮ ਸ਼ੰਕਰ ਜਿੰਪਾ ਅਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਦਾਣਾ ਮੰਡੀ ਹੁਸ਼ਿਆਰਪੁਰ ਵਿੱਚ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਨੇ ਪਿੰਡ ਰਾਜਪੁਰ ਭਾਈਆਂ ਦੇ ਕਿਸਾਨ ਸੁਖਵਿੰਦਰ ਸਿੰਘ ਦੀ ਢੇਰੀ ਤੋਂ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਅਤੇ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੂਰੇ ਸੂਬੇ ਵਿੱਚ ਅੱਜ ਝੋਨੇ ਦੀ ਖਰੀਦ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਝੋਨੇ ਦੀ ਖਰੀਦ ਲਈ ਸਰਕਾਰ ਨੂੰ 43,786 ਕਰੋੜ ਰੁਪਏ ਦੀ ਸੀ.ਸੀ.ਐਲ. ਲਿਮਿਟ ਪ੍ਰਾਪਤ ਹੋ ਚੁੱਕੀ ਹੈ ਅਤੇ ਖਰੀਦ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਕਿਹਾ ਕਿ



ਮੰਡੀਆਂ ਵਿੱਚ ਲੋੜੀਂਦੀ ਮਾਤਰਾ ਵਿੱਚ ਬਾਰਦਾਨਾ ਉਪਲਬਧ ਹੈ ਅਤੇ ਜ਼ਿਲ੍ਹੇ ਵਿੱਚ ਨਿਰਧਾਰਤ ਖਰੀਦ ਟੀਚਾ ਪੂਰਾ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਖਰੀਦੇ ਗਏ ਝੋਨੇ ਦੀ ਸਮੇਂ ਸਿਰ ਲਿਫਟਿੰਗ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ ਅਤੇ ਮੰਡੀਆਂ ਵਿੱਚ ਕਿਸਾਨਾਂ ਅਤੇ ਆੜ੍ਹਤੀਆਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਨਮੀ ਦੇ ਮਾਪਦੰਡਾਂ ਅਨੁਸਾਰ ਸੁੱਕਾ ਝੋਨਾ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀ ਫ਼ਸਲ ਦੀ ਖਰੀਦ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਹੋ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਉਚਿਤ ਮੁੱਲ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਂਦੇ ਹੋਏ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਪੂਰਾ ਕਰਨਾ ਹੈ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਾਲ 2025-26 ਦੌਰਾਨ ਜ਼ਿਲ੍ਹੇ ਵਿੱਚ 3,23,524 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਸੀ, ਜਦਕਿ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੀਆਂ 65 ਰੈਗੂਲਰ ਅਤੇ 13 ਆਰਜ਼ੀ ਮੰਡੀਆਂ ਵਿੱਚ ਕਰੀਬ 4,15,000 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਡੀ ਹੁਸ਼ਿਆਰਪੁਰ ਵਿੱਚ ਪਿਛਲੇ ਸਾਲ 12,421 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਸੀ, ਜਦਕਿ ਇਸ ਵਾਰ ਕਰੀਬ 16,458 ਮੀਟ੍ਰਿਕ ਟਨ ਖਰੀਦ ਹੋਣ ਦਾ ਅਨੁਮਾਨ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਖਰੀਦ ਸਬੰਧੀ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਸਾਰੀਆਂ ਮੰਡੀਆਂ ਵਿੱਚ ਬਾਰਦਾਨਾ ਪਹੁੰਚ ਚੁੱਕਾ ਹੈ ਅਤੇ ਇਸ ਦੀ ਕੋਈ ਕਮੀ ਨਹੀਂ ਹੈ। ਲੇਬਰ ਅਤੇ ਢੋਆ-ਢੁਆਈ ਦੇ ਟੈਂਡਰ ਵੀ ਪਹਿਲਾਂ ਹੀ ਫਾਈਨਲ ਕੀਤੇ ਜਾ ਚੁੱਕੇ ਹਨ। ਖਰੀਦੇ ਗਏ ਝੋਨੇ ਦੀ 72 ਘੰਟਿਆਂ ਦੇ ਅੰਦਰ ਲਿਫਟਿੰਗ ਯਕੀਨੀ ਬਣਾਉਣ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਹੀ ਲੈ ਕੇ ਆਉਣ, ਤਾਂ ਜੋ ਉਨ੍ਹਾਂ ਦੀ ਫ਼ਸਲ ਦੀ ਖਰੀਦ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਤੁਰੰਤ ਕੀਤੀ ਜਾ ਸਕੇ। ਉਨ੍ਹਾਂ ਆੜ੍ਹਤੀਆਂ ਨੂੰ ਵੀ ਕਿਹਾ ਕਿ ਉਹ ਕਿਸਾਨਾਂ ਨੂੰ ਸੁੱਕਾ ਝੋਨਾ ਮੰਡੀਆਂ ਵਿੱਚ ਲਿਆਉਣ ਲਈ ਪ੍ਰੇਰਿਤ ਕਰਨ, ਤਾਂ ਜੋ ਝੋਨੇ ਦੀ ਖਰੀਦ ਦਾ ਸੀਜ਼ਨ ਨਿਰਵਿਘਨ ਢੰਗ ਨਾਲ ਚੱਲ ਸਕੇ।

ਉਨ੍ਹਾਂ ਪਰਾਲੀ ਪ੍ਰਬੰਧਨ ਸਬੰਧੀ ਪ੍ਰਬੰਧਾਂ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡਾਂ ਵਿੱਚ ਪਿਛਲੇ ਸਾਲਾਂ ਤੋਂ ਮਸ਼ੀਨਰੀ ਉਪਲਬਧ ਕਰਵਾਈ ਜਾ ਰਹੀ ਹੈ, ਤਾਂ ਜੋ ਪਰਾਲੀ ਦਾ ਇਨ-ਸੀਟੂ ਅਤੇ ਐਕਸ-ਸੀਟੂ ਪ੍ਰਬੰਧਨ ਕੀਤਾ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਨਾ ਲਗਾਉਣ। ਜ਼ਿਲ੍ਹੇ ਵਿੱਚ ਪਿੰਡ ਪੱਧਰ 'ਤੇ ਨੋਡਲ ਅਧਿਕਾਰੀ ਤਾਇਨਾਤ ਕੀਤੇ ਗਏ ਹਨ ਅਤੇ ਹੌਟਸਪੌਟ ਪਿੰਡਾਂ ਦੀ ਪਛਾਣ ਕੀਤੀ ਗਈ ਹੈ। ਪਰਾਲੀ ਪ੍ਰਬੰਧਨ ਦੀ ਨਿਗਰਾਨੀ ਲਈ ਪ੍ਰੋਟੈਕਸ਼ਨ ਫੋਰਸ ਤਾਇਨਾਤ ਕੀਤੀ ਗਈ ਹੈ ਅਤੇ ਪੁਲਿਸ ਵੱਲੋਂ ਲਗਾਤਾਰ ਗਸ਼ਤ ਕੀਤੀ ਜਾ ਰਹੀ ਹੈ। ਜਾਗਰੂਕਤਾ ਵੈਨਾਂ ਰਾਹੀਂ ਵੀ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਹਨ ਅਤੇ ਐਸ.ਡੀ.ਐਮ. ਆਪਣੇ-ਆਪਣੇ ਸਬ-ਡਿਵੀਜ਼ਨ ਪੱਧਰ 'ਤੇ ਲਗਾਤਾਰ ਨਿਗਰਾਨੀ ਕਰ ਰਹੇ ਹਨ। ਖਰੀਦ ਸੀਜ਼ਨ ਦੌਰਾਨ ਕਿਸੇ ਵੀ ਪੱਧਰ 'ਤੇ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਐਸ.ਡੀ.ਐਮ. ਹੁਸ਼ਿਆਰਪੁਰ ਪਰਮਪ੍ਰੀਤ ਸਿੰਘ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਨਰਿੰਦਰ ਸਿੰਘ, ਆੜ੍ਹਤੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁਧੀਰ ਸੂਦ, ਮੰਡੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਰੋਹਿਤ ਸੂਦ ਹਨੀ, ਚੇਅਰਮੈਨ ਤਰਸੇਮ ਮੋਦਗਿਲ, ਵਿਸ਼ਾਲ ਬਾਂਸਲ, ਹਰਮੀਤ ਸਿੰਘ, ਨਰਿੰਦਰ ਮੋਹਨ ਸ਼ਰਮਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਈਆਂ ਮਹਿਲਾਵਾਂ

**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਸਮਰਾਲਾ ਸ਼ਹਿਰ



ਮਾਛੀਵਾੜਾ ਵਿਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਅਨੇਕਾਂ ਮਹਿਲਾਵਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ॥ ਮਾਛੀਵਾੜਾ ਸਾਹਿਬ ਤੋਂ ਕਾਂਗਰਸ ਆਗੂ ਰਕੇਸ਼ ਕੁਮਾਰ ਸਿੰਦੂ ਅਤੇ ਅਮਰਜੀਤ ਸਿੰਘ ਨੇ ਦੱਸਿਆ ਕਿ ਹਲਕਾ ਸਮਰਾਲਾ ਕਾਂਗਰਸ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਅਤੇ ਮਹਿਲਾ ਕਾਂਗਰਸ ਪੁਲਿਸ ਜਿਿ?ਲ੍ਹਾ ਖੰਨਾ ਪ੍ਰਧਾਨ ਸੁਖਵਿੰਦਰ ਕੌਰ ਬਾਠ ਦੀ ਦੇਖ ਰੇਖ ਹੇਠ ਸੁਰਿੰਦਰ ਕੌਰ ਪਤਨੀ ਅਮਰਜੀਤ ਸਿੰਘ ਅਤੇ ਸੁਰਿੰਦਰ ਕੌਰ ਪਤਨੀ ਰਕੇਸ਼ ਕੁਮਾਰ ਸਿੰਦੂ ਦੇ ਯਤਨਾ ਸਦਕਾ ਮਾਛੀਵਾੜਾ ਸਾਹਿਬ ਤੋਂ ਵੱਖ-ਵੱਖ ਪਾਰਟੀਆਂ ਨੂੰ ਛੱਡ ਮਹਿਲਾਵਾਂ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਉਹਨਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਪਿਛਲੇ ਕਰੀਬ ਸਾਢੇ ਚਾਰ ਸਾਲ ਦੌਰਾਨ ਜੋ ਹਾਲਤ ਪੰਜਾਬ ਦੀ ਬਣਾ ਕੇ ਰੱਖ ਦਿੱਤੀ ਹੈ ਉਸ ਤੋਂ ਹਰ ਵਰਗ ਦੁਖੀ ਹੈ। ਤੇ ਲੋਕ ਕਾਂਗਰਸ ਸਰਕਾਰ ਵੇਲੇ ਕੀਤੇ ਗਏ ਵਿਕਾਸ ਕਾਰਜਾਂ ਤੇ ਦਿੱਤੀਆਂ ਸਹੂਲਤਾਂ ਨੂੰ ਯਾਦ ਕਰ ਰਹੇ ਹਨ ਇਸ ਲਈ 2027 ਵਿੱਚ ਫਿਰ ਤੋਂ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਲੋਕ ਉਤਾਵਲੇ ਹਨ। ਇਸ ਮੌਕੇ ਜਿਲ ਪ੍ਰਧਾਨ ਸੁਖਵਿੰਦਰ ਕੌਰ ਬਾਠ ਅਤੇ ਸੁਰਿੰਦਰ ਕੌਰ ਨੇ ਕਿਹਾ ਕਿ ਸ਼ਹਿਰ ਦੇ ਸਾਰੇ ਵਾਰਡਾਂ ਤੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਾਂਗਰਸ ਪਾਰਟੀ ਦੀ ਨੀਤੀਆਂ ਦਾ ਪ੍ਰਚਾਰ ਕੀਤਾ ਜਾਵੇਗਾ ਤੇ ਵੱਧ ਤੋਂ ਵੱਧ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਿਆ ਜਾਵੇਗਾ। ਇਸ ਮੌਕੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਵਿੱਚ ਕੁਲਵੰਤ ਕੌਰ, ਹਰਪ੍ਰੀਤ ਕੌਰ, ਪ੍ਰਿਅੰਕਾ ਰਾਣੀ, ਨਿੰਮੀ, ਜੋਗਿੰਦਰ ਕੌਰ, ਮਨਦੀਪ ਕੌਰ, ਕੁਲਦੀਪ ਕੌਰ, ਸੁਰਿੰਦਰ ਕੌਰ, ਕੁਲਵਿੰਦਰ ਕੌਰ, ਹਰਦੀਪ ਕੌਰ, ਰਜਨੀ ਰਾਣੀ, ਰਾਜਵਿੰਦਰ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ ਅਤੇ ਹੋਰ ਮਹਿਲਾਵਾਂ ਵੀ ਮੌਜੂਦ ਸਨ।

# ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ : ਲਾਲ ਚੰਦ ਕਟਾਰੂਚੱਕ

**➢ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਵੱਲੋਂ ਟਾਂਡਾ ਦੀ ਖੋਖਰ ਦਾਣਾ ਮੰਡੀ ਵਿੱਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ ➢ ਝੋਨੇ ਦੀ ਸਰਕਾਰੀ ਖਰੀਦ ਸੁਚਾਰੂ ਢੰਗ ਨਾਲ ਜਾਰੀ, ਕਿਸਾਨਾਂ ਨੂੰ 24 ਘੰਟਿਆਂ ਦੇ ਅੰਦਰ ਸਿੱਧੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਰਿਹਾ ਭੁਗਤਾਨ**

**ਟਾਂਡਾ/ਹੁਸ਼ਿਆਰਪੁਰ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਮਿਹਨਤ ਨਾਲ ਪੈਦਾ ਕੀਤੀ ਫਸਲ ਦਾ ਦਾਣਾ-ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸੂਬੇ ਵਿੱਚ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਅੱਜ ਟਾਂਡਾ ਦੀ ਖੋਖਰ ਦਾਣਾ ਮੰਡੀ ਵਿਖੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦੀ ਮੌਜੂਦਗੀ ਵਿੱਚ ਝੋਨੇ ਦੀ ਖਰੀਦ ਅਤੇ ਮੰਡੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਪਿੰਡ ਕਲਿਆਣਪੁਰ ਦੇ ਕਿਸਾਨ ਨਿਸ਼ਾਨ ਸਿੰਘ ਦੀ ਫਸਲ ਦੀ ਖਰੀਦ ਵੀ ਕਰਵਾਈ। ਉਨ੍ਹਾਂ ਮੰਡੀ ਵਿੱਚ ਖਰੀਦ, ਲਿਫਟਿੰਗ, ਭੁਗਤਾਨ, ਬਾਰਦਾਨੇ ਸਮੇਤ ਹੋਰ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।

ਸ੍ਰੀ ਕਟਾਰੂਚੱਕ ਨੇ ਕਿਹਾ ਕਿ ਇਸ



ਸਾਲ ਮੰਡੀਆਂ ਵਿੱਚ ਝੋਨੇ ਦੀ ਭਰਵੀਂ ਫਸਲ ਪਹੁੰਚ ਰਹੀ ਹੈ ਅਤੇ ਫਸਲ ਦੀ ਗੁਣਵੱਤਾ ਵੀ ਬਿਹਤਰ ਹੈ। ਉਨ੍ਹਾਂ ਦੱਸਿਆ ਕਿ ਖਰੀਦ ਸੀਜ਼ਨ ਦੌਰਾਨ ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਟੀਚੇ ਨੂੰ ਪੂਰਾ ਕਰਨ ਲਈ ਸੂਬਾ ਸਰਕਾਰ ਵੱਲੋਂ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਭੁਗਤਾਨ ਪਾਰਦਰਸ਼ੀ ਢੰਗ ਨਾਲ ਸਿੱਧੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 42,786 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐੱਲ.) ਦੀ ਮਨਜ਼ੂਰੀ ਮਿਲ ਚੁੱਕੀ ਹੈ, ਜਿਸ ਨਾਲ ਝੋਨੇ ਦੀ ਖਰੀਦ ਲਈ ਲੋੜੀਂਦੇ ਵਿੱਤੀ ਪ੍ਰਬੰਧ ਯਕੀਨੀ ਬਣਾਏ ਗਏ ਹਨ। ਕਿਸਾਨਾਂ ਨੂੰ ਫਸਲ ਵੇਚਣ ਦੇ 24 ਘੰਟਿਆਂ ਦੇ ਅੰਦਰ ਭੁਗਤਾਨ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲ ਦੇ ਪੂਰੀ ਤਰ੍ਹਾਂ ਪੱਕਣ ਅਤੇ ਸੁੱਕਣ ਉਪਰੰਤ ਹੀ ਕਟਾਈ ਕਰਨ ਅਤੇ ਮੰਡੀਆਂ ਵਿੱਚ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਲੈ ਕੇ ਆਉਣ। ਇਸ ਨਾਲ ਕਿਸਾਨਾਂ ਨੂੰ ਆਪਣੀ ਫਸਲ ਦਾ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਪ੍ਰਾਪਤ ਕਰਨ ਵਿੱਚ ਸਹੂਲਤ ਹੋਵੇਗੀ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਬੇਲੋੜੀ ਉਡੀਕ ਵੀ ਨਹੀਂ ਕਰਨੀ ਪਵੇਗੀ।

ਸ੍ਰੀ ਕਟਾਰੂਚੱਕ ਨੇ ਕਿਹਾ ਕਿ ਖਰੀਦ ਸੀਜ਼ਨ ਨੂੰ ਸੁਚਾਰੂ, ਪਾਰਦਰਸ਼ੀ ਅਤੇ ਨਿਰਵਿਘਨ ਢੰਗ ਨਾਲ ਚਲਾਉਣ ਲਈ ਮੰਡੀਆਂ ਵਿੱਚ ਵਿਆਪਕ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਪਹੁੰਚ ਰਹੀ ਫਸਲ ਦੀ ਖਰੀਦ, ਲਿਫਟਿੰਗ ਅਤੇ ਭੁਗਤਾਨ ਵਿੱਚ ਕਿਸੇ ਕਿਸਮ ਦੀ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਯਕੀਨੀ ਬਣਾਇਆ ਜਾਵੇ ਅਤੇ ਖਰੀਦ ਪ੍ਰਕਿਰਿਆ ਨਾਲ ਸਬੰਧਤ ਸਾਰੇ ਕੰਮ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤੇ ਜਾਣ।

ਪਰਾਲੀ ਸਾੜਨ ਦੇ ਮੁੱਦੇ 'ਤੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਅਤੇ ਵਾਤਾਵਰਣ ਦੀ ਸੰਭਾਲ ਕਰਨਾ ਸਾਡੀ ਸਾਰਿਆਂ ਦੀ ਸਾਂਝੀ ਨੈਤਿਕ ਜ਼ਿੰਮੇਵਾਰੀ ਹੈ। ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੱਡੇ ਪੱਧਰ 'ਤੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਸਰਕਾਰ ਦਾ ਸਹਿਯੋਗ ਕਰਨ।

ਉਨ੍ਹਾਂ ਕਿਹਾ ਕਿ ਖਰੀਦ ਸੀਜ਼ਨ ਨੂੰ ਸਫਲ ਬਣਾਉਣ ਲਈ ਕਿਸਾਨਾਂ, ਆੜ੍ਹਤੀਆਂ, ਮਿਲਰਾਂ, ਮਜ਼ਦੂਰਾਂ, ਖਰੀਦ ਏਜੰਸੀਆਂ ਅਤੇ ਸਬੰਧਤ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਬੇਹੱਦ ਜ਼ਰੂਰੀ ਹੈ। ਮੰਡੀਆਂ ਵਿੱਚ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਲੋੜ ਅਨੁਸਾਰ ਮੰਡੀਆਂ ਦੀ ਗਿਣਤੀ ਵੀ ਵਧਾਈ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਕਿਸੇ ਵੀ ਪੱਧਰ 'ਤੇ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਖਰੀਦ, ਲਿਫਟਿੰਗ ਤੇ ਭੁਗਤਾਨ ਦੀ ਪ੍ਰਕਿਰਿਆ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੀ ਜਾਵੇ।

ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਕਿਸਾਨਾਂ ਦੀ ਫਸਲ ਦੀ ਸਮੇਂ ਸਿਰ ਖਰੀਦ ਅਤੇ ਭੁਗਤਾਨ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਦੌਰਾਨ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਸੁੱਕੀ ਅਤੇ ਨਿਰਧਾਰਤ ਨਮੀ ਵਾਲੀ ਫਸਲ ਹੀ ਮੰਡੀਆਂ ਵਿੱਚ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਸਕੇ।

ਇਸ ਮੌਕੇ ਮਾਰਕੀਟ ਕਮੇਟੀ ਟਾਂਡਾ ਦੇ ਚੇਅਰਮੈਨ ਰਾਜਵਿੰਦਰ ਸਿੰਘ ਰਾਜਾ, ਐੱਸ.ਡੀ.ਐੱਮ. ਪਰਮਪ੍ਰੀਤ ਸਿੰਘ, ਡਿਪਟੀ ਡਾਇਰੈਕਟਰ ਖੁਰਾਕ ਤੇ ਸਪਲਾਈ ਵਿਭਾਗ ਰਜਨੀਸ਼ ਕੁਮਾਰੀ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਨਰਿੰਦਰ ਸਿੰਘ, ਮੰਡੀ ਦੇ ਪ੍ਰਧਾਨ ਰਾਕੇਸ਼ ਵੋਹਰਾ, ਪਰਮਿੰਦਰ ਸਿੰਘ ਸੈਣੀ, ਬਲਵੀਰ ਸਿੰਘ ਕੰਗ, ਗੁਰਲੀਤ ਸਿੰਘ ਗੋਲਡੀ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਨਵੋਦਿਆ ਵਿਦਿਆਲਿਆ ਦੇ ਸਾਬਕਾ ਵਿਦਿਆਰਥੀਆਂ ਦੀ ਆਲੂਮਨੀ ਮੀਟ 14 ਨਵੰਬਰ ਨੂੰ




**ਮਾਛੀਵਾੜਾ ਸਾਹਿਬ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਵਾਹਰ ਨਵੋਦਿਆ ਵਿਦਿਆਲਿਆ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਇਸ ਵਾਰ ਸਾਲਾਨਾ ਐਲੂਮਨੀ ਮੀਟ-2026 ਵੱਡੇ ਪੱਧਰ 'ਤੇ ਕਰਵਾਈ ਜਾ ਰਹੀ ਹੈ। ਜਾਣਕਾਰੀ ਦਿੰਦੇ ਹੋਏ ਸਾਬਕਾ ਵਿਦਿਆਰਥੀਆਂ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਅਧੀਨ ਚੱਲ ਰਹੇ ਜਵਾਹਰ ਨਵੋਦਿਆ ਵਿਦਿਆਲਿਆ ਜੋ ਕਿ 1986 ਦੀ ਨਵੀਂ ਸਿੱਖਿਆ ਨੀਤੀ ਤਹਿਤ ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਸਥਾਪਿਤ ਕੀਤੇ ਗਏ ਸਨ, ਦਾ ਮੁੱਖ ਮਕਸਦ ਪੇਂਡੂ ਖੇਤਰ ਦੇ ਹੋਣਹਾਰ ਬੱਚਿਆਂ ਨੂੰ ਮੁਫਤ ਅਤੇ ਮਿਆਰੀ ਸਿੱਖਿਆ ਦੇਣਾ ਹੈ।

ਇਹ ਸਕੂਲ ਸਹਿ-ਵਿਦਿਅਕ ਅਤੇ ਪੂਰੀ ਤਰ੍ਹਾਂ ਰਿਹਾਇਸ਼ੀ ਹਨ, ਜਿੱਥੇ ਸਿੱਖਿਆ, ਰਿਹਾਇਸ਼, ਭੋਜਨ, ਕਿਤਾਬਾਂ ਅਤੇ ਵਰਦੀ ਬਿਲਕੁਲ ਮੁਫਤ ਦਿੱਤੀ ਜਾਂਦੀ ਹੈ ਅਤੇ CBSE ਬੋਰਡ ਨਾਲ ਸਬੰਧਿਤ ਹਨ। ਇਨ੍ਹਾਂ ਸਕੂਲਾਂ ਵਿੱਚੋਂ ਲੱਖਾਂ ਵਿਦਿਆਰਥੀ ਪੜ੍ਹ ਕੇ ਅੱਜ ਵੱਡੇ-ਵੱਡੇ ਅਹੁਦਿਆਂ 'ਤੇ ਪਹੁੰਚ ਚੁੱਕੇ ਹਨ।

ਇਸੇ ਲੜੀ ਤਹਿਤ ਪੁਰਾਣੇ ਸਾਥੀਆਂ ਅਤੇ ਅਧਿਆਪਕਾਂ ਨੂੰ ਮਿਲਣ ਲਈ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜਵਾਹਰ ਨਵੋਦਿਆ ਵਿਦਿਆਲਿਆ ਫਰੌਰ ਅਤੇ ਧਨਾਨਸੂ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਐਲੂਮਨੀ ਮੀਟ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਇਸ ਸਬੰਧ ਵਿੱਚ ਅੱਜ ਜਵਾਹਰ ਨਵੋਦਿਆ ਵਿਦਿਆਲਿਆ, ਧਨਾਨਸੂ (ਜ਼ਿਲ੍ਹਾ ਲੁਧਿਆਣਾ) ਵਿਖੇ ਸਾਬਕਾ ਵਿਦਿਆਰਥੀਆਂ ਦੀ ਟੀਮ ਨੇ ਸਕੂਲ ਦੇ ਵਾਈਸ ਪ੍ਰਿੰਸੀਪਲ ਸੋਨੂੰ ਸ਼ਰਮਾ, ਡੇਜ਼ੀ ਸ਼ਰਮਾ ਅਤੇ ਮੌਜੂਦਾ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ 14 ਨਵੰਬਰ 2026 ਨੂੰ ਕੁਹਾੜਾ ਵਿਖੇ ਸਨਰਾਈਜ਼ ਫਾਰਮ ਹਾਊਸ ਵਿੱਚ* ਹੋਣ ਵਾਲੀ ਐਲੂਮਨੀ ਮੀਟ ਦਾ ਅਧਿਕਾਰਤ ਪੋਸਟਰ ਜਾਰੀ ਕੀਤਾ। ਇਸ ਮੌਕੇ ਸਾਬਕਾ ਵਿਦਿਆਰਥੀਆਂ ਨੇ ਸਕੂਲ ਪ੍ਰਸ਼ਾਸਨ ਅਤੇ ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਇਸ ਸਾਲਾਨਾ ਸਮਾਗਮ ਵਿੱਚ ਪਹੁੰਚ ਕੇ ਪੁਰਾਣੀਆਂ ਯਾਦਾਂ ਤਾਜ਼ਾ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਬਰਿੰਦਰ ਸਿੰਘ, ਅਮਰਜੀਤ ਸਿੰਘ, ਮਨਪ੍ਰੀਤ ਸਿੰਘ, ਪ੍ਰਭਜੋਤ ਸਿੰਘ ਮੱਤੇਵਾੜਾ, ਇੰਦਰਜੀਤ ਸਿੰਘ ਪਟਿਆਲਾ, ਚਰਨਜੀਤ ਸਿੰਘ, ਐਡਵੋਕੇਟ ਜਸਪ੍ਰੀਤ ਕੌਰ, ਜਸਪ੍ਰੀਤ ਸਿੰਘ ਸੰਘਾ, ਵਰਿੰਦਰ ਸਿੰਘ ਗਾਂਧੀ, ਕੇਵਲ ਕ੍ਰਿਸ਼ਨ (ਬੈਂਕ ਅਧਿਕਾਰੀ), ਜਗਦੀਪ ਸਿੰਘ, ਅਵਤਾਰ ਸਿੰਘ ਦੋਰਾਹਾ, ਗੁਰਸ਼ਰਨ ਸਿੰਘ ਆਦਿ ਹਾਜ਼ਰ ਸਨ।



# ਹਰਿਆਣਾ ਖ਼ਬਰਨਾਮਾ



## ਬਜ਼ੁਰਗਾਂ ਲਈ ਵੱਖਰੇ ਤੌਰ 'ਤੇ ਚਲਾਏ ਜਾ ਰਹੇ ਹਨ ਜੇਰੀਐਟ੍ਰਿਕ ਕਲੀਨਿਕ: ਆਰਤੀ ਸਿੰਘ ਰਾਓ

**ਚੰਡੀਗੜ੍ਹ, 3 ਅਕਤੂਬਰ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸੂਬੇ ਦੇ ਸਾਰੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸੀਨੀਅਰ ਨਾਗਰਿਕਾਂ ਦੀ ਸਹੂਲਤ ਲਈ ਕਈ ਠੋਸ ਕਦਮ ਚੁੱਕੇ ਗਏ ਹਨ। ਇਨ੍ਹਾਂ ਵਿੱਚ ਰਜਿਸਟ੍ਰੇਸ਼ਨ, ਓ.ਪੀ.ਡੀ., ਲੈਬ ਅਤੇ ਦਵਾਈ ਵੰਡ ਕਾਊਂਟਰਾਂ 'ਤੇ ਬਜ਼ੁਰਗਾਂ ਲਈ ਵੱਖਰੀ ਲਾਈਨ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਹਸਪਤਾਲਾਂ ਵਿੱਚ ਅਸਪਤਾਲ ਪਰਿਚਾਰਕ ਦੀ ਮਦਦ ਨਾਲ ਸਮਰਪਿਤ ਜੇਰੀਐਟ੍ਰਿਕ ਕਲੀਨਿਕ ਚਲਾਏ ਜਾ ਰਹੇ ਹਨ ਅਤੇ ਹਰ ਮਹੀਨੇ ਦੇ ਤੀਜੇ ਸ਼ੁੱਕਰਵਾਰ ਨੂੰ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਵਿਸ਼ੇਸ਼ ਜਾਂਚ ਕੈਂਪ ਲਗਾ ਕੇ ਮੁਫ਼ਤ ਦਵਾਈਆਂ ਵੰਡੀਆਂ ਜਾ ਰਹੀਆਂ ਹਨ।

ਅੱਜ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਮੌਕੇ 'ਤੇ ਸਿਹਤ ਮੰਤਰੀ ਨੇ ਪ੍ਰਦੇਸ਼ ਦੇ ਸੀਨੀਅਰ ਨਾਗਰਿਕਾਂ ਦੀ ਉੱਤਮ ਸਿਹਤ, ਸਨਮਾਨਜਨਕ ਜੀਵਨ ਅਤੇ ਬਿਹਤਰ ਦੇਖਭਾਲ ਲਈ ਰਾਜ ਸਰਕਾਰ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਸਰਕਾਰ ÷ਗਰਿਮਾ ਦੇ ਨਾਲ ਉਮਰ ਵਧਣਾ: ਬਜ਼ੁਰਗਾਂ ਲਈ ਦੇਖਭਾਲ ਅਤੇ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ÷ ਦੇ ਸੰਕਲਪ ਨਾਲ ਕੰਮ ਕਰ ਰਹੀ ਹੈ।



ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸਾਰੀਆਂ ਸਰਕਾਰੀ ਸਿਹਤ ਸਹੂਲਤਾਂ ਵਿੱਚ ਬਜ਼ੁਰਗਾਂ ਦਾ ਵਿਆਪਕ ਜੇਰੀਐਟ੍ਰਿਕ ਮੁਲਾਂਕਣ ਕਰਨ ਦੇ ਨਾਲ-ਨਾਲ ਜ਼ਿਲ੍ਹਾ ਸਿਵਲ ਹਸਪਤਾਲਾਂ ਵਿੱਚ ਫਿਜ਼ੀਓਥੈਰੇਪੀ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾ ਰਹੀ ਹੈ, ਜਦੋਂ ਕਿ ਘਰ ਬੈਠੇ ਈ-ਸੰਜੀਵਨੀ ਅਤੇ ਟੈਲੀਮੈਡੀਸਨ ਵਰਗੇ ਡਿਜੀਟਲ ਮਾਧਿਅਮਾਂ ਰਾਹੀਂ ਮਾਹਰ ਡਾਕਟਰਾਂ ਦੀ ਸਲਾਹ ਵੀ ਪ੍ਰਦਾਨ ਕੀਤੀ ਜਾ ਰਹੀ ਹੈ।

ਸਿਹਤ ਮੰਤਰੀ ਨੇ ਪ੍ਰਦੇਸ਼ ਦੇ ਸੀਨੀਅਰ ਨਾਗਰਿਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਇੱਕ ਸਿਹਤਮੰਦ ਬੁਢਾਪੇ ਲਈ ਪੌਸ਼ਟਿਕ ਅਤੇ ਸੰਤੁਲਿਤ ਆਹਾਰ ਲਓ, ਆਪਣੇ ਆਸ-ਪਾਸ ਸਫ਼ਾਈ ਬਣਾਈ ਰੱਖੋ ਅਤੇ ਨਿਯਮਿਤ ਤੌਰ 'ਤੇ ਹਲਕੀ-ਫੁਲਕੀ ਸਰੀਰਕ ਗਤੀਵਿਧੀਆਂ ਵਿੱਚ ਸ਼ਾਮਲ ਹੋਵੋ। ਉਨ੍ਹਾਂ ਬਜ਼ੁਰਗਾਂ ਨੂੰ ਤੰਬਾਕੂ, ਸਿਗਰਟਨੋਸ਼ੀ ਅਤੇ ਸ਼ਰਾਬ ਵਰਗੇ ਨਸ਼ਿਆਂ ਤੋਂ ਦੂਰ ਰਹਿਣ, ਸਮੇਂ-ਸਮੇਂ 'ਤੇ ਸਿਹਤ ਜਾਂਚ ਕਰਵਾਉਣ ਅਤੇ ਡਾਕਟਰਾਂ ਦੀ ਸਲਾਹ ਅਨੁਸਾਰ ਨਿਯਮਿਤ ਦਵਾਈਆਂ ਲੈਣ ਦਾ ਸੁਝਾਅ ਦਿੱਤਾ।ਇਸ ਦੇ ਨਾਲ ਹੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਸਮਾਜ ਅਤੇ ਪਰਿਵਾਰਾਂ ਨੂੰ ਵੀ ਬਜ਼ੁਰਗਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨੂੰ ਨਵੀਆਂ ਗਤੀਵਿਧੀਆਂ ਸਿਖਾ ਕੇ ਉਨ੍ਹਾਂ ਨੂੰ ਰੁਝਾ ਕੇ ਰੱਖੋ, ਉਨ੍ਹਾਂ ਤੋਂ ਸਲਾਹ ਲਓ, ਉਨ੍ਹਾਂ ਨਾਲ ਸਮਾਂ ਬਿਤਾਓ ਅਤੇ ਪਰਿਵਾਰ ਦੀਆਂ ਪਰੰਪਰਾਵਾਂ ਤੇ ਇਤਿਹਾਸ 'ਤੇ ਚਰਚਾ ਕਰੋ। ਸਮਾਜ ਵਿੱਚ ਬਜ਼ੁਰਗਾਂ ਦੀ ਭਾਗੀਦਾਰੀ, ਸਨਮਾਨ ਅਤੇ ਪ੍ਰਸ਼ੰਸਾ ਨੂੰ ਵਧਾ ਕੇ ਹੀ ਉਨ੍ਹਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨਾਲ ਸੰਬੰਧਿਤ ਕਿਸੇ ਵੀ ਪ੍ਰਕਾਰ ਦੀ ਵਿਸਤ੍ਰਿਤ ਜਾਣਕਾਰੀ ਲਈ ਨਾਗਰਿਕ ਆਪਣੇ ਨਜ਼ਦੀਕੀ ਸਰਕਾਰੀ ਹਸਪਤਾਲ ਨਾਲ ਸੰਪਰਕ ਕਰ ਸਕਦੇ ਹਨ।

## ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਜੰਤਰ-ਮੰਤਰ ਵਿਖੇ ਵਿਸ਼ਾਲ ਪ੍ਰਦਰਸ਼ਨ 1000 ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ 'ਚ

**ਨਵੀਂ ਦਿੱਲੀ, 3 ਅਕਤੂਬਰ**
**-ਸ਼ਿਵ ਨਰਾਇਣ ਜਾਂਗੜਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਜੰਤਰ-ਮੰਤਰ ਵਿਖੇ ਚੱਲ ਰਿਹਾ ਪ੍ਰਦਰਸ਼ਨ ਦੂਜੇ ਦਿਨ ਵੀ ਜਾਰੀ ਰਿਹਾ। ਬੀਤੇ ਦਿਨ 1,000 ਤੋਂ ਵੱਧ ਵਿਦਿਆਰਥੀਆਂ, ਸਿਆਸੀ ਆਗੂਆਂ ਅਤੇ ਕਾਰਕੁਨਾਂ ਦੀ ਹਿਰਾਸਤ ਤੋਂ ਬਾਅਦ ਸ਼ਨੀਵਾਰ ਨੂੰ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (AISA) ਦੇ ਮੈਂਬਰ ਮੁੜ ਜੰਤਰ-ਮੰਤਰ ਇਕੱਠੇ ਹੋਣੇ ਸ਼ੁਰੂ ਹੋ ਗਏ, ਜਿਸ ਤੋਂ ਬਾਅਦ ਪੁਲੀਸ ਨੇ ਇਲਾਕੇ 'ਚ ਸੁਰੱਖਿਆ ਹੋਰ ਸਖ਼ਤ ਕਰਦਿਆਂ ਬੈਰੀਕੇਡਿੰਗ ਲਗਾ ਦਿੱਤੀ ਅਤੇ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ 'ਚ ਲੈਣਾ ਸ਼ੁਰੂ ਕਰ ਦਿੱਤਾ। ਇਹ ਵਿਰੋਧ ਪ੍ਰਦਰਸ਼ਨ AISA ਦੀ ਕੌਮੀਂ ਪ੍ਰਧਾਨ ਨੇਹਾ ਬੋਰਾ ਦੇ ਸੱਦੇ 'ਤੇ ਦੁਪਹਿਰ 1 ਵਜੇ ਮੁੜ ਸ਼ੁਰੂ ਹੋਇਆ। ਨੇਹਾ ਬੋਰਾ, ਜਿਨ੍ਹਾਂ ਨੂੰ ਸ਼ੁੱਕਰਵਾਰ ਨੂੰ ਧਰਨੇ ਦੌਰਾਨ ਹਿਰਾਸਤ 'ਚ ਲਿਆ ਗਿਆ ਸੀ, ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਕਾਰਕੁਨਾਂ ਨੂੰ ਜੰਤਰ-ਮੰਤਰ ਪਹੁੰਚਣ ਦੀ ਅਪੀਲ ਕੀਤੀ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ ਪੁਲੀਸ ਕਾਰਵਾਈ ਨਾਲ ਅੰਦੋਲਨ ਨੂੰ ਦਬਾਇਆ ਨਹੀਂ ਜਾ ਸਕਦਾ ਅਤੇ ਮੁੱਖ ਚੋਣ ਕਮਿਸ਼ਨਰ ਦੇ ਅਸਤੀਫ਼ੇ ਦੀ ਮੰਗ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਪ੍ਰਦਰਸ਼ਨ ਵਿੱਚ AISA ਤੋਂ ਇਲਾਵਾ SFI, NSUI, ਆਮ ਆਦਮੀ ਪਾਰਟੀ (AAP) ਅਤੇ ਹੋਰ ਵਿਰੋਧੀ ਧਿਰਾਂ ਦੇ ਆਗੂ ਸ਼ਾਮਲ ਹਨ। ਪ੍ਰਦਰਸ਼ਨਕਾਰੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗੰਭੀਰ ਸੁਧਾਰ (SIR) ਪ੍ਰਕਿਰਿਆ ਦਾ ਵਿਰੋਧ ਕਰ ਰਹੇ ਹਨ ਅਤੇ ਇਸ ਵਿੱਚ ਵੱਡੀਆਂ ਗੜਬੜੀਆਂ ਦੇ ਦੋਸ਼ ਲਗਾ ਰਹੇ ਹਨ। ਬੀਤੇ ਦਿਨ ਪੁਲੀਸ ਨੇ ਸਾਬਕਾ ਮੁੱਖ ਮੰਤਰੀ ਆਤਿਸ਼ੀ, ਯੋਗੇਂਦਰ ਯਾਦਵ ਅਤੇ ਕਈ ਹੋਰ ਪ੍ਰਮੁੱਖ ਆਗੂਆਂ ਨੂੰ ਵੀ ਹਿਰਾਸਤ 'ਚ ਲਿਆ ਸੀ।



## ਖੇਡਾਂ ਵਤਨ ਪੰਜਾਬ ਦੀਆਂ ਸੀਜਨ/4 'ਚ ਜ਼ਿਲ੍ਹਾ ਪੱਧਰੀ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਗਏ

**ਪਟਿਆਲਾ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅਤੇ ਜ਼ਿਲ੍ਹਾ ਖੇਡ ਅਫਸਰ ਨਵਜੋਤ ਸਿੰਘ ਧਾਲੀਵਾਲ ਦੇ ਤਾਲਮੇਲ ਨਾਲ ਪੋਲੋ ਗਰਾਊਂਡ ਪਟਿਆਲਾ ਵਿਖੇ ਜ਼ਿਲਾ ਪੱਧਰੀ ਲੜਕੇ ਤੇ ਲੜਕੀਆਂ ਦੇ ਬਾਸਕਟਬਾਲ ਦੇ ਮੁਕਾਬਲੇ ਕਰਵਾਏ ਗਏ।



ਬਾਸਕਟਬਾਲ ਟੂਰਨਾਮੈਂਟ ਕਨਵੀਨਰ ਰਮਨੀਕ ਅਹੂਜਾ ਕੋਚ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਅੰਡਰ 14/17/21 ਲੜਕੇ ਤੇ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ।ਅੱਜ ਦੇ ਹੋਏ ਮੁਕਾਬਲਿਆਂ ਵਿੱਚੋ ਅੰਡਰ-21 ਲੜਕਿਆਂ ਦਾ ਫਾਈਨਲ ਮੈਚ ਪੀਆਈਐਸ ਪੋਲੋ ਅਤੇ ਪੋਲੋ-ਏ ਕਲੱਬ ਵਿਚਕਾਰ ਖੇਡਿਆ ਗਿਆ।

ਜਿਸ ਵਿੱਚ ਪੀਆਈਐਸ ਪੋਲੋ ਨੇ ਪਹਿਲਾ ਸਥਾਨ,ਪੋਲੋ-ਏ ਕਲੱਬ ਨੇ ਦੂਸਰਾ ਸਥਾਨ, ਮਲਟੀਪਰਪਜ਼ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਤੇ ਗੁਰਮੀਤ ਸਿੰਘ ਕੋਚ, ਜਸਪ੍ਰੀਤ ਕੌਰ ਕੋਚ,ਗੁਰਸ਼ਰਨ ਸਿੰਘ ਕੋਚ,ਬਜਰੰਗ ਕੋਚ, ਰਜਨੀਸ਼ ਕੋਚ,ਇੰਦੂ ਬਾਲਾ, ਅਮਨਦੀਪ ਕੌਰ,ਵਰਿੰਦਰ ਕੌਰ, ਲਖਵਿੰਦਰ ਕੌਰ,ਪਰਮਜੀਤ ਕੌਰ, ਹਰੀਸ਼ ਸਿੰਘ ਰਾਵਤ,ਗੁਰਪ੍ਰੀਤ ਸਿੰਘ ਬਾਜਵਾ,ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਖੇਡ ਵਿਭਾਗ ਪਟਿਆਲਾ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਜਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਗਈਆਂ

**ਪਟਿਆਲਾ, 3 ਅਕਤੂਬਰ**
**-ਜੀ. ਐਸ. ਤੁੰਗ-**

ਜਿਲ੍ਹਾ ਪੱਧਰੀ ਖੇਡਾਂ ਵਿੱਚ ਹਾਕੀ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਵਾਲੀਬਾਲ ਸਮੈਸ਼ਿੰਗ, ਸਾਫਟਬਾਲ, ਨੈੱਟਬਾਲ, ਬਾਸਕਟਬਾਲ, ਪਾਵਰ ਲਿਫਟਿੰਗ, ਕੁਸ਼ਤੀ, ਬਾਕਸਿੰਗ, ਸ਼ੂਟਿੰਗ, ਜੂਡੋ ਅਤੇ ਫੈਨਸਿੰਗ ਖੇਡਾਂ ਵੱਖ-ਵੱਖ ਉਮਰ ਵਰਗ ਅਤੇ ਵੱਖ-ਵੱਖ ਸਥਾਨਾਂ ਤੇ ਕਰਵਾਈਆਂ ਗਈਆਂ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਸ੍ਰ. ਉਪਕਾਰ ਸਿੰਘ ਵਿਰਕ ਜਨਰਲ ਸੈਕਟਰੀ ਖੋ-ਖੋ ਫੈਡਰੇਸ਼ਨ ਆਫ ਇੰਡੀਆ, ਜੈ ਗੋਪਾਲ ਸ਼ਰਮਾ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ. ਐਸ. ਪਟਿਆਲਾ, ਕਿਸ਼ੋਰ ਕੁਮਾਰ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ.ਐਸ. ਪਟਿਆਲਾ, ਸੁਰਿੰਦਰ ਸਿੰਘ ਰਿਟਾਇਰਡ ਚੀਫ ਕੋਚ ਐਨ.ਐਸ.ਐਨ.ਆਈ.ਐਸ. ਪਟਿਆਲਾ, ਹਰਬੰਸ ਸਿੰਘ ਰਿਟਾਇਰਡ ਪੰਜਾਬ ਪੁਲਿਸ ਅਤੇ ਅੰਤਰਰਾਸ਼ਟਰੀ ਕੋਚ ਰੈਫਰੀ, ਸ੍ਰੀਮਤੀ ਪਰਵਿੰਦਰ ਕੌਰ ਸੀ.ਆਰ.ਪੀ.ਐਫ ਸੈਕੰਡ.ਇਨ ਕਮਾਂਡੈਂਟ ਅੰਤਰਰਾਸ਼ਟਰੀ ਖਿਡਾਰੀ ਨੇ ਵੀ ਸ਼ਿਰਕਤ ਕੀਤੀ। ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕਿਆਂ ਵਿੱਚ ਨਾਭਾ ਏ ਦੀ ਟੀਮ ਨੇ ਘਨੌਰ ਦੀ ਟੀਮ ਨੂੰ 2-1 ਦੇ ਫਰਕ ਨਾਲ ਹਰਾ ਕੇ ਜੇਤੂ ਰਹੀ। ਅੰਡਰ-17 ਲੜਕਿਆਂ ਵਿੱਚ ਰਾਜਪੁਰਾ ਦੀ ਟੀਮ ਨੇ ਨਾਭਾ ਏ ਦੀ ਟੀਮ ਨੂੰ 2-0 ਨਾਲ ਹਰਾ ਕੇ ਜੇਤੂ ਰਹੀ।

ਖੋ-ਖੋ ਅੰਡਰ-14 ਲੜਕੀਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਸਰਾ ਸਥਾਨ, ਪਟਿਆਲਾ ਦਿਹਾਤੀ ਅਤੇ ਘਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-14 ਲੜਕਿਆਂ ਵਿੱਚ ਪਾਤੜਾਂ ਦੀ ਟੀਮ ਨੇ ਪਹਿਲਾ ਸਥਾਨ, ਪਟਿਆਲਾ ਦਿਹਾਤੀ ਦੀ ਟੀਮ ਨੇ ਦੂਸਰਾ ਸਥਾਨ, ਘਨੌਰ ਅਤੇ ਸਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕੀਆਂ ਵਿੱਚ ਪਟਿਆਲ਼ਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਘਨੌਰ ਦੀ ਟੀਮ ਨੇ ਦੂਸਰਾ ਸਥਾਨ, ਪਾਤੜਾਂ ਅਤੇ ਸਮਾਣਾ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਅੰਡਰ-17 ਲੜਕਿਆਂ ਵਿੱਚ ਪਟਿਆਲਾ ਸ਼ਹਿਰੀ ਦੀ ਟੀਮ ਨੇ ਪਹਿਲਾ ਸਥਾਨ, ਪਾਤੜਾਂ ਦੀ ਟੀਮ ਨੇ ਦੂਸਰਾ ਸਥਾਨ, ਸਨੌਰ ਅਤੇ ਘਨੌਰ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਫੁੱਟਬਾਲ ਅੰਡਰ-17 ਲੜਕਿਆਂ ਵਿੱਚ ਆਰਮੀ ਫੁੱਟਬਾਲ ਕਲੱਬ ਦੀ ਟੀਮ ਨੇ ਅਜਰਾਵਰ ਦੀ ਟੀਮ ਨੂੰ 2-0 ਦੇ ਫਰਕ ਨਾਲ ਹਰਾਇਆ। ਆਜਾਦ ਫੁੱਟਬਾਲ ਕਲੱਬ ਦੀ ਟੀਮ ਨੂੰ ਬਹਾਦਰਗੜ੍ਹ ਦੀ ਟੀਮ ਨੇ 4-2 ਨਾਲ ਹਰਾਇਆ। ਬਾਸਕਟਬਾਲ ਅੰਡਰ-17 ਲੜਕਿਆਂ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਕੂਲ ਪਟਿਆਲਾ ਦੀ ਟੀਮ ਨੇ ਜੀਈਐਮਐਸ ਪਟਿਆਲਾ ਦੀ ਟੀਮ ਨੂੰ 18-7 ਦੇ ਫਰਕ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।

## ਸਵੱਛਤਾ ਸਾਡੀ ਸਮੂਹਿਕ ਜ਼ਿੰਮੇਵਾਰੀ, ਵਾਤਾਵਰਣ ਸੰਭਾਲ ਲਈ ਲਗਾਓ ਵੱਧ ਤੋਂ ਵੱਧ ਪੌਦੇ

**ਚੰਡੀਗੜ੍ਹ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਜਨਤਕ ਉਪਕ੍ਰਮ ਬਿਊਰੋ ਦੇ ਚੇਅਰਮੈਨ ਸ੍ਰੀ ਮੋਹਨ ਲਾਲ ਬੜੌਲੀ ਨੇ ਗਾਂਧੀ ਜਯੰਤੀ ਦੇ ਮੌਕੇ 'ਤੇ ਸੋਨੀਪਤ ਵਿੱਚ ਸੈਕਟਰ-15 ਸਥਿਤ ਆਪਣੇ ਨਿਵਾਸ 'ਤੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਅਤੇ ਭਾਰਤ ਰਤਨ ਅਤੇ ਪੂਰਬੀ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦੁਰ ਸ਼ਾਸਤਰੀ ਨੂੰ ਪੁਸ਼ਪਾਂਜਲੀ ਅਰਪਿਤ ਕੀਤੀ।

ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੇ ਸੱਚ, ਅਹਿੰਸਾ ਅਤੇ ਸਵੱਛਤਾ ਦਾ ਸੰਦੇਸ਼ ਦਿੱਤਾ, ਜਦੋਂ ਕਿ ਲਾਲ ਬਹਾਦੁਰ ਸ਼ਾਸਤਰੀ ਨੇ ਸਾਦਗੀ, ਇਮਾਨਦਾਰੀ ਅਤੇ ਰਾਸ਼ਟਰ ਸੇਵਾ ਦੇ ਆਦਰਸ਼ ਪੇਸ਼ ਕੀਤੇ। ਦੋਵਾਂ ਮਹਾਂਪੁਰਖਾਂ ਦਾ ਜੀਵਨ ਦੇਸ਼ਵਾਸੀਆਂ ਲਈ ਸਦਾ ਪ੍ਰੇਰਣਾਦਾਇਕ ਰਹੇਗਾ। ਇਸ ਤੋਂ ਬਾਅਦ ਸ੍ਰੀ ਮੋਹਨ ਲਾਲ ਬੜੌਲੀ ਨੇ ਸੈਕਟਰ-14 ਸਥਿਤ ਗਾਂਧੀ ਚੌਕ 'ਤੇ ਸਵੱਛਤਾ ਮੁਹਿੰਮ ਵਿੱਚ ਭਾਗ ਲਿਆ। ਨਗਰ ਨਿਗਮ ਮੇਅਰ ਸ੍ਰੀ ਰਾਜੀਵ ਜੈਨ ਵੀ ਉਨ੍ਹਾਂ ਦੇ ਨਾਲ ਰਹੇ।

ਸ੍ਰੀ ਬੜੌਲੀ ਨੇ ਕਿਹਾ ਕਿ ਸਵੱਛਤਾ ਸਿਰਫ਼ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਾਡੀ ਸਾਰਿਆਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਸਾਰੇ ਨਾਗਰਿਕ ਮਿਲ ਕੇ ਸੋਨੀਪਤ ਨੂੰ ਸਾਫ਼ ਅਤੇ ਸੋਹਣਾ ਬਣਾਉਣ ਵਿੱਚ ਆਪਣਾ ਯੋਗਦਾਨ ਦੇਣ।

ਇਸ ਤੋਂ ਉਪਰੰਤ ਸ੍ਰੀ ਬੜੌਲੀ ਨੇ ਪਿੰਡ ਹੁੱਲਾਹੇੜੀ ਸਥਿਤ ਸ਼ਹੀਦ ਸਮਾਰਕ ਪਾਰਕ ਵਿੱਚ ਮਿਆਜ਼ਾਕੀ ਅੰਬ ਦਾ ਪੌਦਾ ਲਗਾਇਆ। ਉਨ੍ਹਾਂ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਸੰਭਾਲ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ ਖਾਸ ਕਰਕੇ ਨਾਰਗੁੰਡੀ ਵਰਗੇ ਔਸ਼ਧੀ ਪੌਦੇ ਲਗਾਉਣ ਦੀ ਅਪੀਲ ਕੀਤੀ।

## ਹਰਿਆਣਾ ਦੀਆਂ ਸੜਕਾਂ ਨੂੰ ਹੋਰ ਬਿਹਤਰ, ਸੁਰੱਖਿਅਤ ਤੇ ਸੁਗਮ ਬਣਾਉਣ ਬਾਰੇ ਰਾਸ਼ਟਰੀ ਚਿੰਤਨ ਸ਼ਿਵਿਰ ਵਿੱਚ ਹੋਵੇਗਾ ਮੰਥਨ

**ਚੰਡੀਗੜ੍ਹ, 3 ਅਕਤੂਬਰ**
**-ਮਨੋਜ ਵਰਮਾ-**

ਹਰਿਆਣਾ ਵਿੱਚ ਸੜਕਾਂ ਨੂੰ ਹੋਰ ਬਿਹਤਰ, ਸੁਰੱਖਿਅਤ ਅਤੇ ਸੁਗਮ ਬਣਾਉਣ ਅਤੇ ਸੜਕ ਨਿਰਮਾਣ ਵਿੱਚ ਆਧੁਨਿਕ ਤਕਨੀਕ ਦੀ ਪ੍ਰਭਾਵੀ ਵਰਤੋਂ ਨੂੰ ਲੈ ਕੇ ਰਾਸ਼ਟਰੀ ਪੱਧਰ 'ਤੇ ਮੰਥਨ ਹੋਵੇਗਾ। ਹਰਿਆਣਾ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਗੁਜਰਾਤ ਦੇ ਏਕਤਾ ਨਗਰ, ਨਰਮਦਾ ਵਿੱਚ ਆਯੋਜਿਤ ਰਾਸ਼ਟਰੀ ਚਿੰਤਨ ਕੈਂਪ ਵਿੱਚ ਸ਼ਾਮਲ ਹੋਣਗੇ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਵੱਲੋਂ ਆਯੋਜਿਤ ਇਸ ਕੈਂਪ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ੍ਰੀ ਨਿਤਿਨ ਗਡਕਰੀ ਦੀ ਮੌਜੂਦਗੀ ਵਿੱਚ ਵੱਖ-ਵੱਖ ਰਾਜਾਂ ਦੇ ਸੜਕ ਅਤੇ ਰਾਜਮਾਰਗ ਵਿਭਾਗਾਂ ਦੇ ਮੰਤਰੀ ਅਤੇ ਸੀਨੀਅਰ ਅਧਿਕਾਰੀ ਹਿੱਸਾ ਲੈਣਗੇ।

ਸ੍ਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਚਿੰਤਨ ਕੈਂਪ ਵਿੱਚ ਵੱਖ-ਵੱਖ ਰਾਜਾਂ ਵਿੱਚ ਸੜਕ ਨਿਰਮਾਣ ਅਤੇ ਰੱਖ-ਰਖਾਅ ਦੇ ਖੇਤਰ ਵਿੱਚ ਅਪਣਾਈਆਂ ਜਾ ਰਹੀਆਂ ਨਵੀਆਂ ਤਕਨੀਕਾਂ, ਆਧੁਨਿਕ ਕਾਰਜ-ਪ੍ਰਣਾਲੀਆਂ ਅਤੇ ਸਫਲ ਪ੍ਰਯੋਗਾਂ 'ਤੇ ਚਰਚਾ ਕੀਤੀ ਜਾਵੇਗੀ। ਹਰਿਆਣਾ ਦੀਆਂ ਸੜਕ ਪ੍ਰੋਜੈਕਟਾਂ ਨਾਲ ਜੁੜੇ ਤਜ਼ਰਬਿਆਂ ਅਤੇ ਪ੍ਰੋਜੈਕਟਾਂ ਨੂੰ ਲਾਗੂ ਕਰਨ ਦੌਰਾਨ ਸਾਹਮਣੇ ਆਉਣ ਵਾਲੀਆਂ ਚੁਣੌਤੀਆਂ ਨੂੰ ਵੀ ਸਾਂਝਾ ਕੀਤਾ ਜਾਵੇਗਾ। ਇਸ ਦੇ ਨਾਲ ਹੀ, ਹੋਰ ਰਾਜਾਂ ਵਿੱਚ ਅਪਣਾਈਆਂ ਜਾ ਰਹੀਆਂ ਆਧੁਨਿਕ ਤਕਨੀਕਾਂ ਅਤੇ ਬਿਹਤਰ ਕਾਰਜ-ਪ੍ਰਣਾਲੀਆਂ ਦੀ ਜਾਣਕਾਰੀ ਲਈ ਜਾਵੇਗੀ, ਤਾਂ ਜੋ ਹਰਿਆਣਾ ਦੀਆਂ ਜ਼ਰੂਰਤਾਂ ਦੇ ਅਨੁਕੂਲ ਉਪਯੋਗੀ ਬਦਲਾਂ 'ਤੇ ਵਿਚਾਰ ਕੀਤਾ ਜਾ ਸਕੇ।

ਮੰਤਰੀ ਨੇ ਦੱਸਿਆ ਕਿ ਸ਼ਿਵਿਰ ਵਿੱਚ ਪ੍ਰਧਾਨ ਮੰਤਰੀ ਗਤੀ ਸ਼ਕਤੀ ਦੇ ਮਾਧਿਅਮ ਨਾਲ ਸੜਕ ਅਤੇ ਹੋਰ ਬੁਨਿਆਦੀ ਢਾਂਚੇ ਦੀ ਸੁਮੇਲ ਯੋਜਨਾ, ਵੱਖ-ਵੱਖ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਅਤੇ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਜਿਹੇ ਵਿਸ਼ਿਆਂ 'ਤੇ ਚਰਚਾ ਹੋਵੇਗੀ। ਆਮ ਲੋਕਾਂ ਦੀ ਸਹੂਲਤ ਲਈ ਸੜਕ ਪ੍ਰੋਜੈਕਟਾਂ ਦੀ ਪ੍ਰਕਿਰਿਆ ਨੂੰ ਸਰਲ ਅਤੇ ਤੇਜ਼ ਕਰਨ, ਜ਼ਮੀਨ ਪ੍ਰਾਪਤੀ, ਜ਼ਮੀਨ ਰਾਸ਼ੀ ਦੀ ਬਿਹਤਰ ਵਰਤੋਂ, ਪ੍ਰੋਜੈਕਟਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਮਾਡਲ ਸਮਝੌਤਿਆਂ ਅਤੇ ਸੁਰੱਖਿਅਤ ਰਾਜਮਾਰਗਾਂ ਨਾਲ ਜੁੜੇ ਵਿਸ਼ੇ ਵੀ ਚਰਚਾ ਦੇ ਕੇਂਦਰ ਵਿੱਚ ਰਹਿਣਗੇ।

ਉਨ੍ਹਾਂ ਕਿਹਾ ਕਿ ਸੜਕ ਨਿਰਮਾਣ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ, ਕੰਮਾਂ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਅਤੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ ਵਿੱਚ ਪੂਰਾ ਕਰਨ ਦੇ ਉਪਾਵਾਂ 'ਤੇ ਵੀ ਰਾਜਾਂ ਦੇ ਤਜ਼ਰਬੇ ਸਾਂਝੇ ਕੀਤੇ ਜਾਣਗੇ। ਕੇਂਦਰ ਅਤੇ ਰਾਜਾਂ ਵਿਚਕਾਰ ਬਿਹਤਰ ਤਾਲਮੇਲ ਦੇ ਮਾਧਿਅਮ ਨਾਲ ਸੜਕ ਪ੍ਰੋਜੈਕਟਾਂ ਨੂੰ ਗਤੀ ਦੇਣ ਦੇ ਉਪਾਵਾਂ 'ਤੇ ਵੀ ਵਿਚਾਰ-ਵਟਾਂਦਰਾ ਹੋਵੇਗਾ।

ਸ੍ਰੀ ਰਣਬੀਰ ਗੰਗਵਾ ਦੇ ਨਾਲ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ ਵੀ ਚਿੰਤਨ ਕੈਂਪ ਵਿੱਚ ਭਾਗ ਲੈਣਗੇ। ਅਧਿਕਾਰੀ ਹਰਿਆਣਾ ਵਿੱਚ ਸੜਕ ਪ੍ਰੋਜੈਕਟਾਂ ਨੂੰ ਲਾਗੂ ਕਰਨ ਨਾਲ ਜੁੜੇ ਤਜ਼ਰਬੇ ਸਾਂਝੇ ਕਰਨ ਦੇ ਨਾਲ-ਨਾਲ ਸੜਕ ਨਿਰਮਾਣ ਅਤੇ ਰੱਖ-ਰਖਾਅ ਵਿੱਚ ਵਰਤੀਆਂ ਜਾ ਰਹੀਆਂ ਨਵੀਆਂ ਤਕਨੀਕਾਂ ਅਤੇ ਆਧੁਨਿਕ ਕਾਰਜ-ਪ੍ਰਣਾਲੀਆਂ ਦੀ ਜਾਣਕਾਰੀ ਪ੍ਰਾਪਤ ਕਰਨਗੇ।

ਸ੍ਰੀ ਗੰਗਵਾ ਨੇ ਕਿਹਾ ਕਿ ਸੜਕਾਂ ਦਾ ਸਿੱਧਾ ਸਬੰਧ ਆਮ ਲੋਕਾਂ ਦੇ ਰੋਜ਼ਾਨਾ ਆਉਣ-ਜਾਣ ਨਾਲ ਹੈ। ਇਸ ਲਈ ਸੜਕਾਂ ਬਿਹਤਰ, ਸੁਰੱਖਿਅਤ ਅਤੇ ਸੁਗਮ ਹੋਣ ਅਤੇ ਲੋਕਾਂ ਨੂੰ ਆਉਣ-ਜਾਣ ਵਿੱਚ ਘੱਟ ਤੋਂ ਘੱਟ ਪ੍ਰੇਸ਼ਾਨੀ ਹੋਵੇ, ਇਸ ਲਈ ਨਵੀਆਂ ਤਕਨੀਕਾਂ ਅਤੇ ਬਿਹਤਰ ਬਦਲਾਂ 'ਤੇ ਨਿਰੰਤਰ ਵਿਚਾਰ ਕੀਤਾ ਜਾਣਾ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਚਿੰਤਨ ਕੈਂਪ ਵਿੱਚ ਸਾਹਮਣੇ ਆਉਣ ਵਾਲੇ ਤਜ਼ਰਬਿਆਂ ਅਤੇ ਤਕਨੀਕੀ ਜਾਣਕਾਰੀ ਦਾ ਹਰਿਆਣਾ ਦੀਆਂ ਜ਼ਰੂਰਤਾਂ ਦੇ ਅਨੁਕੂਲ ਅਧਿਐਨ ਕੀਤਾ ਜਾਵੇਗਾ ਅਤੇ ਪ੍ਰਦੇਸ਼ ਲਈ ਉਪਯੋਗੀ ਬਦਲਾਂ ਨੂੰ ਅਪਣਾਉਣ ਦੀਆਂ ਸੰਭਾਵਨਾਵਾਂ 'ਤੇ ਅੱਗੇ ਵਿਚਾਰ ਕੀਤਾ ਜਾਵੇਗਾ।

## ਗੁਰੂਗ੍ਰਾਮ ਵਿੱਚ 'ਜੀ.ਵੀ.ਪੀ. ਮੁਕਤ ਅਭਿਆਨ' ਦੀ ਸ਼ੁਰੂਆਤ, 10 ਦਿਨਾਂ ਵਿੱਚ 21 ਕਚਰਾ ਸੰਵੇਦਨਸ਼ੀਲ ਬਿੰਦੂਆਂ ਨੂੰ ਸਾਫ਼ ਕਰਨ ਦਾ ਟੀਚਾ

### ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ ਸਥਿਤ ਜੀ.ਵੀ.ਪੀ. ਮੁਕਤ ਸਥਲ ਦਾ ਕੀਤਾ ਨਿਰੀਖਣ, 11 ਅਕਤੂਬਰ ਤੱਕ ਚੱਲੇਗੀ ਵਿਸ਼ੇਸ਼ ਮੁਹਿੰਮ, ਨਾਗਰਿਕਾਂ ਨੂੰ ਸਰਗਰਮ ਭਾਗੀਦਾਰੀ ਦੀ ਅਪੀਲ

**ਚੰਡੀਗੜ੍ਹ, 3 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਵਿੱਚ 17 ਸਤੰਬਰ ਤੋਂ ਚੱਲ ਰਹੀ ਸੇਵਾ ਸੰਕਲਪ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਮਹਾਤਮਾ ਗਾਂਧੀ ਜਯੰਤੀ ਦੇ ਮੌਕੇ 'ਤੇ ਸਵੱਛਤਾ ਹੀ ਸੇਵਾ 2026 ਤਹਿਤ ਨਗਰ ਨਿਗਮ ਗੁਰੂਗ੍ਰਾਮ ਵੱਲੋਂ 'ਜੀ.ਵੀ.ਪੀ. ਮੁਕਤ ਮੁਹਿੰਮ' ਦੀ ਸ਼ੁਰੂਆਤ ਗੁਰੂਗ੍ਰਾਮ ਤੋਂ ਕੀਤੀ ਗਈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮਹਿਰੌਲੀ ਰੋਡ 'ਤੇ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਨਗਰ ਨਿਗਮ ਗੁਰੂਗ੍ਰਾਮ ਵੱਲੋਂ ਵਿਕਸਿਤ ਕੀਤੇ ਗਏ ਜੀ.ਵੀ.ਪੀ. ਮੁਕਤ ਸਥਲ ਦਾ ਨਿਰੀਖਣ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ।

**ਮੁੱਖ ਮੰਤਰੀ ਨੇ ਦਿੱਤਾ ਸਵੱਛਤਾ ਵਿੱਚ ਜਨ ਭਾਗੀਦਾਰੀ ਦਾ ਸੰਦੇਸ਼**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਦੇਸ਼ ਵਿੱਚ ਸਵੱਛਤਾ ਨੂੰ ਸਿਰਫ਼ ਸਰਕਾਰੀ ਪ੍ਰਬੰਧ ਤੱਕ ਸੀਮਤ ਨਾ ਰੱਖਦਿਆਂ ਨਾਗਰਿਕਾਂ ਦੀ ਭਾਗੀਦਾਰੀ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਪ੍ਰਬੰਧ ਅਤੇ ਸਹੂਲਤਾਂ ਉਪਲਬਧ ਕਰਵਾ ਸਕਦੀ ਹੈ ਅਤੇ ਆਧੁਨਿਕ ਤਕਨੀਕ ਤੇ ਸਾਧਨਾਂ ਦੀ ਵਰਤੋਂ ਕਰ ਸਕਦੀ ਹੈ, ਪਰ ਘਰਾਂ ਅਤੇ ਸੰਸਥਾਵਾਂ ਤੋਂ ਨਿਕਲਣ ਵਾਲੇ ਕਚਰੇ ਨੂੰ ਵੱਖ-ਵੱਖ ਰੱਖਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਸਰਕਾਰੀ ਪ੍ਰਬੰਧ, ਆਧੁਨਿਕ ਤਕਨੀਕ ਅਤੇ ਜਨਤਾ ਦੀ ਭਾਗੀਦਾਰੀ ਨੂੰ ਸਵੱਛਤਾ ਮੁਹਿੰਮ ਦੇ ਤਿੰਨ ਅਹਿਮ ਪੱਖਾਂ ਵਜੋਂ ਦੱਸਿਆ ਅਤੇ ਕਿਹਾ ਕਿ ਇਸ ਦਾ ਉਦੇਸ਼ ਸਵੱਛਤਾ ਮੁਹਿੰਮ ਨੂੰ ਜਨ ਭਾਗੀਦਾਰੀ ਰਾਹੀਂ ਇੱਕ ਵਿਆਪਕ ਨਾਗਰਿਕ ਮੁਹਿੰਮ ਦਾ ਰੂਪ ਦੇਣਾ ਹੈ।

**ਕਚਰਾ ਵੱਖ-ਵੱਖ ਰੱਖੋ, ਖੁੱਲ੍ਹੇ ਵਿੱਚ ਨਾ ਸੁੱਟੋ**

ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਖੁੱਲ੍ਹੇ ਵਿੱਚ ਕਚਰਾ ਨਾ ਸੁੱਟੋ, ਘਰ ਵਿੱਚ ਕਚਰੇ ਨੂੰ ਅੱਡ-ਅੱਡ ਰੱਖੋ ਅਤੇ ਸਿਰਫ਼ ਅਧਿਕਾਰਤ ਕਚਰਾ-ਵਾਹਨ ਨੂੰ ਹੀ ਕਚਰਾ ਦਿਓ। ਜੀ.ਵੀ.ਪੀ.ਮੁਕਤ ਮੁਹਿੰਮ ਦਾ ਉਦੇਸ਼ ਸਿਰਫ਼ ਇੱਕ ਵਾਰ ਸਫ਼ਾਈ ਕਰਨਾ ਨਹੀਂ, ਸਗੋਂ ਚਿੰਨ੍ਹਿਤ ਥਾਵਾਂ 'ਤੇ ਦੁਬਾਰਾ ਕਚਰਾ ਜਮ੍ਹਾ ਨਾ ਹੋਵੇ, ਇਸ ਲਈ ਨਾਗਰਿਕਾਂ ਵਿੱਚ ਜ਼ਿੰਮੇਵਾਰ ਵਿਵਹਾਰ ਨੂੰ ਉਤਸ਼ਾਹਿਤ ਕਰਨਾ ਵੀ ਹੈ।

**10 ਦਿਨ, 21 ਕਚਰਾ ਸੰਵੇਦਨਸ਼ੀਲ ਬਿੰਦੂ ਅਤੇ ਇੱਕ ਸਾਫ਼-ਸੁਥਰਾ ਗੁਰੂਗ੍ਰਾਮ**

ਨਗਰ ਨਿਗਮ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਅਨੁਸਾਰ ਜੀ.ਵੀ.ਪੀ. ਮੁਕਤ ਮੁਹਿੰਮ 11 ਅਕਤੂਬਰ ਤੱਕ ਚੱਲੇਗੀ। ਮੁਹਿੰਮ ਤਹਿਤ ਸ਼ਹਿਰ ਦੇ ਚਿੰਨ੍ਹਿਤ 21 ਗਾਰਬੇਜ ਵਰਨੇਬਲ ਪੁਆਇੰਟਸ (ਜੀ.ਵੀ.ਪੀ.) 'ਤੇ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾ ਕੇ ਉਨ੍ਹਾਂ ਨੂੰ ਸਾਫ਼ ਅਤੇ ਬਿਹਤਰ ਜਨਤਕ ਸਥਲਾਂ ਵਿੱਚ ਬਦਲਣ ਦਾ ਕੰਮ ਕੀਤਾ ਜਾਵੇਗਾ। ਮੁਹਿੰਮ ਦਾ ਸੰਦੇਸ਼ 10 ਦਿਨ - 21 ਕਚਰਾ ਬਿੰਦੂ - ਇੱਕ ਗੁਰੂਗ੍ਰਾਮ ਹੈ। ਮੁੱਖ ਮੰਤਰੀ ਨੇ ਨਾਗਰਿਕਾਂ ਨੂੰ ਵੀ ਮੁਹਿੰਮ ਨਾਲ ਜੁੜਨ ਅਤੇ ਆਪਣੇ ਖੇਤਰ ਦੇ ਜੀ.ਵੀ.ਪੀ. ਨੂੰ ਸਾਫ਼ ਰੱਖਣ ਵਿੱਚ ਸ਼੍ਰਮਦਾਨ ਅਤੇ ਸਹਿਯੋਗ ਕਰਨ ਲਈ ਸੱਦਾ ਦਿੱਤਾ।

**ਵੱਖ-ਵੱਖ ਖੇਤਰਾਂ ਵਿੱਚ ਚੱਲੇਗੀ ਵਿਸ਼ੇਸ਼ ਸਫ਼ਾਈ ਮੁਹਿੰਮ**

ਮੁਹਿੰਮ ਪ੍ਰੋਗਰਾਮ ਅਨੁਸਾਰ 3 ਅਕਤੂਬਰ ਨੂੰ ਡੀ.ਐਚ.ਬੀ.ਵੀ.ਐਨ. ਕਲੋਨੀ ਦੇ ਕੋਲ ਅਤੇ ਸਰਹੋਲ ਵਿੱਚ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਤੋਂ ਬਾਅਦ ਟਿਕਰੀ ਅਤੇ ਸੈਕਟਰ 18, ਅਰਬਾਨਾ ਮਾਲ ਅਤੇ ਸੁਭਾਸ਼ ਚੌਕ, 5 ਅਕਤੂਬਰ ਨੂੰ ਪੇਸ ਸਿਟੀ-1 ਅਤੇ ਗਊਸ਼ਾਲਾ ਮੈਦਾਨ, ਜਦੋਂ ਕਿ ਪੇਸ ਸਿਟੀ ਅਤੇ ਸਿੰਘਾ ਚੌਕ ਵਿੱਚ ਵਿਸ਼ੇਸ਼ ਸਫ਼ਾਈ ਗਤੀਵਿਧੀਆਂ ਪ੍ਰਸਤਾਵਿਤ ਹਨ। ਇਸੇ ਤਰ੍ਹਾਂ 7 ਤੋਂ 11 ਅਕਤੂਬਰ ਤੱਕ ਕ੍ਰਿਸ਼ਨਾ ਕਲੋਨੀ, ਮੇਗਾਪੋਲਿਸ ਮਾਲ ਦੇ ਕੋਲ, ਇੰਡੀਅਨ ਗੈਸ ਦੇ ਕੋਲ, ਘਾਟਾ, ਬੰਜਾਰਾ ਮਾਰਕੀਟ, ਸੈਕਟਰ 37, ਮੁਹੰਮਦ ਹੇੜੀ ਰੋਡ, ਦੌਲਤਾਬਾਦ ਰੋਡ, ਸੈਕਟਰ 39 ਅਤੇ ਉੱਲਾਵਾਸ ਸਮੇਤ ਹੋਰ ਚਿੰਨ੍ਹਿਤ ਥਾਵਾਂ 'ਤੇ ਮੁਹਿੰਮ ਚਲਾਈ ਜਾਵੇਗੀ।

**ਕਚਰਾ ਬਿੰਦੂ ਨੂੰ ਸੋਹਣਾ ਬਿੰਦੂ ਬਣਾਉਣ ਵਿੱਚ ਸਾਥ ਦਿਓ**

ਨਗਰ ਨਿਗਮ ਗੁਰੂਗ੍ਰਾਮ ਵੱਲੋਂ ਆਰ.ਡਬਲਯੂ.ਏ., ਦੁਕਾਨਦਾਰਾਂ, ਸਕੂਲਾਂ, ਨੌਜਵਾਨਾਂ ਅਤੇ ਸਥਾਨਕ ਨਾਗਰਿਕਾਂ ਨੂੰ ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਦੀ ਅਪੀਲ ਕੀਤੀ ਗਈ ਹੈ। ਨਾਗਰਿਕ ਆਪਣੇ ਖੇਤਰ ਦੀ ਮੁਹਿੰਮ ਵਿੱਚ ਪਹੁੰਚ ਕੇ ਸ਼੍ਰਮਦਾਨ ਕਰਨ ਅਤੇ ਸਵੱਛਤਾ ਦੇ ਸੰਦੇਸ਼ ਨੂੰ ਅੱਗੇ ਵਧਾਉਣ ਵਿੱਚ ਸਹਿਯੋਗ ਕਰਨ। ਮੁਹਿੰਮ ਦਾ ਮੂਲ ਸੰਦੇਸ਼ ਕਚਰਾ ਬਿੰਦੂ ਨੂੰ ਸੋਹਣਾ ਬਿੰਦੂ ਬਣਾਉਣਾ ਅਤੇ ਸਵੱਛਤਾ ਨੂੰ ਨਾਗਰਿਕ ਆਦਤ ਦਾ ਹਿੱਸਾ ਬਣਾਉਣਾ ਹੈ। ਪ੍ਰੋਗਰਾਮ ਵਿੱਚ ਨੁੱਕੜ ਨਾਟਕ ਕਲਾਕਾਰਾਂ ਨੇ ਆਪਣੀ ਪੇਸ਼ਕਾਰੀ ਰਾਹੀਂ ਸਵੱਛਤਾ ਬਣਾਈ ਰੱਖਣ ਅਤੇ ਕਚਰਾ ਅੱਡ-ਅੱਡ ਕਰਨ ਦਾ ਸੰਦੇਸ਼ ਦਿੱਤਾ। ਮੁੱਖ ਮੰਤਰੀ ਦੇ ਨਾਲ ਮੌਜੂਦ ਸਾਰੇ ਲੋਕਾਂ ਨੇ ਸਵੱਛਤਾ ਦੀ ਸਹੁੰ ਚੁੱਕੀ।





